A1 Roofing & Siding Ltd.
• ROOFING • SIDING • SOFFIT • STUCCO • HARDIE • FASCIA • EAVESTROUGH
ਘਰਾਂ ਦੀਆਂ ਛੱਤਾਂ ਅਤੇ ਸਾਈਡਿੰਗ, ਸਟੱਕੋ ਦਾ ਤਸੱਲੀਬਖ਼ਸ਼ ਕੰਮ ਕਰਵਾਓ
Jaswinder 403-614-2094 Harwinder 403-402-5615

The Punjabi Newspaper
ਪੰਜਾਬੀਅਤ ਦਾ ਪਰਚਮ
ਪੰਜਾਬੀ ਅਖ਼ਬਾਰ
Punjabi Akhbaar
ਮੁੱਖ ਸੰਪਾਦਕ: ਹਰਬੰਸ ਬੁੱਟਰ 403 640 2000
Edmonton : 780 599 2000 I Regina/Saskatoon : 639 999 1000 : Winnipeg 431 733 3000
Chief Editor : Harbans Buttar

Look & Find your dream home with
MANJIT JASWAL REALTOR®
THE NAME YOU CAN TRUST FOR YOUR ALL BUYING & SELLING REAL ESTATE NEEDS
CENTURY 21 Bravo Realty
403.861.2253

Vol: 9 No: 198 Website : www.punjabiakhbaar.ca Emaiĺ: editor@punjabiakhbaar.ca Friday, 17 June 2022

# ਕਨੇਡੀਅਨ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੂੰ ਹੁਣ ਫਿਰ ਕੋਰੋਨਾ ਹੋ ਗਿਆ ਹੈ




ਔਟਵਾ (ਪੰਜਾਬੀ ਅਖ਼ਬਾਰ ਬਿਊਰੋ) ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਆਖਿਆ ਹੈ ਕਿ ਉਹ ਇੱਕ ਵਾਰ ਫੇਰ ਤੋਂ ਕੋਰੋਨਾ ਪੌਜਿਟਿਵ ਹੋ ਗਏ ਹਨ । ਇੱਕ ਟਵੀਟ ਰਾਹੀਂ ਇਹ ਜਾਣਕਾਰੀ ਸਾਂਝੀ ਕਰਦਿਆਂ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਆਖਿਆ ਕਿ ਕੋਰੋਨਾ ਪੌਜੇਟਿਵ ਹੋਣ ਉਪਰੰਤ ਉਹ ਹੁਣ ਪਬਲਿਕ ਹੈਲਥ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਹੋਇਆਂ ਇਕਾਂਤਵਾਸ ਵਿੱਚ ਚਲੇ ਗਏ ਹਨ। ਉਨ੍ਹਾਂ ਆਖਿਆ ਕਿ ਮੈਂ ਬਿਲਕੁਲ ਤੰਦਰੁਸਤ ਮਹਿਸੂਸ ਕਰ ਰਿਹਾ ਹਾਂ ਅਤੇ ਇਹ ਇਸ ਕਰਕੇ ਹੈ ਕਿਉਂਕਿ ਮੈਂ ਕਰੋਨਾ ਵੈਕਸੀਨ ਦੀਆਂ ਡੋਜ਼ ਲਈਆਂ ਹੋਈਆਂ ਹਨ । ਇਸ ਦੇ ਨਾਲ ਹੀ ਉਨ੍ਹਾਂ ਦੇਸ਼ ਦੇ ਲੋਕਾਂ ਨੂੰ ਸੰਬੋਧਨ ਕਰਦਿਆਂ ਆਖਿਆ ਕਿ ਜੇਕਰ ਤੁਸੀਂ ਅਜੇ ਤੱਕ ਕੋਰੋਨਾ ਵੈਕਸੀਨ ਦੀ ਡੋਜ਼ ਨਹੀਂ ਲਈ ਤਾਂ ਲੈ ਲਵੋ ਤੇ ਜੇਕਰ ਹੋ ਸਕਦਾ ਹੈ ਤਾਂ ਬੂਸਟਰ ਡੋਜ਼ ਵੀ ਲਗਵਾ ਲਓ। ਵਰਨਣਯੋਗ ਹੈ ਕਿ ਜਸਟਿਨ ਟਰੂਡੋ ਪਿਛਲੇ ਹਫ਼ਤੇ ਲਾਸ ਏਂਜਲਸ ਵਿੱਚ ਹੋਏ ਅਮਰੀਕਨ ਸੰਮੇਲਨ ਵਿੱਚ ਹਿੱਸਾ ਲੈਣਗੇ ਸਨ ਜਿੱਥੇ ਉਹ ਰਾਸ਼ਟਰਪਤੀ ਜੋਅ ਬਾਇਡੇਨ ਸਮੇਤ ਦੁਨੀਆਂ ਦੇ ਵੱਖ ਵੱਖ ਆਗੂਆਂ ਨੂੰ ਮਿਲੇ ਸਨ । ਉੱਥੇ ਹੀ ਪੁੱਛੇ ਗਏ ਇੱਕ ਸਵਾਲ ਦੇ ਜਵਾਬ ਵਿੱਚ ਜਸਟਿਨ ਟਰੂਡੋ ਨੇ ਆਖਿਆ ਸੀ ਕਿ ਕਰੋਨਾ ਮਹਾਂਮਾਰੀ ਅਜੇ ਪੂਰੀ ਤਰ੍ਹਾਂ ਖ਼ਤਮ ਨਹੀਂ ਹੋਈ ਜਿਸ ਦਾ ਪਤਾ ਹਸਪਤਾਲਾਂ ਵਿੱਚ ਵਧ ਰਹੀ ਮਰੀਜ਼ਾਂ ਦੀ ਗਿਣਤੀ ਤੋਂ ਲੱਗਦਾ ਹੈ ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਪ੍ਰਧਾਨ ਮੰਤਰੀ ਟਰੂਡੋ ਮਾਰਚ 2020 ਅਤੇ ਦਸੰਬਰ 2021 ਵਿੱਚ ਕੋਰੋਨਾ ਪਾਜ਼ਿਟਿਵ ਹੋ ਚੁੱਕੇ ਹਨ । ਕੋਰੋਨਾ ਮਹਾਮਾਰੀ ਕਾਰਨ ਵੱਖ ਵੱਖ ਖੇਤਰਾਂ ਵਿੱਚ ਇਸ ਦਾ ਅਸਰ ਅਜੇ ਵੀ ਜਾਰੀ ਹੈ ਜੇਕਰ ਕੈਨੇਡਾ ਦੇ ਬਲੱਡ ਸਰਵਿਸ ਦੀ ਗੱਲ ਕੀਤੀ ਜਾਵੇ ਤਾਂ ਦੇਸ਼ ਭਰ ਵਿੱਚ ਖ਼ੂਨ ਦੀ ਕਮੀ ਨਾਲ ਜੂਝਣਾ ਪੈ ਰਿਹਾ ਹੈ। ਜਾਰੀ ਕੀਤੇ ਗਏ ਅੰਕੜਿਆਂ ਅਨੁਸਾਰ ਮਹਾਂਮਾਰੀ ਸ਼ੁਰੂ ਹੋਣ ਤੋਂ ਬਾਅਦ ਹੁਣ ਤੱਕ ਖ਼ੂਨਦਾਨੀਆਂ ਦੀ ਗਿਣਤੀ ਵਿੱਚ 31000 ਤੋਂ ਜ਼ਿਆਦਾ ਦੀ ਕਮੀ ਦਰਜ ਕੀਤੀ ਗਈ ਹੈ ।

# ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅਗਨੀਪਥ ਯੋਜਨਾ ਦਾ ਕੀਤਾ ਐਲਾਨ, ਫੌਜ 'ਚ ਚਾਰ ਸਾਲ ਲਈ ਭਰਤੀ ਹੋਣਗੇ ਨੌਜਵਾਨ



ਨਵੀਂ ਦਿੱਲੀ (ਪੰਜਾਬੀ ਅਖਬਾਰ ਬਿਊਰੋ)– ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਮੰਗਲਵਾਰ ਨੂੰ 'ਅਗਨੀਪਥ ਭਰਤੀ ਯੋਜਨਾ' ਦਾ ਐਲਾਨ ਕੀਤਾ। ਉਨ੍ਹਾਂ ਦੇ ਨਾਲ ਤਿੰਨਾਂ ਸੈਨਾਵਾਂ ਦੇ ਮੁਖੀ ਅਤੇ ਫੌਜੀ ਮਾਮਲਿਆਂ ਦੇ ਵਿਭਾਗ ਦੇ ਵਧੀਕ ਸਕੱਤਰ ਲੈਫਟੀਨੈਂਟ ਜਨਰਲ ਅਨਿਲ ਪੁਰੀ ਵੀ ਮੌਜੂਦ ਸਨ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਕਿ ਅਗਨੀਪਥ ਭਰਤੀ ਯੋਜਨਾ ਤਹਿਤ ਨੌਜਵਾਨਾਂ ਨੂੰ 4 ਸਾਲ ਲਈ ਫੌਜ ਵਿੱਚ ਭਰਤੀ ਕੀਤਾ ਜਾਵੇਗਾ। ਉਨ੍ਹਾਂ ਨੂੰ ਅਗਨੀਵੀਰ ਸੈਨਿਕ ਕਿਹਾ ਜਾਵੇਗਾ। ਇਸ ਦੇ ਨਾਲ, ਉਨ੍ਹਾਂ ਨੂੰ ਸੇਵਾ ਦੀ ਮਿਆਦ ਦੇ ਅੰਤ 'ਤੇ ਸੇਵਾ ਫੰਡ ਪੈਕੇਜ ਮਿਲੇਗਾ। ਇਸ ਸਕੀਮ ਤਹਿਤ ਭਰਤੀ ਕੀਤੇ ਗਏ 75 ਫੀਸਦੀ ਅਗਨੀਵੀਰ ਸਿਪਾਹੀਆਂ ਨੂੰ 4 ਸਾਲਾਂ ਬਾਅਦ ਬਰਖਾਸਤ ਕਰ ਦਿੱਤਾ ਜਾਵੇਗਾ, ਬਾਕੀ 25 ਫੀਸਦੀ ਸਭ ਤੋਂ ਵੱਧ ਪ੍ਰਤਿਭਾਸ਼ਾਲੀ ਨੌਜਵਾਨਾਂ ਨੂੰ ਫੋਰਸਾਂ ਦੁਆਰਾ ਬਰਕਰਾਰ ਰੱਖਿਆ ਜਾਵੇਗਾ। ਇਸ ਲਈ 17.5 ਸਾਲ ਤੋਂ 21 ਸਾਲ ਦੀ ਉਮਰ ਦੇ ਨੌਜਵਾਨ ਅਪਲਾਈ ਕਰ ਸਕਣਗੇ। ਉਨ੍ਹਾਂ ਦੀ ਸਿਖਲਾਈ 10 ਹਫ਼ਤਿਆਂ ਤੋਂ 6 ਮਹੀਨੇ ਤੱਕ ਹੋਵੇਗੀ। 10/12ਵੀਂ ਦੇ ਵਿਦਿਆਰਥੀ ਅਪਲਾਈ ਕਰ ਸਕਣਗੇ। 10ਵੀਂ ਤੋਂ ਬਾਅਦ ਭਰਤੀ ਹੋਣ ਵਾਲੇ ਨੌਜਵਾਨਾਂ ਨੂੰ ਫੌਜ ਵੱਲੋਂ 12ਵੀਂ ਦਾ ਸਰਟੀਫਿਕੇਟ ਦਿੱਤਾ ਜਾਵੇਗਾ।

CORNER HAVEN
Most affordable living in Cornerstone.
Townhomes ranging from 1412 and 1520 sq. ft. with 3 bedrooms, double car garage, den, flex-room, and private entry!
TOWNHOMES FROM $400'S*
Visit the Cornerhaven Presentation Centre at 28 Corner Meadows Manor NE or call 403-536-2324
CORNERHAVEN.COM
* Pricing includes house and GST. Subject to change without notice. Conditions Apply. See Area Manager for details.

Great, Professionally Trained Agents on your side
(403) 400-0000
Contact one of our realtors to get the results you want
ESTATEVIEW™
Real Estate & Property Management
Homes, Appartments, Commercial Bays, Businesses, Condos & Condo Corporations
Rabinder Gill

INVISALIGN & BRACES
ਇਨਵਿਜਅਲਾਇਨ ਅਤੇ ਬ੍ਰੇਸਿਸ
In House Orthodontist Available
$50 / Week
OUR SERVICES
VENEERS, CROWNS
NIGHT GUARDS
KIDS DENTISTRY
LIP FILLER AND BOTOX
TREAT HALITOSIS (BAD BREATH CARE)
TEETH WHITENING
GRINDING APPLIANCES
GENERAL DENTISTRY
EXTRACTIONS & WISDOM TEETH REMOVAL
SPORTS DENTAL APPLIANCES
All the DENTAL treatments except ortho are treated by General Dentist. DR. KHATTRA & ASSOCIATES
OUR DENTAL FEES ARE LOWER THAN ALBERTA FEE GUIDE
DENTURES ਡੈਂਚਰ In House Denturist Available
For your denture services book your free consult.
REDSTONE Smiles DENTAL
We speak Continense, Mandarin, Vietnamese, Tagalog, Arabic, Urdu, Punjabi and Hindi in addition to English.
✓WE ACCEPT ALL INSURANCES ✓FINANCING AVAILABLE
✓DIRECT BILLING TO INSURANCE ✓NO OBLIGATION CONSULT
587-356-0555
DR. KHATTRA & ASSOCIATES info@redstonesmilesdental.com
#130-630 Redstone Dr NE, Calgary, AB T3N 1B6

HEAD OFFICE
#209, 3825 34st NE Calgary AB T1Y 6Z8
#201, 1124 Albert St Regina SK S4R 2R1
CORP. OFFICE
283 Baywater Way SW, Airdrie, AB T4B 3V6
JHH TRANSPORT
JHH TRANSPORT LTD.
MORE THAN TRANSPORT
GURSHARAN SINGH JASSAR
306-203-9805 WWW.JHHCALGARY.COM JHHCALGARY@GMAIL.COM

ਇਸ ਜਗ੍ਹਾ ਤੁਸੀਂ ਆਪਣੇ ਬਿਜਨਸ ਦੀ ਐਡ ਕਰ ਸਕਦੇ ਹੋ।

AERO SIGN & PRINT INC.
RELIABLE AND AFFORDABLE
www.aerosign.ca
WHOLESALE CHANNEL LETTERS, LAWN SIGNS & PRINTING
403.764.7000
Email: sales@aerosign.ca 4852 50 Ave NE , Calgary, AB T3J 4L8

ਘਰ ਅੰਦਰ ਕਾਰਪਿਟ ਇਕੱਲੀ ਫਰਸ਼ ਨਾਲ ਹੀ ਨਹੀਂ ਜੁੜੀ ਹੁੰਦੀ
ਸਗੋਂ ਤੁਹਾਡੀ ਜ਼ਿੰਦਗੀ ਦੇ ਹਰ ਪਲ ਨਾਲ ਵੀ ਜੁੜੀ ਹੁੰਦੀ ਐ
CARPET EMPIRE
ਘਰ ਅੰਦਰ ਜ਼ਿੰਦਗੀ ਦੇ ਵਾਸੇ ਲਈ ਕਾਰਪਿਟ ਅੰਪਾਇਰ ਕੈਲਗਰੀ ਆਓ ਫਿਰ ਦੇਖਿਓ ਜ਼ਿੰਦਗੀ ਦੇ ਰੰਗ
BEST PRODUCTS BEST PRICE
CARPET, HARDWOOD, LAMINATE, TILES, VINYL PLANKS, CARPET TILES & LINO
Kam: 403 991 0074
Office: 403 510 1515
2935 19 St NE Calgary(AB) T2E7A2
sales@carpetempire.ca www.carpetempire.ca

SHORY LAW
Est. 1998
NO CLIENT IS TOO SMALL, NO MATTER TOO BIG
FOLLOW US @SHORYLAW
WWW.SHORYLAW.COM
• IMMIGRATION LAW
• CRIMINAL LAW
• FAMILY LAW
• REAL ESTATE LAW
• CIVIL LITIGATION
ਕਨੇਡੀਅਨ ਸਰਕਾਰ ਵਿੱਚ ਦੋ ਵਾਰ ਐਮ ਪੀ ਅਤੇ ਇੰਮੀਗ੍ਰੇਸ਼ਨ ਕਮੇਟੀ ਦੇ ਮੈਂਬਰ ਰਹੇ ਦਵਿੰਦਰ ਸ਼ੋਰੀ ਕੋਲੋਂ ਸੇਵਾਵਾਂ ਲੈਣ ਲਈ ਸੰਪਰਕ ਕਰੋ
403-216-1199
CONTACT@SHORYLAW.COM
220-4851 WESTWINDS DRIVE NE CALGARY, AB T3J 4L4

# ਤੁਸੀਂ ਆਪਣਾ ਸਹੀ ਘਰ ਕਾਪਰਸਟੋਨ ਵਿੱਚ ਲੱਭ ਸਕਦੇ ਹੋ

## ਸਿੰਗਲ ਫੈਮਿਲੀ ਹੋਮ ਅਤੇ ਟਾਉਨਹੋਮ ਵਿੱਚੋਂ ਚੁਣੋ

**ਕਾਪਰਸਟੋਨ,** ਵੈਸਟਾ ਪ੍ਰਾਪਰਟੀ ਦੁਆਰਾ ਡਿਜ਼ਾਇਨ ਅਤੇ ਨਿਰਮਾਣ ਕੀਤਾ ਗਿਆ 70 ਏਕੜ ਦਾ ਮਾਸਟਰ-ਯੋਜਨਾਬੱਧ ਭਾਈਚਾਰਾ ਹੈ। 448 ਨਵੇਂ ਵੱਖੋ ਵੱਖ ਡਿਜਾਇਨਾ ਵਾਲੇ ਘਰਾਂ ਦੀ ਲੜੀ ਸਮੇਤ ਵਾਕ ਵੇਓ ਉਤੇ ਹਰਿਆਲੀ ਵਾਲੇ ਖੇਤਰ ਨੂੰ ਨਾਮਵਰ ਬਿਲਡਰ 32 ਸਾਲਾਂ ਦੇ ਤਜ਼ਰਬੇ ਦੇ ਨਾਲ ਤਿਆਰ ਕਰ ਰਹੇ ਹਨ।

ਜੇਕਰ ਤੁਸੀਂ ਕੈਲਗਰੀ ਵਿੱਚ ਨਵੇਂ ਸਿੰਗਲ ਫੈਮਿਲੀ ਹੋਮ ਜਾਂ ਨਵੇਂ ਟਾਊਨਹੋਮ ਦੀ ਭਾਲ ਕਰ ਰਹੇ ਹੋ ਤਾਂ ਕਾਪਰਸਟੋਨ ਦੇ ਫ਼ਲੋਰਪਲੈਨ ਸਭ ਲਈ ਹਨ। ਸਾਡੇ ਉੱਚ-ਪੱਧਰੀ ਆਲੀਸ਼ਾਨ ਅੰਦਰੂਨੀ ਬਣਤਰ ਵਾਲੇ ਘਰ ਕੈਲਗਰੀ ਵਿੱਚ ਤੁਹਾਨੂੰ ਸੱਦ ਰਹੇ ਹਨ






### ਐਵਾਰਡ ਜੇਤੂ ਟਾਊਨਹੋਮਜ਼

- 1,380 -1,885 sq.ft.
- 2 ਅਤੇ 3 ਬੈੱਡ ਰੂਮ + ਫਲੈਕਸ ਰੂਮ
- ਡਬਲ ਕਾਰ ਗੈਰਾਜ
- ਸਰਦੀਆਂ ਤੋਂ ਪਹਿਲਾਂ ਮੂਵ ਹੋਵੋ

**Starting from low $400**




### ਲਗਜ਼ਰੀ ਅਸਟੇਟ ਸਿੰਗਲ ਫੈਮਿਲੀ ਹੋਮਜ਼

- 2,508 -2,934 sq.ft.
- 3 ਜਾਂ 4 ਬੈੱਡਰੂਮ + ਬੋਨਸ ਰੂਮ
- ਡਬਲ ਕਾਰ ਗੈਰਾਜ
- ਵਾਕ ਆਉਟ ਵੇਸਮੈਂਟ ਸੂਈਟ
- **ਕੀਮਤਾਂ ਜਾਨਣ ਲਈ ਸੇਲਜ਼ ਟੀਮ ਨਾਲ ਸੰਪਰਕ ਕਰੋ**




### ਮਾਡਰਨ ਸਿੰਗਲ ਫੈਮਿਲੀ ਹੋਮਜ਼

- 2,015 -2,344 sq.ft.
- 3 ਜਾਂ 4 ਬੈੱਡਰੂਮ +ਆਫਿਸ
- ਡਬਲ ਕਾਰ ਗੈਰਾਜ
- ਲੀਗਲ ਵੇਸਮੈਂਟ ਸੂਈਟ ਦੀ ਆਪਸ਼ਨ

**ਕੀਮਤਾਂ ਜਾਨਣ ਲਈ ਸੇਲਜ਼ ਟੀਮ ਨਾਲ ਸੰਪਰਕ ਕਰੋ**

COPPERSTONE AT COPPERFIELD

**587.352.4266**
**COPPERSTONELIVING.COM**

SHOWHOMES & SALES CENTRE
1233 Copperfield Blvd SE,
Calgary, AB T2Z 5G1

Monday - Wednesday : 2 - 8 PM
Sat, Sun & Holidays: 12 - 5 PM
Thursday & Friday: by appointment

VESTA PROPERTIES

Rendering, price and availability are subject to change without notice. E. & O.E.

# ਕੈਲਗਰੀ ਵਿੱਚ ਗਾਉਣ ਵਾਲਿਆਂ ਦਾ ਮੇਲਾ 3 ਜੁਲਾਈ ਨੂੰ ਲੱਗੇਗਾ

## ਲੋਕ ਗਾਇਕ ਗਿੱਲ ਹਰਦੀਪ, ਗੁਵਿੰਦਰ ਬਰਾੜ, ਸੁਖਦੀਪ ਗਰੇਵਾਲ, ਸਿੰਘਾ, ਅਮਰ ਸੈਂਭੀ,ਅਤੇ ਨਿੰਜਾ ਆਪਣੀ ਕਲਾ ਦੇ ਜੌਹਰ ਦਿਖਾਉਣਗੇ।

ਕੈਲਗਰੀ (ਪੰਜਾਬੀ ਅਖ਼ਬਾਰ ਬਿਊਰੋ) ਕਨੇਡਾ ਡੇਅ ਮੌਕੇ ਕੈਲਗਰੀ ਦੇ ਜੈਨੇਸਿਸ ਸੈਂਟਰ ਦੀਆਂ ਖੁੱਲੀਆਂ ਗਰਾਉਂਡਾਂ ਵਿੱਚ 3 ਜੁਲਾਈ 2022 ਵਾਲੇ ਦਿਨ ਐਂਤਵਾਰ ਨੂੰ ਗਾਉਣ ਵਾਲਿਆਂ ਦਾ ਮੇਲਾ ਲੱਗੇਗਾ। ਮੇਲੇ ਦੇ ਪਰਬੰਧਕਾਂ ਪੰਮਾ ਸ਼ੇਖ ਦੌਲਤ, ਹਰਵਿੰਦਰ ਗੁਰਾਇਆ, ਗੁਰਪ੍ਰੀਤ ਸੰਧੂ ਅਤੇ ਤਲਵਿੰਦਰ ਪਰਮਾਰ ਨੇ ਦੱਸਿਆ ਕਿ "ਲੂੰਗੀ" ਗੀਤ ਨਾਲ ਪੰਜਾਬੀ ਗਾਇਕੀ ਦੇ ਖੇਤਰ ਵਿੱਚ ਧਮਾਲਾਂ ਪਾਉਣ ਵਾਲੀ ਸੁਖਦੀਪ ਗਰੇਵਾਲ ਜਿਸਦੇ ਹਾਲ ਵਿੱਚ ਹੀ "ਲੰਡਨੋ ਤਵੀਤ" ਅਤੇ "ਅਮਲੀ" ਜਿਹੇ ਗੀਤ ਲੋਕਾਂ ਦੀ ਜ਼ੁਬਾਨ ਉੱਤੇ ਹਨ ਉਹ ਵੀ ਇਸ ਮੇਲੇ ਵਿੱਚ ਹਾਜਰੀ ਭਰੇਗੀ । ਆਦਤ,ਧੋਖਾ,ਰੋਈ ਨਾ, ਅਤੇ ਉਹ ਕਿਉਂ ਨੀ ਜਾਣ ਸਕੇ ਵਰਗੇ ਗੀਤਾਂ ਨਾਲ ਨੌਜਵਾਨ ਦਿਲਾਂ ਉੱਪਰ ਛਾਉਣ ਵਾਲਾ ਨਿੰਜਾ ਅਤੇ ਦਿਲ ਮੁਟਿਆਰ ਦਾ,ਜੱਟ ਨਾਲ ਯਾਰੀ,ਬਲੈਕੀਆ, ਵਾਰਦਾਤ ਵਰਗੇ ਗੀਤ ਰਾਹੀਂ ਸੰਗੀਤ ਜਗਤ ਵਿੱਚ ਪਛਾਣ ਰੱਖਣ ਵਾਲਾ ਸਿੰਘਾ, ਸਟੇਜ ਉਪਰੋਂ ਆਪਣੀਆਂ ਪੇਸ਼ਕਾਰੀਆਂ ਕਰਨਗੇ। ਖਾਨਦਾਨੀ ਬੰਦੇ,ਸਿਕੰਦਰ, ਲਵ ਯੂ,ਕਸੂਰ, ਅਤੇ ਕੰਗਣਾ ਵਰਗੇ ਗੀਤਾਂ ਵਾਲਾ ਅਮਰ ਸੈਂਭੀ ਵੀ ਇਸ ਮੇਲੇ ਵਿੱਚ ਪਹੁੰਚ ਰਿਹਾ ਹੈ। ਹਰ ਉਮਰ ਵਰਗ ਦੀ ਮੰਗ ਉੱਪਰ ਕੋਕਰੀ ਆਲਾ ਜੱਟ ਲੋਕ ਗਾਇਕ ਗਿੱਲ ਹਰਦੀਪ "ਸੀਟੀ ਮਾਰ ਅਰਜਨਾ ਵੇ" ਤੋਂ ਲੈਕੇ ਵਸਦਾ ਰਹੇ ਕਨੇਡਾ ਵੇ ਮੇਰੇ ਪੁੱਤ ਪ੍ਰਦੇਸੀਆਂ ਲਈ,ਕਰੀਂ ਕਿਤੇ ਮੇਲ ਰੱਬਾ ਦਿੱਲੀ ਤੇ ਲਾਹੌਰ ਦਾ, ਉਹ ਪੰਜਾਬੀ ਨਹੀਂ ਹੁੰਦਾ ,ਯਾਰ ਪੁਰਾਣੇ,ਵਰਗੇ ਗੀਤਾਂ ਰਾਹੀ ਤੁਹਾਡਾ ਮੰਨੋਰੰਜਨ ਕਰੇਗਾ। ਕੋਈ ਟਿਕਟ ਨਹੀਂ ਬਿਲਕੁੱਲ ਫਰੀ ਮੇਲਾ ਹੈ। ਪਰਬੰਧਕਾਂ ਅਨੁਸਾਰ ਸਕਿਉਰਿਟੀ ਅਤੇ ਪੁਲਿਸ ਦਾ ਸਖਤ ਪਰਬੰਧ ਹੋਵੇਗਾ ਕਿਉਂਕਿ ਇਹ ਇੱਕ ਪਰਿਵਾਰਕ ਮੇਲਾ ਹੋਵੇਗਾ ਜਿਸ ਵਿੱਚ ਸਾਡੀਆਂ ਮਾਵਾਂ ,ਭੈਣਾਂ ,ਬੱਚੀਆਂ ਦੀ ਸਮੂਲੀਅਤ ਹੋਵੇਗੀ । ਸਮੂਹ ਕੈਲਗਰੀ ਵਾਸੀਆਂ ਅਤੇ ਹੋਰ ਨੇੜਲੇ ਸਹਿਰੀਂ ਵਸਦੇ ਪੰਜਾਬੀ ਬਾਈਚਾਰੇ ਨੂੰ ਇਸ ਮੇਲੇ ਵਿੱਚ ਆਉਣ ਲਈ ਖੁੱਲਾ ਸੱਦਾ ਹੈ । ਹੋਰ ਜਾਣਕਾਰੀ ਲਈ ਪੰਮਾ ਸ਼ੇਖ ਦੌਲਤ 403 616 1825,ਹਰਵਿੰਦਰ ਗੁਰਾਇਆ 403 918 4522,ਗੁਰਪ੍ਰੀਤ ਸੰਧੂ 403 830 7683 ਅਤੇ ਤਲਵਿੰਦਰ ਪਰਮਾਰ 403 805 0102 ਉੱਪਰ ਸੰਪਰਕ ਕੀਤਾ ਜਾ ਸਕਦਾ ਹੈ।




# ਪੰਜਾਬੀ ਮੂਲ ਦੀ ਰਾਜਨ ਸਾਹਨੀ ਨੇ ਕੰਜ਼ਰਵੇਟਿਵ ਪਾਰਟੀ ਦੀ ਲੀਡਰਸ਼ਿਪ ਦੌੜ ਵਿੱਚ ਸ਼ਾਮਿਲ ਹੋਣ ਦਾ ਐਲਾਨ ਕੀਤਾ



ਕੈਲਗਰੀ (ਪੰਜਾਬੀ ਅਖ਼ਬਾਰ ਬਿਊਰੋ) ਅਲਬਰਟਾ ਦੀ ਟਰਾਂਸਪੋਰਟ ਮੰਤਰੀ ਪੰਜਾਬੀ ਮੂਲ ਦੀ ਰਾਜਨ ਸਾਹਨੀ ਨੇ ਯੂਨਾਈਟਿਡ ਕੰਜ਼ਰਵੇਟਿਵ ਪਾਰਟੀ ਦੀ ਲੀਡਰਸ਼ਿਪ ਦੀ ਦੌੜ ਵਿੱਚ ਸ਼ਾਮਿਲ ਹੋਣ ਦਾ ਐਲਾਨ ਕੀਤਾ ਹੈ । 13 ਜੂਨ 2022 ਦੀ ਸਵੇਰ ਇਹ ਐਲਾਨ ਕਰਦਿਆਂ ਉਹਨਾਂ ਆਖਿਆ ਕਿ ਜੇਕਰ ਉਹ ਲੀਡਰ ਚੁਣੇ ਜਾਂਦੇ ਹਨ ਤਾਂ ਉਹ ਸੂਬਾ ਸਰਕਾਰ ਵੱਲੋਂ ਕੋਰੋਨਾ ਮਹਾ ਮਾਰੀ ਦੌਰਾਨ ਦਿਖਾਈ ਗਈ ਕਾਰਗੁਜ਼ਾਰੀ ਦੀ ਆਜ਼ਾਦਾਨਾ ਜਾਂਚ ਕਰਵਾਉਣਗੇ। ਉਨ੍ਹਾਂ ਆਖਿਆ ਕਿ ਇਸ ਜਾਂਚ ਵਿੱਚ ਅਲਬਰਟਾ ਵਾਸੀਆਂ ਨੂੰ ਦਿੱਤੀ ਗਈ ਵਿੱਤੀ ਮੱਦਦ ਮੈਂਟਲ ਹੈਲਥ ਅਤੇ ਖਾਸ ਕਰਕੇ ਬੱਚਿਆਂ ਦੇ ਸਬੰਧ ਵਿੱਚ ਚੁੱਕੇ ਗਏ ਕਦਮਾਂ ਉਪਰ ਧਿਆਨ ਕੇਂਦਰਤ ਕੀਤਾ ਜਾਵੇਗਾ । ਵਰਨਣਯੋਗ ਹੈ ਕਿ ਇਸ ਤੋਂ ਪਹਿਲਾਂ ਸਾਬਕਾ ਵਿੱਤ ਮੰਤਰੀ ਟ੍ਰੈਵਿਸ ਟੌਸ ਨੇ ਵੀ ਅਹੁਦੇ ਤੋਂ ਅਸਤੀਫਾ ਦੇ ਕੇ ਲੀਡਰਸ਼ਿਪ ਰੇਸ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ ਸੀ । ਭਾਰਤੀ ਮੂਲ ਦੀ ਹੀ ਇੱਕ ਹੋਰ ਐਮ ਐਲ ਏ ਲੀਲਾ ਆਹੀਰ ਵੀ ਇਹਨਾਂ ਤੋਂ ਪਹਿਲਾਂ ਪਾਰਟੀ ਲੀਡਰਸਿੱਪ ਲਈ ਚੋਣ ਮੈਦਾਨ ਵਿੱਚ ਕੁੱਦ ਚੁੱਕੀ ਹੈ। ਜੇਕਰ ਰਾਜਨ ਸਾਹਨੀ ਇਹ ਲੀਡਰਸਿੱਪ ਦੌੜ ਜਿੱਤ ਜਾਂਦੀ ਹੈ ਤਾਂ ਉਹ ਹੀ ਅਗਲੀਆਂ ਸੂਬਾਈ ਚੋਣਾਂ ਮੌਕੇ ਆਪਣੀ ਪਾਰਟੀ ਦੇ ਜਿੱਤ ਜਾਣ ਉਪਰੰਤ ਅਲਬਰਟਾ ਦੀ ਪ੍ਰੀਮੀਅਰ ਬਣਨ ਦੀ ਦਾਅਵੇਦਾਰ ਹੋਵੇਗੀ ਅਤੇ ਜੇ ਅਜਿਹਾ ਹੁੰਦਾ ਹੈ ਤਾਂ ਉਹ ਅਲਬਰਟਾ ਸੂਬੇ ਦੀ ਪਹਿਲੀ ਪੰਜਾਬਣ ਪ੍ਰੀਮੀਅਰ ਹੋਵੇਗੀ।

# ਕੈਨੇਡਾ ਵਿੱਚ ਦਾਖਲ ਹੋਣ ਵਾਲੇ ਪੂਰੀ ਤਰ੍ਹਾਂ ਵੈਕਸੀਨੇਟਡ ਅੰਤਰਰਾਸ਼ਟਰੀ ਯਾਤਰੀਆਂ ਦੇ ਰੈਂਡਮ ਕੋਵਿਡ ਟੈਸਟ ਹੁਣ ਨਹੀਂ ਹੋਣਗੇ

ਕੈਲਗਰੀ (ਪੰਜਾਬੀ ਅਖ਼ਬਾਰ ਬਿਊਰੋ) ਕੈਨੇਡਾ ਦੇ ਹਵਾਈ ਅੱਡਿਆਂ ਤੇ ਲਗਾਤਾਰ ਵਧ ਰਹੀ ਭੀੜ ਤੋਂ ਰਾਹਤ ਪਾਉਣ ਲਈ ਫੈਡਰਲ ਸਰਕਾਰ ਨੇ ਐਲਾਨ ਕੀਤਾ ਹੈ ਕਿ ਹੁਣ ਕੈਨੇਡਾ ਵਿਚ ਦਾਖਲ ਹੋਣ ਵਾਲੇ ਅੰਤਰਰਾਸ਼ਟਰੀ ਯਾਤਰੀਆਂ ਲਈ ਕੋਵਿਡ 19 ਦੇ ਰੈਂਡਮ ਟੈਸਟ ਮੁਅੱਤਲ ਕਰ ਦਿੱਤੇ ਹਨ । 11ਜੂਨ 2022 ਤੋਂ 30 ਜੂਨ ਤਕ ਕਰੋਨਾ ਦੇ ਰੈਂਡਮ ਟੈਸਟ ਨਹੀਂ ਕੀਤੇ ਜਾਣਗੇ ਜਦੋਂ ਕਿ ਉਹ ਯਾਤਰੀ ਜਿਨ੍ਹਾਂ ਨੂੰ ਕੋਰੋਨਾ ਵੈਕਸੀਨ ਦੇ ਟੀਕੇ ਨਹੀਂ ਲੱਗੇ ਉਨ੍ਹਾਂ ਦੇ ਟੈਸਟ ਉਸੇ ਤਰ੍ਹਾਂ ਜਾਰੀ ਰਹਿਣਗੇ । ਇਸੇ ਤਰ੍ਹਾਂ ਪਹਿਲੀ ਜੁਲਾਈ ਤੋਂ ਹਵਾਈ ਅੱਡਿਆਂ ਉੱਪਰ ਸਭ ਯਾਤਰੀਆਂ ਲਈ ਕੋਰੂਨਾ ਦੇ ਟੈਸਟ ਬੰਦ ਕੀਤੇ ਜਾ ਰਹੇ ਹਨ ਇਹ ਜਾਣਕਾਰੀ ਟਰਾਂਸਪੋਰਟ ਕੈਨੇਡਾ ਵੱਲੋਂ ਜਾਰੀ ਕੀਤੀ ਗਈ ਹੈ। ਇਸੇ ਤਰ੍ਹਾਂ ਅਮਰੀਕਾ ਵੱਲੋਂ ਵੀ ਅੰਤਰਰਾਸ਼ਟਰੀ ਯਾਤਰੀਆਂ ਨੂੰ ਰਾਹਤ ਦਿੱਤੀ ਗਈ ਹੈ ।

SUPERVISA Medical Insurance
ਜਿਹੜੀਆਂ ਸੇਵਾਵਾਂ ਇਂਸ਼ੋਰੈਂਸ ਕਰਨ ਵੇਲੇ ਦੱਸਣਗੇ ਲੋੜ ਪੈਣ ਤੇ ਉਹੀ ਮਿਲਣਗੀਆਂ
Punjab Insurance Inc

Harpinder Sidhu
REGIONAL MANAGER
403 404 3500
sidhu.harpinder@gmail.com
ਤਜ਼ਰਬੇਕਾਰ ਅਤੇ ਭਰੋਸੇਯੋਗ ਟੀਮ ਦੇ ਮੈਂਬਰ ਤੁਹਾਡੀ ਸੇਵਾ ਵਿੱਚ
SERVICES
- Life Insurance
- Mortgage Insurance
- Critical Illness Insurance
- Disability Insurance

Gurinder Chahal
MANAGER
587 707 7000
cgyquotes@gmail.com

A PLUS
- ਤੁਹਾਡੇ ਮਿਹਨਤ ਨਾਲ ਕਮਾਏ ਡਾਲਰਾਂ ਦਾ ਸਹੀ ਮੁੱਲ ਮਿਲੇ ਅਤੇ ਲਾਰੇ ਲੱਪਿਆਂ ਤੋਂ ਪਹਿਲਾਂ ਠੀਕ ਟਿਕਾਣੇ ਉੱਪਰ ਪੁੱਜਣ।
- ਪੰਜਾਬ ਤੋਂ ਰੁਪਈਏ ਦੇ ਬਦਲੇ ਡਾਲਰ ਵਧੀਆ ਰੇਟ ਉੱਪਰ ਕਨੇਡਾ ਬੈਠੇ ਹੀ ਲਓ।
- ਸਾਡੇ ਕੋਲੋਂ ਇੱਕ ਬਾਰ ਰੇਟ ਜ਼ਰੂਰ ਜਾਣ ਲਓ।
- ਇੰਡੀਆ ਪੈਸੇ ਭੇਜਣ ਜਾਂ ਮੰਗਵਾਉਣ ਲਈ ਭਰੋਸੇਮੰਦ ਨਾਂ।
A-Plus Foreign Exchange
#333-55 Westwinds Cres NE
(ਸੁਪਰ ਸਟੋਰ ਦੇ ਨੇੜੇ ਸਮੋਸਾ ਫੈਕਟਰੀ ਵਾਲੇ ਪਲਾਜੇ ਵਿਚ)
Calgary (AB) T3J 5H2

Kewal Sangha
587 582 6666
- ਤੁਹਾਨੂੰ ਕਚਿਹਰੀਆਂ ਵਿੱਚ ਖੱਜਲ ਖੁਆਰ ਹੋਣ ਦੀ ਲੋੜ ਨਹੀਂ।
- ਤੁਹਾਡੀ ਆਪਣੀ ਹੀ ਜ਼ਮੀਨ ਜਾਇਦਾਦ ਦੀ ਹੋਈ ਬੇ-ਮਾਲਕੀ ਨੂੰ ਅਸੀਂ ਮਾਲਕੀ ਬਣਾਵਾਂਗੇ।
- ਸਾਡੇ ਕੋਲ ਕਨੇਡਾ ਅਤੇ ਇੰਡਿਆ ਵਿੱਚ ਤਜ਼ਰਬੇਕਾਰ ਮਾਹਿਰ ਵਕੀਲਾਂ ਦੀ ਟੀਮ ਹੈ।
- ਜ਼ਮੀਨ/ਜਾਇਦਾਦ ਦੀ ਖ਼ਰੀਦ/ਵੇਚ ਸਬੰਧੀ ਕੋਈ ਵੀ ਮਸਲਾ ਹੋਵੇ ਤਾਂ ਸਾਨੂੰ ਸੰਪਰਕ ਕਰੋ।
A Plus
Immigration & NRI Solutions
nriservicecalgary@gmail.com

A-Class Auto Body Ltd.
Now Operating as
FIX AUTO CALGARY NORTH EAST
Complete Collison Repairs & Painting
ਆਟੋ ਬਾਡੀ ਦੇ ਤਸੱਲੀਬਖ਼ਸ਼ ਕੰਮ ਗਰੰਟੀ ਦੇ ਨਾਲ ਵਾਜਬ ਦਾਮ 'ਤੇ ਕਰਵਾਉਣ ਲਈ ਜ਼ਰੂਰ ਆਓ।
Insurance Claims
Courtesy Cars
All Work Guaranteed
Mike Randev
R.Gill
Tel : (403) 273-8889
Fax : (403) 273-8812
720 Moraine Road NE, Calgary, AB, T2A 2P3
Email: aclass@aclassautobody.ca

INNOVATIVE STONECRAFT
CRAFTED STONE VENEER
PROUDLY WESTERN CANADIAN
306.591.0670
PARMJOT MAAN
CANADIAN MADE
Your 1st choice for Manufactured STONE CLADDING needs in Residential & Commercial Projects.
CALL NOW!
FOLLOW US
1D, 820 51st St E Saskatoon SK S7K0X8
FREE ESTIMATES
BEST PRICE
We ship across Western Canada.
INFO@INNOVATIVESTONECRAFT.CA
WWW.INNOVATIVESTONECRAFT.CA

# ਮਿੱਲਵੁੱਡਜ਼ ਕਲਚਰਲ ਸੁਸਾਇਟੀ ਆਫ ਰਿਟਾਇਰਡ ਐਂਡ ਸੈਮੀ ਰਿਟਾਇਰਡ ਐਡਮਿੰਟਨ ਵੱਲੋਂ ਕੈਨੇਡਾ ਡੇਅ ਇੱਕ ਜੁਲਾਈ ਨੂੰ ਮਨਾਇਆ ਜਾਵੇਗਾ




ਐਡਮਿੰਟਨ (ਪੰਜਾਬੀ ਅਖ਼ਬਾਰ ਬਿਊਰੋ) ਮਿੱਲਵੁੱਡਜ਼ ਕਲਚਰਲ ਸੁਸਾਇਟੀ ਦੀ ਪ੍ਰਬੰਧਕ ਕਮੇਟੀ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਕੈਨੇਡਾ ਡੇਅ 1 ਜੁਲਾਈ 2022 ਨੂੰ ਸੁਸਾਇਟੀ ਦੀ ਬਿਲਡਿੰਗ 1560 -48 ਸਟਰੀਟ ਐਡਮੰਟਨ ਵਿਚ ਮਨਾਇਆ ਜਾ ਰਿਹਾ ਹੈ । ਜਿਸ ਵਿੱਚ ਮੁੱਖ ਮਹਿਮਾਨ ਐਡਮਿੰਟਨ ਸ਼ਹਿਰ ਦੇ ਮੇਅਰ ਅਮਰਜੀਤ ਸਿੰਘ ਸੋਹੀ ਠੀਕ ਇੱਕ ਵਜੇ ਝੰਡੇ ਨੂੰ ਸਲਾਮੀ ਦੇਣਗੇ । ਪ੍ਰੋਗਰਾਮ ਠੀਕ ਬਾਅਦ ਦੁਪਹਿਰ ਢਾਈ ਵਜੇ ਤੱਕ ਚੱਲੇਗਾ ਅਤੇ ਉਸ ਤੋਂ ਬਾਅਦ ਚਾਹ ਅਤੇ ਸਨੈਕਸ ਦਾ ਪ੍ਰਬੰਧ ਵੀ ਕੀਤਾ ਹੋਇਆ ਹੈ। ਸਾਰੇ ਐਡਮਿੰਟਨ ਨਿਵਾਸੀਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਸਮੇਂ ਸਿਰ ਪਹੁੰਚਣ ਦੀ ਕ੍ਰਿਪਾਲਤਾ ਕਰਨੀ। ਇਸ ਪ੍ਰੋਗਰਾਮ ਸਬੰਧੀ ਹੋਰ ਜਾਣਕਾਰੀ ਲਈ ਤੁਸੀਂ ਪ੍ਰਧਾਨ ਸੁਦਾਗਰ ਸਿੰਘ 780 906 7545 ਜਾਂ ਸਕੱਤਰ ਇੰਦਰਜੀਤ ਸਿੰਘ ਗਰੇਵਾਲ ਨਾਲ 780 680 2946 ਉਪਰ ਸੰਪਰਕ ਕਰ ਸਕਦੇ ਹੋ ।

# ਰਾਈਟਰਜ਼ ਫੋਰਮ ਕੈਲਗਰੀ ਦੇ ਲਿਖਾਰੀਆਂ ਨੇ ਪੰਜਾਬ ਦੇ ਮੌਜੂਦਾ ਹਿੰਸਕ ਮਾਹੌਲ ਉੱਪਰ ਚਿੰਤਾ ਜ਼ਾਹਿਰ ਕੀਤੀ



ਕੈਲਗਰੀ(ਪੰਜਾਬੀ ਅਖ਼ਬਾਰ ਬਿਊਰੋ) ਰਾਈਟਰਜ਼ ਫੋਰਮ ਕੈਲਗਰੀ ਦੀ ਮਾਸਕ ਮੀਟਿੰਗ 4 ਜੂਨ ਨੂੰ ਕੋਸੋ ਹਾਲ ਵਿੱਚ ਸੁਰਿੰਦਰ ਗੀਤ ਅਤੇ ਬਿੱਕਰ ਸਿੰਘ ਸੰਧੂ ਦੀ ਪ੍ਰਧਾਨਗੀ ਹੇਠ ਹੋਈ। ਜਨਰਲ ਸਕੱਤਰ ਸੁਖਵੀਰ ਸਿਹੋਤਾ ਨੇ ਸਾਰਿਆਂ ਨੂੰ ਜੀ ਆਇਆਂ ਕਹਿਣ ਉਪ੍ਰੰਤ ਜੂਨ ਮਹੀਨੇ ਵਿਚ ਵਾਪਰੀਆਂ ਪ੍ਰਮੁੱਖ ਇਤਿਹਾਸਕ ਘਟਨਾਵਾਂ ਦਾ ਸੰਖੇਪ ਬਿਓਰਾ ਸਾਂਝਾ ਕੀਤਾ ਜਿਵੇਂ ਗੁਰੂ ਅਰਜਨ ਦੇਵ ਜੀ ਦੀ ਅਦੁਤੀ ਸ਼ਹਾਦਤ, ਸਾਕਾ ਨੀਲਾ ਤਾਰਾ ਵਾਲਾ ਤੀਜਾ ਘੱਲੂਘਾਰਾ, ਸ਼੍ਰੋਮਣੀ ਕਵੀਸ਼ਰ ਬਾਬੂ ਰਜਬ ਅਲੀ ਖ਼ਾਨ ਦੀ 43ਵੀਂ ਬਰਸੀ। ਲੰਘੇ ਦਿਨੀਂ ਕੈਨੇਡਾ ਸਰਕਾਰ ਅਤੇ ਸਿਕਸਿਕਾ ਨੇਸ਼ਨ ਦੇ ਮੁਖੀਆਂ ਦਰਮਿਆਨ 145 ਸਾਲ ਪਹਿਲਾਂ ਹੋਈ ਸੰਧੀ ਸੰਬੰਧੀ ਲੈਂਡ-ਕਲੇਮ ਵਜੋਂ 1.3 ਬਿਲੀਅਨ ਡਾਲਰ ਦੇ ਵੱਡੇ ਸਮਝੌਤੇ ਦਾ ਜ਼ਿਕਰ ਕੀਤਾ। ਨਾਲ ਹੀ ਪੰਜਾਬ ਅੰਦਰ ਹਿੰਸਕ ਅਤੇ ਹੱਤਿਆਵਾਂ ਦੇ ਮਾਹੌਲ ਤੇ ਚਿੰਤਾ ਜ਼ਾਹਿਰ ਕੀਤੀ। ਜਸਵੰਤ ਸਿੰਘ ਸੇਖੋਂ ,ਜਸਵੰਤ ਸਿੰਘ, ਜਗਦੀਸ਼ ਸਿੰਘ ਚੋਹਕਾ,ਸੇਵਾ ਸਿੰਘ ਪ੍ਰੇਮੀ,ਸੁਖਵਿੰਦਰ ਤੂਰ, ਜਗਜੀਤ ਰਹਿਸੀ,ਜੋਗਾ ਸਿੰਘ ਸਹੋਤਾ,ਬਿੱਕਰ ਸਿੰਘ ਸੰਧੂ, ਡਾ: ਮਨਮੋਹਨ ਬਾਠ,ਸੁਰਿੰਦਰ ਗੀਤ, ਅਮਰੀਕ ਸਿੰਘ ਸਰੋਆ, ਹੈਪੀ ਮਾਨ, ਸ਼੍ਰੀਮਤੀ ਪ੍ਰੇਮੀ, ਸ਼੍ਰੀਮਤੀ ਮਨਜੀਤ ਕੌਰ, ਆਪੋ ਆਪਣੇ ਢੰਗ ਨਾਲ ਰਚਨਾਵਾਂ ਜ਼ਰੀਏ ਆਪਣੀ ਹਾਜ਼ਰੀ ਲਗਵਾਈ। ਜਗਦੇਵ ਸਿੱਧੂ ਨੇ ਸੁਰਿੰਦਰ ਗੀਤ ਨੂੰ ਵੱਡੀਆਂ ਸੰਸਥਾਵਾਂ ਦੁਆਰਾ ਦਿੱਤੇ ਮਾਨ-ਸਨਮਾਨ ਬਾਰੇ ਏਨਾ ਕਿਹਾ- ਕਿਸੇ ਕਿਸੇ ਦੇ ਭਾਗੀਂ ਹੁੰਦਾ ਏਡਾ ਮਾਣ ਕਮਾਣਾ। ਉਸ ਨੇ ਬਾਬੂ ਰਜਬ ਅਲੀ ਖ਼ਾਨ ਦੀ ਸ਼ਾਇਰੀ ਵਿੱਚੋਂ ਢੁਕਵੀਆਂ ਟੂਕਾਂ ਦੇ ਕੇ ਉਸ ਨੂੰ ਬਿਰਹਾ ਦਾ ਅਨੋਖਾ ਸੁਲਤਾਨ ਕਰਾਰ ਦਿੱਤਾ। ਜਸਵੀਰ ਸਿਹੋਤਾ ਨੇ ਪੇਸ਼ਕਾਰੀਆਂ ਬਾਰੇ ਨਾਲੋ-ਨਾਲ ਮਕਬੂਲ ਸ਼ਿਅਰ ਸੁਣਾ ਕੇ ਅਤੇ ਦਿਲਚਸਪ ਟਿੱਪਣੀਆਂ ਕਰ ਕੇ ਮਾਹੌਲ ਨੂੰ ਰੌਚਕ ਬਣਾਈ ਰੱਖਿਆ।

# ਕਨੇਡਾ ਦੇ ਸ਼ਹਿਰ ਬਰੈਪਟਨ ਵੱਲੋਂ ਸਵ: ਸਿੱਧੂ ਮੂਸੇਵਾਲਾ ਨੂੰ ਵੱਡਾ ਸਨਮਾਨ ਦਿੱਤਾ ਜਾਵੇਗਾ



Wards 9 & 10

MEDIA RELEASE
JUNE 8TH 2022

**SIDHU MOOSE WALA TO BE CELEBRATED WITH MURAL AND WALK OF FAME STAR**

**Brampton, ON** – At its June 8th Committee meeting, members of Council unanimously passed a motion moved by Regional Councillor Gurpreet Singh Dhillon and City Councillor Harkirat Singh to pay tribute to Brampton based musician Shubhdeep Singh Sidhu, also known as Sidhu Moose Wala.

Following requests from the community, staff was directed to find locations for a large mural to be painted by a local South-Asian based artist, a commemorative tree planted in Sidhu's memory, and consideration for inclusion into the Brampton Walk of Fame.

Community representative Remedie Brar, who delegated to Committee in support of the proposals, recognized the community's grief, and support for the initiatives to honour Sidhu.

"Brampton's Punjabi community is mourning Moose Wala's death, as seen by the thousands in attendance at the recent candle light vigil in his honour," said Brar. "As a community activist, I have been in touch with residents across the city and they are grateful to the City of Brampton for accepting our requests. I was glad to work with Councillor Dhillon and Singh to bring these initiatives forward."

Staff was advised to commence planning in order to complete the projects as quickly as possible. Councillor Dhillon and Councillor Singh advised that they will update the public accordingly.

**Media Contact:**
Jasmeen Kaur Kang
Strategic Advisor
416-219-7617 | jasmeen.kang@brampton.ca

Gurpreet Singh Dhillon
Regional Councillor - Wards 9 & 10
gurpreet.dhillon@brampton.ca
905.874.2609

Harkirat Singh
City Councillor - Wards 9 & 10
harkirat.singh@brampton.ca
905.874.2610

Brampton City Hall, 2 Wellington Street West, Brampton, ON L6Y 4R2

ਬਰੈਪਟਨ (ਪੰਜਾਬੀ ਅਖ਼ਬਾਰ ਬਿਊਰੋ) ਬੀਤੀ 29 ਮਈ 2022 ਨੂੰ ਪੰਜਾਬ ਵਿੱਚ ਮਾਨਸਾ ਜਿਲੇ ਦੇ ਪਿੰਡ ਜਵਾਹਰਕੇ ਵਿਖੇ ਨੇੜੇ ਅੰਨੇਵਾਹ ਗੋਲੀਆਂ ਦੀ ਫਾਇਰਿੰਗ ਦੌਰਾਨ ਮਾਰੇ ਗਏ ਨਾਮਵਰ ਪੰਜਾਬੀ ਸਵ: ਸਿੱਧੂ ਮੂਸੇਵਾਲਾ ਨੂੰ ਉਸਦੀ ਕਰਮਭੂਮੀ ਵਾਲੇ ਕਨੇਡਾ ਦੇ ਸ਼ਹਿਰ ਬਰੈਪਟਨ ਵੱਲੋ ਵੱਡਾ ਸਨਮਾਨ ਦਿੱਤਾ ਗਿਆ ਹੈ । ਵਾਰਡ 9 ਤੇ 10 ਤੋਂ ਰਿਜਨਲ ਸਿਟੀ ਕੌਂਸਲਰ ਗੁਰਪ੍ਰੀਤ ਢਿੱਲੋਂ ਤੇ ਸਿਟੀ ਕੌਸ਼ਲਰ ਹਰਕੀਰਤ ਸਿੰਘ ਵੱਲੋਂ ਪੇਸ ਕੀਤੇ ਗਏ ਮਤੇ ਨੂੰ ਸਿਟੀ ਵੱਲੋਂ ਸਰਬ ਸੰਮਤੀ ਨਾਲ ਪਾਸ ਕਰ ਦਿੱਤਾ ਗਿਆ ਹੈ । ਇਸ ਅਨੁਸਾਰ ਸਿਟੀ ਕਾਉਂਸਲ ਬਰੈਂਪਟਨ ਨੇ ਉਸਦਾ ਇੱਕ ਵੱਡਾ ਕੰਧ-ਚਿੱਤਰ ਲਗਾਏ ਜਾਣ ਦੇ ਮਤੇ ਨੂੰ ਮਾਨਤਾ ਦੇ ਦਿੱਤੀ ਹੈ। ਇਸ ਤੋ ਇਲਾਵਾ ਸੁਭਦੀਪ ਸਿੱਧੂ ਮੂਸੇਵਾਲਾ ਦੇ ਅੰਤਿਮ ਅਰਦਾਸ ਮੌਕੇ ਉਹਨਾ ਦੇ ਪਿਤਾ ਬਲਕੌਰ ਸਿੰਘ ਤੇ ਮਾਤਾ ਚਰਨ ਕੌਰ ਵੱਲੋਂ ਕੀਤੀ ਬੇਨਤੀ ਅਨੁਸਾਰ ਸਿੱਧੂ ਮੂਸੇਵਾਲਾ ਦੀ ਯਾਦ ਨੂੰ ਸਮਰਪਿਤ ਕਾਉਂਸਲ ਇੱਕ ਰੁੱਖ ਵੀ ਲਾਏਗੀ। ਯਾਦ ਰਹੇ ਕਿ ਸਿੱਧੂ ਮੂਸੇਵਾਲਾ ਅੰਤਰਰਾਸਟਰੀ ਵਿਦਿਆਰਥੀ ਦੇ ਤੌਰ ਤੇ ਕਨੇਡਾ ਆਇਆ ਸੀ ਅਤੇ ਉਹ ਬਰੈਪਟਨ ਦਾ ਵਸਨੀਕ ਸੀ ।ਆਪਣੀ ਗਾਇਕੀ ਦੀ ਸੁਰੂਆਤ ਉਸਨੇ ਇਸੇ ਸਹਿਰ ਤੋਂ ਹੀ ਕੀਤੀ ਸੀ । ਉਹਨਾਂ ਦੇ ਅੰਤਿਮ ਵਿਛੋੜੇ ਤੇ ਕਨੇਡਾ ਅਮਰੀਕਾ ਦੇ ਮੇਨ ਸਟਰੀਮ ਮੀਡੀਏ ਨੇ ਵੀ ਵੱਡੇ ਪੱਧਰ ਉੱਪਰ ਕਵਰੇਜ ਕੀਤੀ ਸੀ । ਦੁਨੀਆਂ ਭਰ ਵਿੱਚ ਸਿੱਧੂ ਮੂਸੇਵਾਲੇ ਦੇ ਚਾਹੁੰਣ ਵਾਲਿਆਂ ਵੱਲੋਂ ਅਜੇ ਵੀ ਪ੍ਰਤੀਕਿਰਿਆਵਾਂ ਦਾ ਦੌਰ ਜਾਰੀ ਹੈ।

# ਕਲਮਾਂ ਦੇ ਵਣਜਾਰਿਆਂ ਨੇ ਐਡਮੰਟਨ ਵਿਖੇ ਸਾਹਿਤਕ ਬੋਲਾਂ ਨਾਲ ਖ਼ੂਬ ਰੌਣਕਾਂ ਲਾਈਆਂ



ਐਡਮੰਟਨ (ਪੰਜਾਬੀ ਅਖ਼ਬਾਰ ਬਿਊਰੋ) ਪੰਜਾਬੀ ਕਲਚਰਲ ਐਸ਼ੋਸ਼ੀਏਸ਼ਨ ਆਫ ਅਲਬਰਟਾ ਅਤੇ ਮੇਪਲ ਲੀਫ ਰਾਈਟਰ ਫਾਉਂਡੇਸ਼ਨ ਵੱਲੋਂ ਸਾਂਝੇ ਤੌਰ ਤੇ ਸਾਹਿਤਕ ਮਿਲਣੀ ਯਾਦਗਾਰ ਹੋ ਨਿਬੜੀ,ਜਿਸ ਦਾ ਸਿਹਰਾ ਸੁਹਿਰਦ ਲੇਖਕਾਂ ਅਤੇ ਨੌਜਵਾਨਾਂ ਪਾਠਕਾਂ ਨੂੰ ਜਾਂਦਾ ਹੈ। ਪ੍ਰਸਿੱਧ ਕਹਾਣੀਕਾਰ ਚਿੰਤਕ ਅਧਿਆਪਕ ਅਤੇ ਫਿਲਮ ਪਟਕਥਾ ਲੇਖਕ ਬਲਵਿੰਦਰ ਸਿੰਘ ਗਰੇਵਲ ਨੇ ਚਾਰ ਵੇਦਾਂ ਗੁਰਬਾਣੀ ਰਣਜੀਤ ਸਿੰਘ ਕਾਲ ਤੋਂ ਲੈ ਕੇ ਅੱਜ ਦੇ ਮਨੁੱਖ ਦੀ ਹੋਣੀ ਅਤੇ ਮੌਜੂਦਾ ਪ੍ਰਸਿਥਿਤੀਆਂ ਤੇ ਲੇਖਕ ਦੀ ਭੂਮਿਕਾ ਬਾਰੇ ਆਪਣੇ ਵਿਚਾਰ ਵਿਅਕਤ ਕਰਕੇ ਸਰੋਤਿਆਂ ਨੂੰ ਸੋਚਣ ਲਈ ਮਜਬੂਰ ਕਰ ਦਿੱਤਾ। ਵਧ ਰਹੀ ਕਤਲੋਗਾਰਤ ਅਤੇ ਬੰਦੇ ਦੀ ਮਾਨਸਿਕਤਾ ਨੂੰ ਬਾਰੀਕਬੀਨੀ ਨਾਲ ਬਿਆਨ ਕਰਨ ਦਾ ਸਿਹਰਾ ਬਲਵਿੰਦਰ ਗਰੇਵਾਲ ਨੂੰ ਜਾਂਦਾ ਹੈ। ਡਾ ਦਵਿੰਦਰ ਦਿਲਰੂਪ ਨੇ ਜਿੱਥੇ ਆਪਣੇ ਰਿਸਰਚ ਦੇ ਕੰਮ ਬਾਰੇ ਜਾਣਕਾਰੀ ਦਿੱਤੀ ਉੱਥੇ ਆਪਣੀ ਪੁਸਤਕ ਸਰਸਰਾਹਟ ਵਿੱਚੋ ਕੁੱਝ ਗਜ਼ਲਾਂ,ਕਵਿਤਾਵਾਂ,ਖਾਸ ਕਰ ਸਾਹਿਬਾਂ ਬਾਰੇ ਕਵਿਤਾ ਬਹੁਤ ਪਸੰਦ ਕੀਤੀ ਗਈ। ਬਾਲ ਕਵਿਤਾ ਚੂਹੇ ਬਹੁਤ ਹੀ ਮਾਰਮਿਕ ਰਚਨਾ ਕਹੀ ਜਾ ਸਕਦੀ ਹੈ। ਸੰਖੇਪ ਸਮਾਗਮ ਦੀ ਪ੍ਰਧਾਨਗੀ ਕਰਦਿਆਂ ਡਾ: ਪ੍ਰਿਥਵੀ ਕਾਲੀਆ ਨੇ ਦੋਹਾਂ ਮਹਿਮਾਨ ਲੇਖਕਾਂ ਨੂੰ ਜੀ ਆਇਆਂ ਵੀ ਕਿਹਾ ਅਤੇ ਆਪਣੀ ਹਿੰਦੀ ਕਵਿਤਾ ਸੁਣਾ ਕੇ ਵਾਹ ਵਾਹੀ ਖੱਟੀ। ਅਖਨੂਰ ਕੌਰ ਨੇ ਆਪਣੇ ਦਾਦਾ ਅਜਮੇਰ ਸਿੰਘ ਔਲਖ ਨੂੰ ਯਾਦ ਕਰਦਿਆਂ ਲੇਖ ਅਤੇ ਔਲਖ ਸਾਹਿਬ ਦੀ ਕਵਿਤਾ ਸਾਂਝੀ ਕੀਤੀ।ਕਾਵਿ ਜਗਤ ਵਿੱਚ ਪੱਕੇ ਪੈਰੀਂ ਥਾਂ ਬਣਾ ਰਹੇ ਸੇਵਕ ਸਿੰਘ ਨੇ ਆਪਣੀਆਂ ਪੰਜ ਛੋਟੀਆਂ ਕਵਿਤਾਵਾਂ ਰਾਹੀ ਆਪਣਾ ਜਲੌਅ ਦਿਖਾਇਆ। ਤਸਨੂਰ ਸਿੰਘ ਨੇ ਗੀਤਾਂ ਰਾਹੀਂ ਛਹਿਬਰ ਲਾ ਕੇ ਐਡਮਿੰਟਨ ਵਿਖੇ ਨਵੀਂ ਪੌਂਦ ਦੀ ਤਿਆਰੀ ਦਾ ਅਸਰ ਦਿਖਾਇਆ। ਸਤੀਸ਼ ਗੁਲਾਟੀ ਨੇ ਮੰਚ ਸੰਚਾਲਨ ਕਰਦਿਆਂ ਪੁਸਤਕ ਮੇਲੇ ਲਗਾਉਣ ਚ ਆਉਂਦੀਆਂ ਮੁਸ਼ਕਲਾਂ ਦਾ ਜਿਕਰ ਕੀਤਾ ਅਤੇ ਆਪਣੀਆਂ ਦੋ ਗਜ਼ਲਾਂ ਦੇ ਸ਼ਿਅਰ ਸੁਣਾਏ। ਸਮਾਗਮ ਵਿੱਚ ਬਲਤਾਰ ਬਰਾੜ,ਹਰਦੇਵ ਵਿਰਕ,ਸ੍ਰੀਮਤੀ ਭੁਪਿੰਦਰ ਵਿਰਕ, ਸੁਖਿੰਦਰ ਸਿੰਘ ਅਤੇ ਉਹਨਾਂ ਦੀ ਜੀਵਨ ਸਾਥਣ, ਬਲਵਿੰਦਰ ਗਰੇਵਾਲ,ਗੁਰਜੋਤ ਸਿੰਘ,ਰਾਜਵੰਤ ਕੌਰ,ਪਵਿੱਤਰ ਸਿੰਘ,ਬਿੰਦਰ,ਡਾ:ਹਰਪ੍ਰੀਤ ਕੌਰ,ਪ੍ਰਬਹਨਸ਼ ਸਿੰਘ,ਸਵਰਨ ਸਿੰਘ,ਜਸਪ੍ਰੀਤ ਕੌਰ,ਅੰਜੂ ਗੁਲਾਟੀ, ਭੁਪਿੰਦਰ ਸਿੰਘ,ਕੁਲਮੀਤ ਸੰਘਾ ਰੇਡੀ? ਹੋਸਟ,ਬਖਸ਼ ਸੰਘਾ ਤੋਂ ਇਲਾਵਾ ਪੁਸਤਕਾਂ ਨਾਲ ਜੁੜੇ ਨਵੇਂ ਪਾਠਕਾਂ ਨੇ ਲਗਾਤਾਰ ਦੋ ਘੰਟੇ ਸਮਾਗਮ ਨੂੰ ਮਾਣਿਆ ਤੇ ਅਗਲੇ ਸਭ ਸਾਹਿਤਕ ਸਮਾਗਮ 'ਚ ਆਉਣ ਦਾ ਇਕਰਾਰ ਕੀਤਾ।

## ਵੈਨਕੂਵਰ ਜਾਂ ਟੋਰਾਂਟੋ ਦੀ ਚੋਣ ਫੀਫਾ ਵਿਸ਼ਵ ਕੱਪ ਲਈ ਹੋ ਸਕਦੀ ਹੈ

ਕੈਲਗਰੀ (ਪੰਜਾਬੀ ਅਖ਼ਬਾਰ ਬਿਊਰੋ) ਫੁੱਟਬਾਲ ਦੇ ਫੀਫਾ ਵਿਸ਼ਵ ਕੱਪ ਦੀ ਮੇਜ਼ਬਾਨੀ ਕਰਨ ਨਾਲ ਕਿਸੇ ਵੀ ਸ਼ਹਿਰ ਦੀ ਦਿਸ਼ਾ ਤੇ ਦਸ਼ਾ ਬਦਲ ਜਾਂਦੀ ਹੈ ਇਸ ਲਈ ਹਰੇਕ ਪ੍ਰਮੁੱਖ ਸ਼ਹਿਰ ਵੱਲੋਂ ਕੋਸ਼ਿਸ਼ ਕੀਤੀ ਜਾਂਦੀ ਹੈ ਕਿ ਉਨ੍ਹਾਂ ਨੂੰ ਇਸ ਵੱਡੇ ਈਵੈਂਟ ਦੀ ਮੇਜ਼ਬਾਨੀ ਕਰਨ ਦਾ ਮੌਕਾ ਮਿਲ ਜਾਵੇ । ਸਾਲ 2026 ਵਿੱਚ ਹੋਣ ਵਾਲੇ ਫੀਫਾ ਵਿਸ਼ਵ ਕੱਪ ਦੀ ਮੇਜ਼ਬਾਨੀ ਦੀ ਦੌੜ ਵਿੱਚ ਕੈਨੇਡਾ ਦੇ ਪ੍ਰਮੁੱਖ ਸ਼ਹਿਰ ਟੋਰਾਂਟੋ ਅਤੇ ਵੈਨਕੂਵਰ ਦਾ ਨਾਮ ਵੀ ਸ਼ਾਮਿਲ ਹੈ । ਹੁਣ ਇਨ੍ਹਾਂ ਦੋਹਾਂ ਸ਼ਹਿਰਾਂ ਨੂੰ ਜਦ ਦੋਹਾਂ ਚੋਂ ਕਿਸੇ ਇੱਕ ਨੂੰ ਮੌਕਾ ਮਿਲਦਾ ਹੈ ਜਾਂ ਨਹੀਂ ਇਹ ਆਉਂਦੇ ਦਿਨਾਂ ਵਿੱਚ ਪਤਾ ਲੱਗੇਗਾ ।

## ਡਿਪਰੈਸ਼ਨ ਦਾ ਸ਼ਿਕਾਰ ਲੋਕਾਂ ਲਈ ਤਿੰਨ ਮਿਲੀਅਨ ਡਾਲਰ ਖਰਚ ਹੋਣਗੇ।

ਕੈਲਗਰੀ (ਪੰਜਾਬੀ ਅਖ਼ਬਾਰ ਬਿਊਰੋ) ਮੌਜੂਦਾ ਨੱਠ ਭੱਜ ਵਾਲੀ ਜ਼ਿੰਦਗੀ ਆਪਣੇ ਭਵਿੱਖ ਨੂੰ ਲੈ ਕੇ ਚਿੰਤਾ ਆਦਿ ਕੁੱਝ ਅਜਿਹੀਆਂ ਗੱਲਾਂ ਹਨ ਜਿਸ ਕਾਰਨ ਅੱਜ ਦਾ ਨੌਜਵਾਨ ਬੇਹੱਦ ਪ੍ਰੇਸ਼ਾਨੀ ਦੇ ਆਲਮ ਵਿੱਚੋਂ ਲੰਘ ਰਿਹਾ ਹੈ ਅਤੇ ਕੁੱਝ ਮਾਮਲਿਆਂ ਵਿੱਚ ਨੌਜਵਾਨ ਇਸ ਕਦਰ ਡਿਪਰੈਸ਼ਨ ਦਾ ਸ਼ਿਕਾਰ ਹੋ ਜਾਂਦੇ ਹਨ ਕਿ ਉਨ੍ਹਾਂ ਵੱਲੋਂ ਆਤਮ ਹੱਤਿਆ ਤਕ ਵਰਗੇ ਕਦਮ ਚੁੱਕ ਲਏ ਜਾਂਦੇ ਹਨ । ਅਲਬਰਟਾ ਸੂਬੇ ਵਿੱਚ ਅਜਿਹੇ ਨੌਜਵਾਨਾਂ ਦੀ ਮੱਦਦ ਕਰਨ ਲਈ ਆਉਂਦੇ ਦੋ ਸਾਲਾਂ ਦੌਰਾਨ ਤਿੰਨ ਮਿਲੀਅਨ ਡਾਲਰ ਖਰਚ ਕਰਨ ਦਾ ਐਲਾਨ ਕੀਤਾ ਗਿਆ ਹੈ ।

# ਢਾਡੀ ਜੱਥਾ ਗਿਆਨੀ ਸੁਖਨਰੰਜਣ ਸਿੰਘ ਸੁੰਮਣ ਦਾ ਇੰਟਰਨੈਸ਼ਨਲ ਗੋਲਡ ਮੈਡਲਿਸਟ ਕਨੇਡਾ ਵਿਖੇ 5 ਮਹੀਨੇ ਸਿੱਖ ਸੰਗਤਾਂ ਨਾਲ ਸਾਂਝ ਪਾਵੇਗਾ



ਕੈਲਗਰੀ (ਪੰਜਾਬੀ ਅਖ਼ਬਾਰ ਬਿਊਰੋ) ਇੰਟਰਨੈਸ਼ਨਲ ਗੋਲਡ ਮੈਡਲਿਸਟ ਢਾਡੀ ਜੱਥਾ ਗਿਆਨੀ ਸੁਖਨਰੰਜਣ ਸਿੰਘ ਸੁੰਮਣ ਆਪਣੇ ਢਾਡੀ ਸਾਥੀਆਂ, ਭਾਈ ਸ਼ਮਸ਼ੇਰ ਸਿੰਘ ਖੰਡੂਰ, ਭਾਈ ਕੁਲਦੀਪ ਸਿੰਘ ਨਿੱਝਰ, ਸਰੰਗੀ ਮਾਸਟਰ ਮੱਖਣਦੀਪ ਸਿੰਘ ਤਿਹਾੜਾ ਸਮੇਤ, ਇਸ ਸਮੇਂ ਗੁਰੂ ਨਾਨਕ ਗੁਰਦੁਆਰਾ ਸਰੀ (ਡੈਲਟਾ) ਵਿਖੇ ਜੂਨ ਦਾ ਮਹੀਨਾ ਦੀਵਾਨ ਦੀਆਂ ਹਾਜ਼ਰੀਆਂ ਭਰ ਰਹੇ ਹਨ। ਪੰਜਾਬੀ ਅਖ਼ਬਾਰ ਨਾਲ ਗੱਲਬਾਤ ਦੌਰਾਨ ਉਹਨਾਂ ਦੱਸਿਆ ਕਿ ਜੁਲਾਈ 2022 ਦਾ ਪੂਰਾ ਮਹੀਨਾ ਉਹ ਗੁਰਦੁਆਰਾ ਸਿੱਖ ਕਲਚਰ ਸੁਸਾਇਟੀ ਕੈਲਗਰੀ ਵਿਖੇ ਸਿੱਖ ਸੰਗਤਾਂ ਨਾਲ ਢਾਡੀ ਵਾਰਾਂ ਦੇ ਜ਼ਰੀਏ ਸਿੱਖ ਇਤਿਹਾਸ ਦੀ ਸਾਂਝ ਪਾਉਣਗੇ। ਇਸ ਤੋਂ ਅਗਲੇ ਮਹੀਨਿਆਂ ਦੀ ਜਾਣਕਾਰੀ ਵੀ ਪੰਜਾਬੀ ਅਖ਼ਬਾਰ ਦੇ ਜ਼ਰੀਏ ਤੁਹਾਡੇ ਤੱਕ ਪੁੱਜਦੀ ਰਹੇਗੀ। ਹੋਰ ਜਾਣਕਾਰੀ ਲਈ ਜੱਥੇ ਦੇ ਕਨੇਡਾ ਵਾਲੇ ਫੋਨ ਨੰਬਰ 604-614-9938 ਉੱਪਰ ਸੰਪਰਕ ਕਰ ਸਕਦੇ ਹੋ। ਵਰਨਣਯੋਗ ਹੈ ਕਿ ਇਸ ਜੱਥੇ ਵੱਲੋਂ ਹੁਣ ਤੱਕ ਜਫ਼ਰਨਾਮਾ,ਕੇਸਰੀ ਨਿਸ਼ਾਨ,ਮਿੱਟੀ ਦਾ ਸਰੀਰ,ਸੂਰਬੀਰ ਬਚਨ ਕੇ ਬਲੀ,ਸਾਡੇ ਸਮਿਆਂ ਦੇ ਸ਼ਹੀਦ ਅਤੇ ਧਰਮ ਦੀ ਰਾਖੀ ਨਾਂ ਦੀਆਂ ਢਾਡੀ ਰੰਗ ਵਿੱਚ ਰੰਗੀਆਂ ਪੇਸ਼ਕਾਰੀਆਂ ਰਾਹੀਂ ਸਿੱਖ ਇਤਿਹਾਸ ਨੂੰ ਸੰਗਤਾਂ ਤੱਕ ਲੈਜਾਣ ਲਈ ਯੋਗਦਾਨ ਪਾਇਆ ਗਿਆ ਹੈ।
















# ਭਾਰਤੀ ਸਫਾਰਤਖਾਨੇ ਵੱਲੋਂ ਭਾਰਤੀ ਮੂਲ ਦੇ ਕਨੇਡੀਅਨ ਲੋਕਾਂ ਨੂੰ ਓ ਸੀ ਆਈ ਕਾਰਡ ਬਣਾਉਣ ਦੀ ਬੇਨਤੀ



ਕੈਲਗਰੀ (ਪੰਜਾਬੀ ਅਖ਼ਬਾਰ ਬਿਊਰੋ) ਵੈਨਕੂਵਰ ਸਥਿੱਤ ਭਾਰਤੀ ਕੌਂਸਲ ਜਨਰਲ ਸ੍ਰੀ ਮਨੀਸ਼ ਨੇ ਆਖਿਆ ਹੈ ਕਿ ਕੋਰੋਨਾ ਮਹਾਂਮਾਰੀ ਨੇ ਭਾਰਤੀ ਮੂਲ ਦੇ ਲੋਕਾਂ ਨੂੰ ਓਸੀਆਈ ਕਾਰਡ ਯਾਨੀ ਕਿ ਓਵਰਸੀਜ਼ ਸਿਟੀਜ਼ਨਸ਼ਿਪ ਆਫ ਇੰਡੀਆ ਕਾਰਡ ਦੀ ਮਹੱਤਤਾ ਸਮਝਾ ਦਿੱਤੀ ਹੈ। ਕੈਲਗਰੀ ਦੀ ਇੰਡੀਅਨ ਐਕਸ ਸਰਵਿਸਮੈਨ ਇਮੀਗਰੈਂਟ ਐਸੋਸੀਏਸ਼ਨ ਵਿੱਚ ਪਹੁੰਚੇ ਸ੍ਰੀ ਮਨੀਸ਼ ਨੇ ਦੱਸਿਆ ਕਿ ਜਦੋਂ ਕਰੋਨਾ ਮਹਾਂਮਾਰੀ ਦੇ ਦੌਰਾਨ ਵਿਦੇਸ਼ਾਂ ਵਿੱਚ ਵਸਦੇ ਭਾਰਤੀ ਮੂਲ ਦੇ ਲੋਕਾਂ ਨੂੰ ਜ਼ਰੂਰੀ ਕੰਮਾਂ ਲਈ ਭਾਰਤ ਜਾਣ ਦੀ ਲੋੜ ਸੀ ਤਾਂ ਉਸ ਵਕਤ ਬਾਕੀ ਵੀਜ਼ੇ ਬੰਦ ਸਨ ਪਰ ਓਸੀਆਈ ਕਾਰਡ ਧਾਰਕਾਂ ਵਾਸਤੇ ਅਜਿਹੀ ਕੋਈ ਮੁਸ਼ਕਿਲ ਨਹੀਂ ਸੀ। ਉਨ੍ਹਾਂ ਦੱਸਿਆ ਕਿ ਉਸ ਸਮੇਂ ਤੋਂ ਬਾਅਦ ਹੁਣ ਓਸੀਆਈ ਕਾਰਡ ਬਣਾਉਣ ਵਾਲਿਆਂ ਦੀ ਗਿਣਤੀ ਵਿੱਚ ਵਾਧਾ ਹੋਇਆ ਹੈ। ਉਨ੍ਹਾਂ ਨਾਲ ਹੀ ਦੂਜੇ ਦੇਸ਼ਾਂ ਦੀ ਨਾਗਰਿਕਤਾ ਪ੍ਰਾਪਤ ਕਰ ਚੁੱਕੇ ਭਾਰਤੀ ਮੂਲ ਦੇ ਲੋਕਾਂ ਨੂੰ ਆਖਿਆ ਕਿ ਉਹ ਵੱਧ ਤੋਂ ਵੱਧ ?ਸੀਆਈ ਕਾਰਡ ਬਣਾਉਣ ਤਾਂ ਕਿ ਉਹ ਆਪਣੀ ਮਿੱਟੀ ਨਾਲ ਜੁੜੇ ਰਹਿਣ ਤੇ ਉਨ੍ਹਾਂ ਨੂੰ ਭਾਰਤ ਆਉਣ ਜਾਣ ਵਿਚ ਕਿਸ ਤਰ੍ਹਾਂ ਦੀ ਕੋਈ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਸਪੱਸ਼ਟ ਕੀਤਾ ਕਿ ਓਸੀਆਈ ਕਾਰਡ ਧਾਰਕ ਸਿਰਫ਼ ਵੋਟ ਦਾ ਇਸਤੇਮਾਲ ਨਹੀਂ ਕਰ ਸਕਦੇ ਤੇ ਨਾ ਹੀ ਵਾਹੀਯੋਗ ਜ਼ਮੀਨ ਖ਼ਰੀਦ ਸਕਦੇ ਹਨ ਇਸ ਤੋਂ ਇਲਾਵਾ ਬਾਕੀ ਸਾਰੇ ਅਧਿਕਾਰ ਭਾਰਤੀ ਨਾਗਰਿਕਾਂ ਵਾਲੇ ਹੀ ਰਹਿੰਦੇ ਹਨ।ਇਸ ਮੰਚ ਸੰਚਾਲਨ ਸੰਸਥਾ ਦੇ ਸਾਬਕਾ ਪ੍ਰਧਾਨ ਸ: ਬਲਕਾਰ ਸਿੰਘ ਸੰਧੂ ਨੇ ਕੀਤਾ।

# ਅਰਪਨ ਲਿਖਾਰੀ ਸਭਾ ਕੈਲਗਰੀ ਵੱਲੋਂ ਪ੍ਰੋਫੈਸਰ ਬਲਕਾਰ ਸਿੰਘ ਦਾ ਯਾਦਗਾਰੀ ਪਲੈਕ ਨਾਲ ਸਨਮਾਨ ਕੀਤਾ ਗਿਆ



ਕੈਲਗਰੀ (ਪੰਜਾਬੀ ਅਖ਼ਬਾਰ ਬਿਊਰੋ) ਬੀਤੀ 10 ਜੂਨ 2022 ਨੂੰ ਅਰਪਨ ਲਿਖਾਰੀ ਸਭਾ, ਕੈਲਗਰੀ ਦੀ ਮਾਸਿਕ ਮਿਲਣੀ ਦੌਰਾਨ ਉੱਘੇ ਸਿੱਖ ਵਿਦਵਾਨ ਅਤੇ ਅਕਾਦਮਿਕ ਹਲਕਿਆਂ ਦੀ ਜਾਣੀ-ਪਛਾਣੀ ਹਸਤੀ ਪ੍ਰੋਫੈਸਰ ਬਲਕਾਰ ਸਿੰਘ ਮੁੱਖ ਮਹਿਮਾਨ ਵੱਜੋਂ ਸ਼ਾਮਲ ਹੋਏ। ਮੀਟਿੰਗ ਦੀ ਪ੍ਰਧਾਨਗੀ ਪ੍ਰੋ: ਬਲਕਾਰ ਸਿੰਘ, ਕੇਸਰ ਸਿੰਘ ਨੀਰ, ਮਨਜੀਤ ਸਿੰਘ ਪਿਆਸਾ ਅਤੇ ਹਰਚਰਨ ਸਿੰਘ ਪਰਹਾਰ ਨੇ ਕੀਤੀ। ਕੇਸਰ ਸਿੰਘ ਨੀਰ ਨੇ ਪ੍ਰੋ: ਬਲਕਾਰ ਸਿੰਘ ਪ੍ਰਤੀ ਸਵਾਗਤੀ ਸ਼ਬਦ ਕਹਿਣ ਉਪ੍ਰੰਤ ਉਨ੍ਹਾਂ ਬਾਰੇ ਸੰਖੇਪ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਹ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿੱਚ 'ਸ੍ਰੀ ਗੁਰੂ ਗ੍ਰੰਥ ਸਾਹਿਬ ਅਧਿਅਨ ਵਿਭਾਗ' ਦੇ ਮੁਖੀ ਰਹੇ ਹਨ ਅਤੇ ਯੂਨੀਵਰਸਿਟੀ ਵਿੱਚ ਡੀਨ ਵਜੋਂ ਸੇਵਾਵਾਂ ਨਿਭਾਉਂਦੇ ਰਹੇ ਹਨ। ਉਹ ਸ਼ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪਰਚਾਰ ਕਮੇਟੀ ਦੇ ਮੈਂਬਰ, ਅਕਾਲ ਤਖ਼ਤ ਸਾਹਿਬ ਦੀ ਸਲਾਹਕਾਰ ਕਮੇਟੀ ਦੇ ਵੀ ਮੈਂਬਰ ਰਹੇ ਹਨ। ਅੱਜ ਕੱਲ੍ਹ ਉਹ 'ਵਿਸ਼ਵ ਪੰਜਾਬੀ ਸੰਸਥਾ ਯੂਨੀਵਰਸਿਟੀ ਪਟਿਆਲਾ' ਦੇ ਡਾਇਰੈਕਟਰ ਹਨ। ਉਨ੍ਹਾਂ ਨੇ ਕਰੀਬ ਇੱਕ ਦਰਜਨ ਪੁਸਤਕਾਂ ਲਿਖੀਆਂ ਅਤੇ ਤਕਰੀਬਨ ਏਨੀਆਂ ਹੀ ਪੁਸਤਕਾਂ ਦੀ ਸੰਪਾਦਨਾ ਕੀਤੀ ਹੈ। ਪ੍ਰੋ: ਬਲਕਾਰ ਸਿੰਘ ਨੇ ਮੁੱਖ ਬੁਲਾਰੇ ਵੱਜੋਂ ਸਿੱਖ ਧਰਮ ਬਾਰੇ ਵਿਦਵਤਾ ਭਰਪੂਰ ਵਿਚਾਰ ਸਾਂਝੇ ਕੀਤੇ। ਉਨ੍ਹਾਂ ਆਪਣੇ ਤਜਰਬੇ ਵਿੱਚੋਂ ਅਜੋਕੇ ਸਮੇਂ ਸਿੱਖ ਸੰਸਥਾਵਾਂ ਦੇ ਨਿਘਾਰ ਦਾ ਜ਼ਿਕਰ ਕੀਤਾ ਤੇ ਕਿਹਾ ਕਿ ਹੁਣ ਸਿੱਖ ਧਰਮ ਦੇ ਅਧਿਆਤਮਕ ਪੱਖ ਨੂੰ ਰਾਜਨੀਤੀਵਾਨਾਂ ਨੇ ਗੁੰਮ ਹੋਣ ਦੀ ਕਗਾਰ ਤੇ ਲਿਆ ਖੜ੍ਹਾ ਕੀਤਾ ਹੈ। ਪਰ ਨਾਲ ਹੀ ਇਹ ਵੀ ਕਿਹਾ ਕਿ ਸਿੱਖੀ ਨੂੰ ਕੋਈ ਢਾਹ ਨਹੀਂ ਲੱਗ ਸਕਦੀ। ਸਾਨੂੰ ਗੁਰਦੁਆਰਿਆਂ ਅਤੇ ਸਿੱਖ ਸੰਸਥਾਵਾਂ ਅੰਦਰ ਗੁਰਬਾਣੀ ਤੋਂ ਦਿਸ਼ਾ ਲੈ ਕੇ ਚੜ੍ਹਦੀ ਕਲਾ ਵੱਲ ਜਾਣ ਦੇ ਉਪਰਾਲੇ ਕਰਨ ਦੀ ਲੋੜ ਹੈ। ਇਸ ਤੋਂ ਬਾਅਦ ਉਨ੍ਹਾਂ ਨੇ ਸ੍ਰੋਤਿਆਂ ਵੱਲੋਂ ਕੀਤੇ ਗੰਭੀਰ ਮਸਲਿਆਂ ਦੇ ਸਵਾਲਾਂ ਦੇ ਜਵਾਬ ਦਿੱਤੇ। ਕੇਸਰ ਸਿੰਘ ਨੀਰ, ਜੋਗਾ ਸਿੰਘ ਸਹੋਤਾ,ਸੁਖਵਿੰਦਰ ਸਿੰਘ ਤੂਰ, ਹਰਚਰਨ ਸਿੰਘ ਪਰਹਾਰ,ਜਗਦੇਵ ਸਿੰਘ ਸਿੱਧੂ, ਸਤਨਾਮ ਸਿੰਘ ਢਾਅ, ਕਵਿੱਤਰੀ ਸੁਰਿੰਦਰ ਗੀਤ,ਜਸਵੰਤ ਸਿੰਘ ਸੇਖੋਂ, ਪਰਮਜੀਤ ਭੰਗੂ, ਜੈਪਾਲ ਸਿੰਘ ਰਾਣਾਨੇ ਆਪੋ ਆਪਣੇ ਅੰਦਾਜ਼ ਵਿੱਚ ਮੰਚ ਉਪਰੋਂ ਹਾਜਰੀ ਲਗਵਾਈ। ਅਰਪਨ ਲਿਖਾਰੀ ਸਭਾ ਦੀ ਕਾਰਜਕਾਰਨੀ ਨੇ ਪ੍ਰੋ: ਬਲਕਾਰ ਸਿੰਘ ਨੂੰ ਯਾਦਗਾਰੀ ਪਲੈਕ ਅਰਪਿਤ ਕਰ ਕੇ ਸਨਮਾਨਿਤ ਕੀਤਾ। ਸਕੱਤਰ ਜਸਵੰਤ ਸਿੰਘ ਸੇਖੋਂ ਨੇ ਜਿੱਥੇ ਬਾ-ਖ਼ੂਬੀ ਮੀਟਿਗ ਦਾ ਸੰਚਾਲਨ ਕੀਤਾ।


# ਕੈਲਗਰੀ ਵਿੱਚ ਅਗਾਂਹ-ਵਧੂ ਸੱਭਿਆਚਾਰਕ ਸੋਚ ਵਾਲੇ ਨਾਟਕ 19 ਜੂਨ ਨੂੰ ਹੋਣਗੇ

ਕੈਲਗਰੀ (ਪੰਜਾਬੀ ਅਖ਼ਬਾਰ ਬਿਊਰੋ) ਕੈਲਗਰੀ ਵਿਖੇ 11 ਵਾਂ ਸਾਲਾਨਾ ਅਗਾਂਹ-ਵਧੂ ਸੱਭਿਆਚਰਕ ਸੋਚ ਨੂੰ ਪ੍ਰਫੁਲਤ ਕਰਨ ਵਾਲਾ ਨਾਟਕ ਸਮਾਗਮ ਇਸ ਸਾਲ ਕੈਲਗਰੀ ਦੇ ਰੈਡਸਟੋਨ ਥੀਏਟਰ ਵਿਖੇ 19 ਜੂਨ 2022 ਦਿਨ ਐਤਵਾਰ ਦੀ ਸਾਮ ਨੂੰ 4 ਵਜੇ ਤੋਂ ਲੈਕੇ 7 ਵਜੇ ਤੱਕ ਹੋਵੇਗਾ। ਪ੍ਰੋਗਰੈਸਿਵ ਕਲਚਰਲ ਐਸੋਸੀਏਸ਼ਨ ਕੈਲਗਰੀ(ਰਜਿ:) ਦੀ ਇਸ ਪੇਸ਼ਕਾਰੀ ਦੌਰਾਨ ਖੇਡੇ ਜਾਣ ਵਾਲੇ ਨਾਟਕ ਸਿਰਫ ਹਾਸੇ ਠੱਠੇ ਜਾਂ ਮਜਾਕੀਆ ਪਾਤਰਾਂ ਵਾਲੇ ਹੀ ਨਹੀਂ ਹੁੰਦੇ ਸਗੋਂ ਇਹਨਾਂ ਨਾਟਕਾਂ ਰਾਹੀਂ ਨਰੋਆ ਸਮਾਜ ਸਿਰਜਣ, ਸਮਾਜਿਕ ਕੁਰੀਤੀਆਂ, ਰਾਜਨੀਤਕ ਗਿਰਾਵਟਾਂ, ਮਨੁੱਖਤਾ ਦੇ ਹੁੰਦੇ ਘਾਣ ਦੀ ਵਿਆਖਿਆ, ਤਰਕਵਾਦੀ ਵਿਗਿਅਨਕ ਸੋਚ, ਦੇ ਝਲਕਾਰੇ ਪੈਂਦੇ ਹੁੰਦੇ ਹਨ ਅਤੇ ਨਾਟਕਾਂ ਦੀ ਖਾਤਮੇ ਉਪਰੰਤ ਹਾਲ ਵਿੱਚੋਂ ਨਿਕਲਣ ਸਮੇਂ ਆਪਣੇ ਨਾਲ ਕੋਈ ਚੰਗਾ ਸੁਨੇਹਾ ਲੈਕੇ ਹੀ ਘਰਾਂ ਨੂੰ ਵਾਪਿਸ ਜਾ ਰਹੇ ਹੁੰਦੇ ਹਨ। ਇਸ ਸੰਸਥਾ ਦੇ ਮੋਢੀ ਮਾਸਟਰ ਭਜਨ ਸਿੰਘ ਗਿੱਲ ਹੋਰਾਂ ਨੇ ਪੰਜਾਬੀ ਅਖ਼ਬਾਰ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਇਸ ਸਮਾਗਮ ਦੌਰਾਨ ਦੋ ਨਾਟਕ ਖੇਡੇ ਜਾਣਗੇ ਪਹਿਲਾ ਨਾਟਕ ਹਰਕੇਸ਼ ਚੌਧਰੀ ਦਾ ਲਿਖਿਆ ਹੋਇਆ "ਪਰਿੰਦੇ ਭਟਕ ਗਏ" ਜੋ ਜਾਨ ਲੇਵਾ ਨਸ਼ਿਆਂ ਦੀ ਦਿਨੋ ਦਿਨ ਵਧ ਰਹੀ ਅਲਾਮਤ ਬਾਰੇ ਹੋਵੇਗਾ ਉਹ ਖੇਡਿਆ ਜਾਵੇਗਾ। ਦੂਸਰਾ ਨਾਟਕ ਕਨੇਡਾ ਰਹਿੰਦੇ ਹੋਏ ਕਨੇਡਾ ਦੀਆਂ ਸਮੱਸਿਆਵਾਂ ਬਾਰੇ ਹੋਵੇਗਾ। ਬੱਚਿਆ ਦੀ ਟੀਮ ਵੱਲੋਂ ਦੋ ਕੋਰੀਓਗਰਾਫੀਆਂ ਵੀ ਪੇਸ਼ ਕੀਤੀਆਂ ਜਾਣਗੀਆਂ। ਕੈਲਗਰੀ ਦੇ ਰੈਡ ਸਟੋਨ ਏਰੀਆ ਵਿੱਚ 5 ਰੈਡਸਟੋਨ ਹਾਈਟਸ ਨਾਰਥ ਈਸਟ ਵਿਖੇ ਥੀਏਟਰ ਦੇ ਦਰਵਾਜੇ ਠੀਕ ਸਾਢੇ ਤਿੰਨ ਵਜੇ ਖੁੱਲ ਜਾਣਗੇ ਅਤੇ ਸਮਾਗਮ ਦੀ ਸੁਰੂਆਤ ਠੀਕ ਚਾਰ ਵਜੇ ਹੋ ਜਾਵੇਗੀ। ਇਸ ਸਮਾਗਮ ਦੀ ਦਾਖਲਾ ਟਿਕਟ ਸਿਰਫ 10 ਡਾਲਰ ਹੀ ਰੱਖੀ ਗਈ ਹੈ। ਟਿਕਟਾਂ ਤੁਸੀਂ 403 455 4220,403 479 4220 ਜਾਂ 403 681 8689 ਉੱਪਰ ਫੋਨ ਕਰਕੇ ਲੈ ਸਕਦੇ ਹੋ।




# ਇਕਬਾਲ ਰਾਮੂੰਵਾਲੀਆ ਦੀ ਪੰਜਵੀਂ ਬਰਸੀ ਦੇ ਮੌਕੇ 'ਤੇ ਉਹਨਾਂ ਦਾ ਸਿਮਰਤੀ ਗ੍ਰੰਥ ਲੋਕ ਅਰਪਣ ਹੋਵੇਗਾ

ਕੈਲਗਰੀ (ਪੰਜਾਬੀ ਅਖਬਾਰ ਬਿਊਰੋ) ਕੈਲਗਰੀ ਦੀ ਸਾਹਿਤਕ ਸੰਸਥਾ, 'ਸ਼ਬਦ-ਸਾਂਝ ਕੈਲਗਰੀ' ਵੱਲੋਂ ਪੰਜਾਬੀ ਦੇ ਮਰਹੂਮ ਕਵੀ, ਕਹਾਣੀਕਾਰ, ਨਾਵਲਕਾਰ ਸਵਰਗਵਾਸੀ ਇਕਬਾਲ ਰਾਮੂੰਵਾਲੀਆ ਦੀ ਪੰਜਵੀਂ ਬਰਸੀ ਦੇ ਮੌਕੇ 'ਤੇ ਉਹਨਾਂ ਦਾ ਸਿਮਰਤੀ ਗ੍ਰੰਥ ਲੋਕ ਅਰਪਣ ਕੀਤਾ ਜਾ ਰਿਹਾ ਹੈ।ਸ਼ਬਦ ਸ਼ਾਂਝ ਕੈਲਗਰੀ ਦੀ ਪ੍ਰਧਾਨ ਡਾ. ਬਲਵਿੰਦਰ ਕੌਰ ਬਰਾੜ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 18 ਜੂਨ 2022 ਦਿਨ ਸ਼ਨੀਵਾਰ ਨੂੰ ਦੁਪਹਿਰ 12 ਵਜੇ ਟੈਂਪਲ ਕਮਿਊਨਟੀ ਹਾਲ ਨੌਰਥ ਈਸਟ ਕੈਲਗਰੀ ਵਿਖੇ ਇਸ ਸੰਬੰਧੀ ਪ੍ਰੋਗਰਾਮ ਰੱਖਿਆ ਗਿਆ ਹੈ।ਇਸ ਮੌਕੇ ਨਾਮਵਰ ਸਾਹਿਤਕਾਰ ਅਤੇ ਦੋ ਵਾਰ ਦੇ ਪੀਐਚਡੀ ਪ੍ਰੋਫੈਸਰ ਡਾਕਟਰ ਸੁਰਿੰਦਰ ਧੰਜਲ ਮੁੱਖ ਬੁਲਾਰੇ ਹੋਣਗੇ।ਸਵ: ਇਕਬਾਲ ਰਾਮੂੰਵਾਲੀਆ ਦੀ ਜੀਵਨ ਸਾਥਣ ਸੁਖ ਸਾਗਰ ਅਤੇ ਉਹਨਾਂ ਦੀ ਇੱਕ ਬੇਟੀ ਵੀ ਪਰਿਵਾਰ ਵੱਲੋਂ ਇਸ ਸਮਾਗਮ ਵਿੱਚ ਹਾਜਰੀ ਭਰਨਗੇ। ਮਾਸਟਰ ਬਚਿੱਤਰ ਸਿੰਘ ਗਿੱਲ ਵੱਲੋਂ ਕਵੀਸ਼ਰੀ ਪੇਸ਼ ਕੀਤੀ ਜਾਵੇਗੀ। ਇਸ ਤੋਂ ਇਲਾਵਾ ਕਵੀ ਦਰਬਾਰ ਵੀ ਚੱਲੇਗਾ। ਭਰਪੂਰ ਸਾਹਿਤ ਚਰਚਾ ਕਰਵਾਏ ਜਾਣ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ। ਐਡਮੰਟਨ, ਟੋਰੰਟੋ ਅਤੇ ਬੀ.ਸੀ. ਤੋਂ ਨਾਮਵਰ ਸ਼ਖਸੀਅਤਾਂ ਇਸ ਸਮਾਗਮ ਵਿੱਚ ਹਿੱਸਾ ਲੈਣ ਲਈ ਪਹੁੰਚ ਰਹੀਆਂ ਹਨ। ਸਾਰਿਆਂ ਨੂੰ ਖੁੱਲਾ ਸੱਦਾ ਪੱਤਰ ਦਿੱਤਾ ਗਿਆ ਹੈ। ਚਾਹ ਪਾਣੀ ਦਾ ਪੂਰਾ ਪ੍ਰਬੰਧ ਹੋਵੇਗਾ।






















# ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨੂੰ ਸਮਰਪਿਤ ਸੈਮੀਨਾਰ ਕਰਵਾਇਆ ਗਿਆ




ਕੈਲਗਰੀ (ਪੰਜਾਬੀ ਅਖ਼ਬਾਰ ਬਿਊਰੋ) ਸਿੱਖ ਸੋਸਾਇਟੀ ਕੈਲਗਰੀ ਵੱਲੋਂ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੂੰ ਸਮਰਪਿਤ ਸੈਮੀਨਾਰ ਦਾ ਆਯੋਜਿਨ ਜੂਨ ਦੇ ਪਹਿਲੇ ਹਫਤੇ ਕੀਤਾ ਗਿਆ। ਕੈਲਗਰੀ ਵਿੱਚ ਪਹਿਲੀ ਵਾਰ ਕਿਸੇ ਗੁਰਦੁਆਰਾ ਸੰਸਥਾ ਵੱਲੋਂ ਕਰਵਾਇਆ ਗਿਆ ਇਹ "ਅਕਾਦਮਿਕ ਸੈਮੀਨਾਰ" ਸੀ। ਜਿਸ ਵਿਚ ਵਿਦਵਾਨਾ ਨੇ ਖੋਜ ਭਰਪੂਰ ਪਰਚੇ ਪੜੇ। ਕੈਲਗਰੀ ਦੇ ਗੁਰੂਘਰ ਵਿਖੇ ਹੀ ਸੇਵਾ ਨਿਭਾ ਰਹੇ ਡਾ: ਦਲਜੀਤ ਸਿੰਘ ਹੋਰਾਂ ਨੇ "ਗੁਰੂ ਅਰਜਨ ਦੇਵ ਜੀ ਦੀ ਬਾਣੀ ਵਿੱਚ ਵਿਸਮਾਦ" ਵਿਸ਼ੇ ਤੇ ਵਿਚਾਰ ਸਾਂਝੇ ਕੀਤੇ। ਇਸ ਮੌਕੇ ਭੁਪਿੰਦਰ ਸਿੰਘ ਚੱਠਾ, ਡਾ ਮਾਈਕਲ ਹੌਲੀ, ਡਾ: ਹਰਜੀਤ ਸਿੰਘ ਗਰੇਵਾਲ, ਡਾ: ਸ਼ੇਰ ਜੇ ਬੀ ਸਿੰਘ, ਡਾ: ਹਰਜੋਤ ਕੌਰ, ਡਾ: ਸਤਵਿੰਦਰ ਕੌਰ ਬੈਂਸ, ਡਾ: ਦਲਜੀਤ ਸਿੰਘ, ਸ: ਜਸਪਾਲ ਸਿੰਘ ਮਾਨ, ਸ: ਗਗਨਦੀਪ ਸਿੰਘ ਈਸਰ ਅਤੇ ਸ: ਯੁਵਰਾਜ ਸਿੰਘ: ਸੈਮੀਨਾਰ ਨੂੰ ਸਫਲ ਬਣਾਉਣ ਵਿਚ ਯੋਗਦਾਨ ਪਾਉਂਦਿਆਂ ਹਾਜਰੀ ਭਰੀ

# ਘਰਾਂ 'ਚ ਰਹਿ ਰਹੇ ਲੋੜਵੰਦ ਬਜ਼ੁਰਗਾਂ ਦੀ ਮੱਦਦ ਲਈ ਨਵਾਂ ਪ੍ਰੋਗਰਾਮ ਲਾਂਚ ਕੀਤਾ ਗਿਆ

ਔਟਵਾ (ਪੰਜਾਬੀ ਅਖ਼ਬਾਰ ਬਿਊਰੋ) ਕੈਨੇਡਾ ਸਰਕਾਰ ਵੱਲੋਂ ਘਰਾਂ ਵਿੱਚ ਰਹਿ ਰਹੇ ਬਜ਼ੁਰਗਾਂ ਦੀ ਮੱਦਦ ਲਈ ਇੱਕ ਨਵੇਂ ਪ੍ਰੋਗਰਾਮ ਨੂੰ ਲਾਂਚ ਕੀਤਾ ਗਿਆ ਹੈ ਤਾਂ ਕਿ ਘਰਾਂ ਵਿੱਚ ਰਹਿ ਰਹੇ ਲੋੜਵੰਦ ਤੇ ਬਿਮਾਰ ਬਜ਼ੁਰਗਾਂ ਦੀ ਮਦਦ ਹੋ ਸਕੇ। ਸੀਨੀਅਰਜ਼ ਬਾਰੇ ਮੰਤਰੀ ਕਮਲ ਖਹਿਰਾ ਨੇ ਔਟਵਾ ਵਿੱਚ ਇਸ ਪ੍ਰੋਗਰਾਮ ਦਾ ਐਲਾਨ ਕਰਦਿਆਂ ਆਖਿਆ ਕਿ ਕੁੱਝ ਬਜ਼ੁਰਗ ਹੁੰਦੇ ਹਨ ਜੋ ਆਪਣੀ ਮਰਜ਼ੀ ਨਾਲ ਆਪਣੇ ਘਰਾਂ ਨੂੰ ਛੱਡ ਕੇ ਸੀਨੀਅਰ ਕੇਅਰ ਹੋਮਸ ਵਿੱਚ ਚਲੇ ਜਾਂਦੇ ਹਨ ਪਰ ਕਈ ਬਜ਼ੁਰਗਾਂ ਨੂੰ ਮਜਬੂਰੀ ਵੱਸ ਆਪਣੇ ਘਰ ਛੱਡਣੇ ਪੈਂਦੇ ਹਨ।

ਇਨ੍ਹਾਂ ਬਜ਼ੁਰਗਾਂ ਨੂੰ ਆਪਣੇ ਘਰ ਨਾ ਛੱਡਣੇ ਪੈਣ ਇਸ ਲਈ ਇਹ ਪ੍ਰੋਗਰਾਮ ਲਾਂਚ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਵਿਚ ਦੋ ਕੈਟਾਗਰੀਆਂ ਰੱਖੀਆਂ ਗਈਆਂ ਹਨ। ਪਹਿਲੀ ਇਨ ਹੋਮ ਸਪੋਰਟ ਪਾਇਲਟ ਪ੍ਰਾਜੈਕਟ ਹੈ ਜਿਸ ਤਹਿਤ ਯੋਗ ਬਜ਼ੁਰਗਾਂ ਨੂੰ ਖਾਣਾ ਪਹੁੰਚਾਉਣ, ਬਰਫ ਸਾਫ ਕਰਨਾ, ਯਾਰਡ ਵਰਕ ਆਦਿ ਸ਼ਾਮਿਲ ਹਨ ਉਨ੍ਹਾਂ ਦੱਸਿਆ ਕਿ ਇਸ ਪ੍ਰਾਜੈਕਟ ਤਹਿਤ ਯੋਗ ਸੰਸਥਾਵਾਂ ਨੂੰ 8 ਲੱਖ ਡਾਲਰ ਤੱਕ ਦੀ ਮੱਦਦ ਦਿੱਤੀ ਜਾਵੇਗੀ। ਜਦੋਂ ਕਿ ਦੂਜੀ ਕੈਟਾਗਰੀ ਸਕੇਲਿੰਗ ਅਪ ਫਾਰ ਸੀਨੀਅਰਜ਼ ਹੈ। ਇਸ ਤਹਿਤ ਪਹਿਲਾਂ ਹੀ ਜੋ ਸੰਸਥਾਵਾਂ ਬਜ਼ੁਰਗਾਂ ਨੂੰ ਸੇਵਾਵਾਂ ਦੇ ਰਹੀਆਂ ਹਨ ਉਸ ਵਿੱਚ ਹੋਰ ਸੁਧਾਰ ਕੀਤਾ ਜਾਣਾ ਸ਼ਾਮਲ ਹੈ। ਇਸ ਤਹਿਤ ਯੋਗ ਸੰਸਥਾਵਾਂ ਦੋ ਮਿਲੀਅਨ ਡਾਲਰ ਤੱਕ ਦੀ ਮੱਦਦ ਪ੍ਰਾਪਤ ਕਰ ਸਕਦੀਆਂ ਹਨ ਉਨ੍ਹਾਂ ਅੱਗੇ ਆਖਿਆ ਕਿ ਇਸ ਪ੍ਰਾਜੈਕਟ ਤਹਿਤ ਆਉਣ ਵਾਲੀਆਂ ਸੰਸਥਾਵਾਂ 22 ਜੁਲਾਈ ਤਕ ਅਪਲਾਈ ਕਰ ਸਕਦੀਆਂ ਹਨ।

# ਪੁਸਤਕ ਮੇਲੇ ਮੌਕੇ ਪਾਠਕਾਂ ਵੱਲੋਂ ਦਿਖਾਇਆ ਉਤਸ਼ਾਹ ਅਤੇ ਨਾਟਕਾਂ ਦੀਆਂ ਟਿਕਟਾਂ ਦੀ ਵਿਕਰੀ ਕੈਲਗਰੀ ਵਾਸੀਆਂ ਦੀ ਉਸਾਰੂ ਸੋਚ ਦਾ ਪ੍ਰਗਟਾਵਾ ਕਰਦੀ ਹੈ

ਕੈਲਗਰੀ (ਪੰਜਾਬੀ ਅਖਬਾਰ ਬਿਊਰੋ) ਬੀਤੇ ਐਤਵਾਰ 12, ਜੂਨ, 2022 ਨੂੰ ਮਾਸਟਰ ਭਜਨ ਸਿੰਘ ਤੇ ਸਾਥੀਆਂ ਵੱਲੋਂ 'ਸ਼ਹੀਦ ਭਗਤ ਸਿੰਘ ਬੁੱਕ ਸੈਂਟਰ' ਦੇ ਬੈਨਰ ਹੇਠ ਇਸ ਸਾਲ ਦਾ ਦੂਜਾ ਇੱਕ ਰੋਜ਼ਾ ਪੁਸਤਕ ਮੇਲਾ ਗਰੀਨ ਪਲਾਜ਼ਾ ਵਿਖੇ ਲਗਾਇਆ ਗਿਆ।ਇਸ ਮੌਕੇ ਤੇ ਸੈਂਟਰ ਦੇ ਸੰਚਾਲਕ ਮਾਸਟਰ ਭਜਨ ਸਿੰਘ ਨੇ ਪਾਠਕਾਂ ਨੂੰ ਅਪੀਲ ਕੀਤੀ ਕਿ ਸਾਨੂੰ ਕਿਤਾਬਾਂ ਨੂੰ ਆਪਣੇ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਉਣ ਦੇ ਨਾਲ-ਨਾਲ ਆਪਣੇ ਘਰਾਂ ਵਿੱਚ ਮਿੰਨੀ ਲਾਇਬ੍ਰੇਰੀਆਂ ਵੀ ਬਣਾਉਣ ਦੀ ਲੋੜ ਹੈ।ਉਨ੍ਹਾਂ ਪਾਠਕਾਂ ਨੂੰ ਸੁਝਾਅ ਦਿੱਤਾ ਕਿ ਸਾਨੂੰ ਆਪਣੇ ਬੱਚਿਆਂ ਵਿੱਚ ਕਿਤਾਬਾਂ ਪੜ੍ਹਨ ਦਾ ਉਤਸ਼ਾਹ ਪੈਦਾ ਕਰਨਾ ਚਾਹੀਦਾ ਹੈ।ਉਨ੍ਹਾਂ ਮੀਡੀਏ ਵਲੋਂ ਕੀਤੇ ਸਹਿਯੋਗ ਲਈ ਧੰਨਵਾਦ ਕੀਤਾ। ਇਸ ਪੁਸਤਕ ਮੇਲੇ ਦਾ ਉਦਘਾਟਨ ਮੰਡੀ ਮੁੱਲਾਂਪੁਰ ਤੋਂ ਲੋਕ ਕਲਾ ਮੰਚ ਦੇ ਲੇਖਕ ਤੇ ਡਾਇਰੈਕਟਰ ਹਰਕੇਸ਼ ਚੌਧਰੀ ਵਲੋਂ ਕੀਤਾ ਗਿਆ।ਉਨ੍ਹਾਂ ਜਿੱਥੇ ਸ਼ਹੀਦ ਭਗਤ ਸਿੰਘ ਬੁੱਕ ਸੈਂਟਰ ਦੇ ਸੰਚਾਲਕਾਂ ਵਲੋਂ ਵਿਦੇਸ਼ਾਂ ਵਿੱਚ ਅਜਿਹੇ ਪੁਸਤਕ ਮੇਲੇ ਲਗਾਉਣ ਦੀ ਸ਼ਲਾਘਾ ਕੀਤੀ, ਉਥੇ ਕਾਮਰੇਡ ਲੈਨਿਨ ਦੇ ਕਥਨ ਦੇ ਹਵਾਲੇ ਨਾਲ਼ ਪਾਠਕਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਲੈਨਿਨ ਨੇ ਕਿਹਾ ਸੀ ਕਿ ਮੈਨੂੰ ਆਪਣੇ ਨੌਜਵਾਨਾਂ ਦੇ ਹੱਥਾਂ ਵਿੱਚ ਕਿਤਾਬਾਂ ਤੇ ਜੁਬਾਨ ਤੇ ਗਾਣਿਆਂ ਬਾਰੇ ਦੱਸੋ ਤਾਂ ਮੈਂ ਤੁਹਾਡੇ ਦੇਸ਼ ਦਾ ਭਵਿੱਖ ਦੱਸ ਸਕਦਾ ਹਾਂ। ਬਦਕਿਸਮਤੀ ਨਾਲ਼ ਅੱਜ ਸਾਡੇ ਨੌਜਵਾਨਾਂ ਦੇ ਹੱਥਾਂ ਵਿੱਚੋਂ ਨਾ ਸਿਰਫ ਕਿਤਾਬਾਂ ਗਾਇਬ ਹੋ ਚੁੱਕੀਆਂ ਹਨ, ਸਗੋਂ ਹਥਿਆਰਾਂ, ਨਸ਼ਿਆਂ, ਗੈਂਗਵਾਰ ਦੇ ਗੀਤ ਉਨ੍ਹਾਂ ਦੀਆਂ ਜ਼ੁਬਾਨਾਂ ਤੇ ਹਨ।ਇੱਕ ਰੋਜ਼ਾ ਇਸ ਮੇਲੇ ਵਿੱਚ ਹਰ ਵਰਗ ਦੇ ਪਾਠਕਾਂ ਨੇ ਨਾ ਸਿਰਫ ਬੜੇ ਉਤਸ਼ਾਹ ਨਾਲ ਕਿਤਾਬਾਂ ਹੀ ਖਰੀਦੀਆਂ, ਸਗੋਂ ਪ੍ਰੋਗਰੈਸਿਵ ਕਲਚਰਲ ਐਸੋਸੀਏਸ਼ਨ ਕੈਲਗਰੀ ਵਲੋਂ 19 ਜੂਨ, 2022 ਨੂੰ ਕਰਵਾਏ ਜਾ ਰਹੇ 11ਵੇਂ ਨਾਟਕ ਸਮਾਗਮ ਦੀਆਂ ਟਿਕਟਾਂ ਵੀ ਬੜੇ ਉਤਸ਼ਾਹ ਨਾਲ਼ ਖਰੀਦੀਆਂ।ਪ੍ਰਬੰਧਕਾਂ ਵਲੋਂ 19 ਜੂਨ ਦੇ ਨਾਟਕ ਸਮਾਗਮ ਵਿੱਚ ਪਹੁੰਚਣ ਦਾ ਸਭ ਨੂੰ ਖੁੱਲ੍ਹਾ ਸੱਦਾ ਦਿਤਾ।ਪੁਸਤਕ ਮੇਲੇ ਦੇ ਪ੍ਰਬੰਧਕਾਂ ਵਲੋਂ ਪਾਠਕਾਂ ਵਲੋਂ ਦਿਖਾਏ ਉਤਸ਼ਾਹ ਤੇ ਖੁਸ਼ੀ ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਕਿ ਕੈਲਗਰੀ ਵਿੱਚ ਦਿਨੋਂ ਦਿਨ ਪਾਠਕਾਂ ਦੀ ਗਿਣਤੀ ਵਿੱਚ ਵਾਧਾ ਹੋ ਰਿਹਾ ਹੈ।ਹਰ ਵਾਰ ਦੀ ਤਰ੍ਹਾਂ ਇਸ ਪੁਸਤਕ ਮੇਲੇ ਵਿੱਚ ਵੀ ਪੰਜਾਬੀ, ਹਿੰਦੀ, ਅੰਗਰੇਜੀ ਦੀਆਂ ਸਾਹਿਤਕ, ਰਾਜਨੀਤਕ, ਸਮਾਜਿਕ, ਸਿਹਤ ਸਬੰਧੀ ਕਿਤਾਬਾਂ ਦੇ ਨਾਲ਼-ਨਾਲ਼ ਹੋਰ ਭਾਸ਼ਾਵਾਂ ਵਿਚੋਂ ਪੰਜਾਬੀ ਵਿੱਚ ਅਨੁਵਾਦਕ ਵਿਸ਼ਵ ਪ੍ਰਸਿੱਧ ਪੁਸਤਕਾਂ ਵੀ ਰੱਖੀਆਂ ਗਈਆਂ ਸਨ।ਪਾਠਕਾਂ ਵਲੋਂ ਦਿਖਾਏ ਉਤਸ਼ਾਹ ਨਾਲ ਪ੍ਰਬੰਧਕਾਂ ਦੇ ਹੌਸਲੇ ਵੀ ਬੁਲੰਦ ਹੋਏ ਹਨ ਤੇ ਉਨ੍ਹਾਂ ਵਲੋਂ ਵਾਅਦਾ ਕੀਤਾ ਗਿਆ ਕਿ ਹਰ ਸੰਭਵ ਯਤਨ ਕਰਕੇ ਅੱਗੇ ਤੋਂ ਸਮਾਜਿਕ ਸਰੋਕਾਰਾਂ ਨੂੰ ਸਮਰਪਿਤ ਵਿਗਿਆਨਕ ਤੇ ਅਗਾਂਹਵਧੂ ਸੋਚ ਵਾਲੀਆਂ ਹੋਰ ਕਿਤਾਬਾਂ ਵੀ ਰੱਖੀਆਂ ਜਾਣਗੀਆਂ।ਬੇਸ਼ਕ ਇਹ ਪੁਸਤਕ ਮੇਲਾ ਤਾਂ ਉਸੇ ਦਿਨ ਸਮਾਪਤ ਹੋ ਗਿਆ ਸੀ, ਪਰ ਮਾਸਟਰ ਜੀ ਕੋਲ਼ ਕਿਤਾਬਾਂ ਦਾ ਸਟਾਕ ਖਤਮ ਨਹੀਂ ਹੋਇਆ। ਤੁਸੀਂ ਮਾਸਟਰ ਭਜਨ ਸਿੰਘ ਜੀ ਨਾਲ 403-455-4220 ਤੇ ਸੰਪਰਕ ਕਰਕੇ ਉਨ੍ਹਾਂ ਤੋਂ ਆਪਣੇ ਮਨਪਸੰਦ ਦੀਆਂ ਕਿਤਾਬਾਂ ਜਦੋਂ ਮਰਜੀ ਉਨ੍ਹਾਂ ਦੇ ਘਰੋਂ ਜਾ ਕੇ ਖਰੀਦ ਸਕਦੇ ਹੋ ਅਤੇ ਜੇ ਕੋਈ ਕਿਤਾਬ ਸਟਾਕ ਵਿੱਚ ਨਾ ਹੋਵੇ ਤਾਂ ਆਰਡਰ ਵੀ ਕਰ ਸਕਦੇ ਹੋ?




# ਕੈਨੇਡਾ 'ਚ ਵਧੀਆਂ ਮਹਿੰਗੀਆਂ ਗੱਡੀਆਂ ਲੁੱਟਣ ਦੀਆਂ ਵਾਰਦਾਤਾਂ ਸਬੰਧੀ ਪੁਲਿਸ ਨੇ ਲੁੱਟ ਦੀ ਵੀਡੀਓ ਜਾਰੀ ਕੀਤੀ

ਟੋਰਾਂਟੋ (ਪੰਜਾਬੀ ਅਖ਼ਬਾਰ ਬਿਊਰੋ) ਕੈਨੇਡਾ ਵਿੱਚ ਤੇ ਖਾਸ ਕਰਕੇ ਗ੍ਰੇਟਰ ਟੋਰਾਂਟੋ ਏਰੀਆ ਵਿੱਚ ਮਹਿੰਗੀਆਂ ਗੱਡੀਆਂ ਲੁੱਟਣ ਦੀਆਂ ਵਾਰਦਾਤਾਂ ਵਿੱਚ ਆਏ ਦਿਨ ਤੇਜ਼ੀ ਹੋ ਰਹੀ ਹੈ ਅਤੇ ਲੱਖ ਕੋਸ਼ਿਸ਼ਾਂ ਦੇ ਬਾਵਜੂਦ ਪੁਲੀਸ ਇਸ ਵਰਤਾਰੇ ਨੂੰ ਰੋਕਣ ਵਿੱਚ ਸਫ਼ਲ ਹੁੰਦੀ ਨਹੀਂ ਜਾਪ ਰਹੀ। ਲੁਟੇਰਿਆਂ ਦੇ ਹੌਂਸਲੇ ਇੱਥੋਂ ਤਕ ਬੁਲੰਦ ਹੋ ਚੁੱਕੇ ਹਨ ਕਿ ਉਹ ਸਿੱਧੇ ਘਰਾਂ ਵਿੱਚ ਦਾਖ਼ਲ ਹੋ ਕੇ ਵੀ ਲੁੱਟ ਖੋਹ ਕਰਨ ਅਤੇ ਬਾਅਦ ਵਿਚ ਘਰਾਂ ਦੇ ਬਾਹਰ ਖੜ੍ਹੀਆਂ ਮਹਿੰਗੀਆਂ ਗੱਡੀਆਂ ਲੈ ਕੇ ਫ਼ਰਾਰ ਹੋਣ ਤੋਂ ਵੀ ਗੁਰੇਜ਼ ਨਹੀਂ ਕਰ ਰਹੇ। ਪੀਲ ਪੁਲੀਸ ਵੱਲੋਂ ਅਜਿਹੀ ਹੀ ਇੱਕ ਵੀਡੀਓ ਜਾਰੀ ਕੀਤੀ ਗਈ ਹੈ ਜਿਸ ਵਿਚ ਪੰਜ ਹਥਿਆਰਬੰਦ ਲੁਟੇਰੇ ਮਿਸੀਸਾਗਾ ਸਥਿਤ ਇੱਕ ਘਰ ਵਿਚ ਦਾਖਲ ਹੁੰਦੇ ਹਨ ਅਤੇ ਪਰਿਵਾਰ ਕੋਲੋਂ ਨਕਦੀ ਲੁੱਟਣ ਤੋਂ ਇਲਾਵਾ ਘਰ ਦੇ ਬਾਹਰ ਖੜੀ ਗੱਡੀ ਲੈ ਕੇ ਫਰਾਰ ਹੋ ਜਾਂਦੇ ਹਨ। ਪੁਲੀਸ ਅਨੁਸਾਰ ਇਹ ਵਾਰਦਾਤ ਪਿਛਲੇ ਸਾਲ 3 ਸਤੰਬਰ 2021 ਦੇ ਕਰੀਬ ਵਾਪਰੀ। ਇਸੇ ਦੌਰਾਨ ਟੋਰਾਂਟੋ ਪੁਲੀਸ ਵੱਲੋਂ ਜਾਣਕਾਰੀ ਦਿੱਤੀ ਗਈ ਹੈ ਕਿ ਉਨ੍ਹਾਂ ਵੱਲੋਂ 17 ਅਤੇ 19 ਸਾਲ ਦੇ ਦੋ ਨੌਜਵਾਨਾਂ ਨੂੰ ਕਾਰਾਂ ਲੁੱਟਣ ਦੇ ਸੌ ਤੋਂ ਵੱਧ ਮਾਮਲਿਆਂ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਹੈ। ਇਨ੍ਹਾਂ ਮਾਮਲਿਆਂ ਵਿੱਚੋਂ ਪੰਜਾਂ ਵਿਚ ਇਹ ਲੁਟੇਰੇ ਕਾਮਯਾਬ ਹੋਏ ਜਿਸ ਵਿੱਚ ਇੱਕ ਲੁਟੇਰਾ ਹਥਿਆਰ ਲੈ ਕੇ ਡਰਾਈਵ ਵੇ ਵਿੱਚ ਖੜ੍ਹੇ ਵਿਅਕਤੀ ਤਕ ਪਹੁੰਚਦਾ ਹੈ ਅਤੇ ਪਿਸਤੌਲ ਦਿਖਾ ਕੇ ਕਾਰ ਦੀ ਚਾਬੀ ਮੰਗ ਲੈਂਦਾ ਹੈ ਜਦ ਕਿ ਦੂਜਾ ਲੁਟੇਰਾ ਇੱਕ ਹੋਰ ਵਾਹਨ ਦੇ ਵਿੱਚ ਬੈਠਾ ਹੁੰਦਾ ਹੈ।

Sidhu Accounting & Financial Services
Accounting Services
Personal Tax Returns
• Corporate Tax Returns
• Computerized Bookkeeping
• T4's
• Record of Employment
Financial Services
• RRSP
• Life Insurance
Term Life
Universal Life
• Critical Illness Insurance
• Segregated Funds
IQBAL SIDHU
(403) 568-2667
ਛੋਟੇ ਵੱਡੇ ਕਿਸੇ ਵੀ ਤਰ੍ਹਾਂ ਦੇ ਬਿਜ਼ਨਸ ਲਈ ਅਕਾਊਂਟਿੰਗ ਦੀ ਹਰ ਤਰ੍ਹਾਂ ਦੀ ਸੇਵਾਵਾਂ ਲਈ ਇਕਬਾਲ ਸਿੱਧੂ ਨੂੰ ਕਾਲ ਕਰੋ।
#202, 4656 Weswinds Drive NE. Calgary AB T3J 3Z5

NORTHEAST AUTOMOTIVE
Bring your vehicle into NorthEast Automotive and be on smoother, stress free roads
First Choice for Engine Repair
ਆਪਣੀ ਕਾਰ ਦੀ ਤਸੱਲੀਬਖਸ਼ ਰਿਪੇਅਰ ਅਤੇ ਇੰਜਣ ਦੇ ਨੰਬਰ 1 ਕੰਮ ਲਈ ਸਾਡੇ ਨਾਲ ਸੰਪਰਕ ਕਰੋ।
Contact: DEEP
4205-17 Ave SE
Calgary (AB)
Fax: 403 313 9993
Email: deep@neauto.ca
www.neauto.ca Ph. 403-263-1000, 403-250-7038

PEEL FINANCIAL
LEASING & FINANCE
Experts in
Commercial & Industrial Finance
Heavy Equipment Tranportation
ਪੀਲ ਫਾਇਨਾਂਸੀਅਲ ਵਾਲੇ ਹੀ ਤੁਹਾਨੂੰ ਬਣਾ ਸਕਦੇ ਨੇ ਹੈਵੀ ਡਿਊਟੀ ਟਰੱਕ ਟ੍ਰੇਲਰ, ਟਰੱਕ ਦੇ ਮਾਲਕ
Jatinder Gill
Jay@peelfinancial.ca
306 880 3869
(Winnipeg)
ਘੱਟ ਰੇਟ ਉੱਪਰ ਕੁਝ ਹੀ ਮਿੰਟਾਂ ਵਿੱਚ ਟਰੱਕ ਲੋਨ ਦੀ ਅਪਰੂਵਲ ਲਵੋ।
Davinder Gill
Lease Account Manager
dave@peelfinancial.ca
306 490 2205

ਪੁਰਾਣੀ ਕਾਰ ਘਰੋਂ ਚੁੱਕਵਾਓ-ਵਧੀਆ ਡਾਲਰ ਜੇਬ ਵਿੱਚ ਪਾਓ
ਡਾਲੇ ਵਾਲੇ ਗਿੱਲ ਭਰਾਵਾਂ ਦੀਆਂ ਸੇਵਾਵਾਂ ਤੁਹਾਡੀ ਸੇਵਾ ਵਿੱਚ
BLACK DIAMOND
Auto Parts & Recycling
We sell quality used Auto Parts for Cars, Trucks and Vans
We Buy Scrap Cars
#2, 168 Street W
Black Diamond, AB
www.RetireMyCar.com
Ph: 403-561-0126
Ph: 403-999-0127
ਇੰਜਣ, ਟਰਾਂਸਮਿਸ਼ਨ, ਟਾਇਰ ਗੱਲ ਕੀ ਹਰ ਕਿਸਮ ਦੀਆਂ ਗੱਡੀਆ ਦੇ ਹਰ ਕਿਸਮ ਦੇ ਸਪੇਅਰ ਪਾਰਟਸ ਅਤੇ ਨਵੀਂ ਨਕੋਰ ਲੁੱਕ ਵਾਲੀਆ ਪੁਰਾਣੀਆਂ ਕਾਰਾਂ ਤੁਹਾਡੇ ਬੱਜਟ ਅਨੁਸਾਰ ਲਵੋ।
ਰਾਜ ਗਿੱਲ ਨੂੰ ਫੋਨ ਘੁੰਮਾਓ - ਝੱਟ ਕਾਰ ਦੇ ਮਾਲਕ ਬਣ ਜਾਓ

SUPERVISA INSURANCE
RESP & RRSP
CRITICAL ILLNESS INSURANCE
LIFE INSURANCE
MORTGAGE INSURANCE
TRAVEL INSURANCE
Punjab Insurance Inc
"Your Local Insurance Advisor"
VISITOR INSURANCE
ਘਰ ਬੈਠੇ ਹੀ ਆਨ ਲਾਈਨ ਸੇਵਾਵਾਂ ਵੀ ਲੈ ਸਕਦੇ ਹੋ
90 DAYS NEW IMMIGRANT INSURANCE
NAVDEEP JASWAL
Financial Advisor
403 909 4141

INDIA PALACE
Restaurant & Sweets
ਤੁਹਾਡੇ ਏਰੀਏ ਵਿੱਚ ਈਸਟ ਇੰਡੀਅਨ ਰੈਸਟੋਰੈਂਟ ਜਿੱਥੇ ਤੁਸੀਂ ਸਵਾਦੀ ਖਾਣੇ ਤਾਜੇ ਸਮੋਸੇ, ਗੋਲਗੱਪੇ, ਚਾਟ ਬਗੈਰਾ ਅਤੇ ਤਾਜ਼ੀਆਂ ਮਠਿਆਈਆਂ ਦੇ ਨਾਲ-ਨਾਲ ਮਸਾਲਾ-ਡੋਸਾ ਅਤੇ ਇਡਲੀ ਸਾਂਬਰ ਆਦਿ ਦਾ ਆਨੰਦ ਮਾਣ ਸਕਦੇ ਹੋ।
ਮੱਕੀ ਦੀ ਰੋਟੀ ਸਰੋਂ ਦਾ ਸਾਗ
We do Catering for all Occasions Call us for Advance Booking!
Lunch Special : 7 Days A Week
10% OFF for Catering only
Now We Open 7 Days a week
Ph : 403-285-3097
Cell : 403-870-3227
Bay #10, 5700, Falsbridge Dr. N.E Calgary, T3J 3H4

Punjabi Chulha ਪੰਜਾਬੀ ਚੁੱਲ੍ਹਾ
Restaurant & Sweet Shop
We Do Take-Out & Catering For All Events
ਫੋਨ ਆ ਗਿਆ ਕਿ ਘਰ ਪ੍ਰਾਹੁਣੇ ਆ ਰਹੇ ਨੇ ਐਵੇ ਨਾ ਡਰੋ!
"ਪੰਜਾਬੀ ਚੁੱਲੇ" ਦੇ ਖਾਣਿਆਂ ਨਾਲ ਮਹਿਮਾਨਾ ਦੀ ਆਓ ਭਗਤ ਕਰੋ!
ਦਿਲ ਚਾਹੇ ਉੱਥੇ ਬੈਠ ਕੇ ਖਾਓ-ਦਿਲ ਚਾਹੇ ਘਰ ਲੈ ਜਾਓ!
ਆਪਣੇ ਘਰ ਵੇਲਣੇ ਨੂੰ ਛੁੱਟੀ, ਬੱਸ ਵੇਲਣੇ ਦੀ ਥਾਂ ਫੋਨ ਘੁਮਾਓ!
ਪੰਜਾਬੀ ਚੁੱਲ੍ਹਾ ਰੈਸਟੋਰੈਂਟ
ਕੈਲਗਰੀ ਸਕਾਈਵਿਊ ਦੇ ਰੈਡ ਸਟੋਨ ਏਰੀਆ ਵਿੱਚ ਖੁੱਲ ਗਿਆ ਹੈ।
83 Martindale Blvd NE Calgary, AB T3J 3M7
P: 403-453-9000 / C:403-477-5142

## ਸੰਪਾਦਕੀ



**ਸੱਤਾ ਦੀ ਦੁਰਵਰਤੋਂ ਜਮਹੂਰੀਅਤ ਦੀ ਕਬਰ ਹੈ**
**-ਜੇਮਸ ਮੈਡੀਸਨ**

## ਕਿੱਧਰ ਜਾ ਰਹੀ ਹੈ ਮਾਨ ਸਰਕਾਰ ?

ਆਮ ਆਦਮੀ ਪਾਰਟੀ ਜਦੋਂ ਚੋਣਾਂ ਤੋਂ ਪਹਿਲਾਂ ਪੰਜਾਬ ਸਿਰ ਚੜ੍ਹੇ ਕਰਜ਼ਿਆਂ ਦੀ ਗੱਲ ਕਰਦੀ ਸੀ ਤਾਂ ਸੂਬੇ ਦੇ ਲੋਕਾਂ ਨੇ ਇਸ ਗੱਲ ਉੱਤੇ ਵਿਸ਼ਵਾਸ ਕਰ ਲਿਆ ਕਿ ਇਹ ਪਾਰਟੀ ਜਦੋਂ ਸੱਤਾ ਵਿੱਚ ਆਵੇਗੀ ਤਾਂ ਜ਼ਰੂਰ ਹੀ ਸੂਬੇ ਨੂੰ ਕਰਜ਼ੇ ਤੋਂ ਬਚਾ ਲਵੇਗੀ ਅਤੇ ਸੂਬੇ ਵਿੱਚ ਵਿਕਾਸ ਕਾਰਜਾਂ ਦੀ ਹਨ੍ਹੇਰੀ ਲਿਆ ਦੇਵੇਗੀ ਪਰ ਪਿਛਲੇ ਤਿੰਨ ਮਹੀਨਿਆਂ ਤੋਂ ਇਸ ਸਰਕਾਰ ਤੋਂ ਕੋਈ ਅਜਿਹਾ ਕੀਤਾ ਹੋਇਆ ਕੰਮ ਨਜ਼ਰ ਨਹੀਂ ਆ ਰਿਹਾ ਜਿਸ ਦਾ ਜ਼ਿਕਰ ਘਰ-ਘਰ ਹੁੰਦਾ ਹੋਵੇ। ਉਲਟਾ ਇਹ ਰਵਾਇਤੀ ਪਾਰਟੀਆਂ ਦੀਆਂ ਸਰਕਾਰਾਂ ਨਾਲੋਂ ਵੀ ਉਪਰ ਜਾ ਕੇ ਉਲਟੇ-ਪੁਲਟੇ ਕੰਮ ਕਰਨ ਲੱਗ ਪਈ ਹੈ। ਪੰਜਾਬ ਸਿਰ ਚੜ੍ਹੇ ਕਰੋੜਾਂ ਰੁਪਇਆਂ ਦੇ ਕਰਜ਼ੇ ਦੀ ਪੰਡ ਨੂੰ ਲੈ ਕੇ ਪਿਛਲੀਆਂ ਸਰਕਾਰਾਂ ਨੂੰ ਕੋਸਣ ਵਾਲੀ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਇਸ ਪੰਡ ਨੂੰ ਹੋਰ ਭਾਰਾ ਕਰਨ ਵੱਲ ਵਧਦੀ ਜਾਪਦੀ ਹੈ। ਮੌਜੂਦਾ ਸਰਕਾਰ ਨੂੰ ਸੱਤਾ 'ਚ ਆਏ ਭਾਵੇਂ ਅਜੇ ਤਿੰਨ ਮਹੀਨਿਆਂ ਦਾ ਹੀ ਸਮਾਂ ਹੋਇਆ ਹੈ, ਪਰ ਇਸ ਨੇ ਆਮ ਕੰਮਕਾਜ ਅਤੇ ਪ੍ਰਸ਼ਾਸਨਿਕ ਕੰਮ ਚਲਾਉਣ ਲਈ ਹਜ਼ਾਰਾਂ ਕਰੋੜ ਰੁਪਇਆਂ ਦਾ ਕਰਜ਼ਾ ਚੁੱਕ ਲਿਆ ਹੈ। ਬਿਨਾਂ ਸ਼ੱਕ ਇਸ ਨਾਲ ਪੰਜਾਬ ਅਤੇ ਪੰਜਾਬੀਆਂ 'ਤੇ ਪਿਛਲੀਆਂ ਸਰਕਾਰਾਂ ਵੱਲੋਂ ਪਾਏ ਕਰਜ਼ੇ ਦੇ ਬੋਝ ਵਿੱਚ ਹੋਰ ਵਾਧਾ ਹੋਇਆ ਹੈ। ਬੇਸ਼ੱਕ ਲੋਕਤੰਤਰਿਕ ਸ਼ਾਸਨ 'ਚ ਸਰਕਾਰਾਂ ਨੂੰ ਪ੍ਰਸ਼ਾਸਨਿਕ ਤੇ ਲੋਕ ਭਲਾਈ ਕੰਮਾਂ ਲਈ ਧਨ ਦੀ ਵੱਡੀ ਜ਼ਰੂਰਤ ਪੈਂਦੀ ਹੈ। ਇਸ ਲਈ ਸਰਕਾਰਾਂ ਲੋਕਾਂ ਕੋਲੋਂ ਧਨ ਇਕੱਠਾ ਕਰਨ ਲਈ ਵੱਖ-ਵੱਖ ਤਰ੍ਹਾਂ ਦੇ ਕਰ ਅਤੇ ਫ਼ੀਸਾਂ ਲਗਾਉਂਦੀਆਂ ਰਹਿੰਦੀਆਂ ਹਨ। ਕਰਾਂ ਤੇ ਫ਼ੀਸਾਂ ਤੋਂ ਇਲਾਵਾ ਸਰਕਾਰਾਂ ਅਕਸਰ ਆਪਣੇ ਸਾਂਝੇ ਸਰੋਤਾਂ ਤੋਂ ਵੀ ਵੱਧ ਤੋਂ ਵੱਧ ਧਨ ਜੁਟਾਉਣ ਅਤੇ ਆਮਦਨ ਦੇ ਨਵੇਂ ਸਰੋਤ ਲੱਭਣ ਦਾ ਪ੍ਰਬੰਧ ਕਰਦੀਆਂ ਹਨ। ਇਸ ਲਈ ਸਰਕਾਰਾਂ ਆਪਣਾ ਅਤੇ ਆਪਣੇ ਖ਼ਰਚਿਆਂ ਦਾ ਹਿਸਾਬ-ਕਿਤਾਬ ਰੱਖਣ ਲਈ ਸਾਲਾਨਾ ਬਜਟ ਵੀ ਪੇਸ਼ ਕਰਦੀਆਂ ਹਨ ਅਤੇ ਉਸ ਅਨੁਸਾਰ ਅਗਲੇ ਸਾਲ ਲਈ ਵਿਕਾਸ ਪ੍ਰੋਗਰਾਮ ਤੈਅ ਕਰਦੀਆਂ ਹਨ। ਇਸ ਲਈ ਸਰਕਾਰਾਂ ਲੋੜ ਪੈਣ 'ਤੇ ਬੈਂਕਾਂ ਜਾਂ ਹੋਰ ਵਿੱਤੀ ਸੰਸਥਾਵਾਂ ਕੋਲੋਂ ਕਰਜ਼ਾ ਵੀ ਲੈਂਦੀਆਂ ਹਨ। ਕਰਜ਼ਾ ਲੈਣ ਦੀ ਮੌਜੂਦਾ ਪ੍ਰਥਾ ਪਿਛਲੇ ਤਿੰਨ-ਚਾਰ ਦਹਾਕਿਆਂ ਤੋਂ ਹੀ ਫੈਲੀ ਹੈ, ਹਾਲਾਂਕਿ ਇਸ ਤੋਂ ਪਹਿਲਾਂ ਦੀਆਂ ਸਰਕਾਰਾਂ ਸਮੇਂ ਕਰਜ਼ਾ ਲੈਣ ਨੂੰ ਸਿਆਸੀ ਉੱਤਮਤਾ ਲਈ ਹਾਨੀਕਾਰਕ ਮੰਨਿਆ ਜਾਂਦਾ ਸੀ।ਆਜ਼ਾਦੀ ਤੋਂ ਬਾਅਦ ਕੁੱਝ ਸਰਕਾਰਾਂ ਸਮੇਂ ਤਾਂ ਦੇਸ਼ ਦਾ ਪ੍ਰਸ਼ਾਸਨ ਸਹੀ ਢੰਗ ਨਾਲ ਚਲਦਾ ਰਿਹਾ। ਇਸ ਲਈ ਵਿਧਾਨ ਸਭਾ 'ਚ ਸਾਲਾਨਾ ਬਜਟ ਵੀ ਪੇਸ਼ ਕੀਤਾ ਜਾਂਦਾ ਅਤੇ ਫਿਰ ਜੇਕਰ ਵਾਧੂ ਫੰਡਾਂ ਦੀ ਲੋੜ ਪੈਂਦੀ ਤਾਂ ਸਦਨ ਦੇ ਅੰਦਰ ਸਾਰੀਆਂ ਸਿਆਸੀ ਪਾਰਟੀਆਂ ਦੇ ਮੈਂਬਰਾਂ ਦੀ ਹਾਜ਼ਰੀ 'ਚ ਨਵੇਂ ਪ੍ਰਸਤਾਵਾਂ ਨੂੰ ਪ੍ਰਵਾਨਗੀ ਦਿਵਾਈ ਜਾਂਦੀ। ਸਰਕਾਰਾਂ ਆਪਣੀਆਂ ਲੋੜਾਂ ਪੂਰੀਆਂ ਕਰਨ ਅਤੇ ਵਿਕਾਸ ਕੰਮਾਂ ਲਈ ਵਾਧੂ ਫੰਡ ਇਕੱਠਾ ਕਰਨ ਲਈ ਨਵੇਂ ਟੈਕਸ ਵੀ ਲਗਾਉਂਦੀਆਂ ਤੇ ਪੁਰਾਣੀਆਂ ਦਰਾਂ 'ਚ ਵੀ ਵਾਧਾ ਕਰਦੀਆਂ। ਸੂਬੇ ਦੇ ਆਮ ਲੋਕ ਸਹਿਜੇ ਹੀ ਇਸ ਨੂੰ ਮੰਨ ਵੀ ਲੈਂਦੇ ਅਤੇ ਸਰਕਾਰਾਂ ਦੀਆਂ ਇਨ੍ਹਾਂ ਕੋਸ਼ਿਸ਼ਾਂ 'ਚ ਸਹਿਯੋਗ ਵੀ ਕਰਦੇ। ਪਿਛਲੇ ਸਮੇਂ 'ਚ ਜਦੋਂ ਵੀ ਕਦੇ ਬਜਟ ਪੇਸ਼ ਕੀਤਾ ਜਾਣਾ ਹੁੰਦਾ, ਆਮ ਲੋਕ ਅਤੇ ਸਿਆਸੀ ਮਾਹਿਰ ਇਹ ਅਨੁਮਾਨ ਲਗਾਉਂਦੇ ਰਹਿੰਦੇ ਕਿ ਫਲਾਣੀ-ਫਲਾਣੀ ਚੀਜ਼ ਦੀ ਕੀਮਤ ਵਧ ਸਕਦੀ ਹੈ ਜਾਂ ਫਲਾਣੇ ਕਰ 'ਚ ਵਾਧਾ ਹੋ ਸਕਦਾ ਹੈ ਜਾਂ ਕੋਈ ਨਵਾਂ ਕਰ ਲਗਾਇਆ ਜਾ ਸਕਦਾ ਹੈ ਜਾਂ ਨਹੀਂ। ਪਰ ਬੀਤੇ ਤਿੰਨ-ਚਾਰ ਦਹਾਕਿਆਂ ਤੋਂ ਜਿਵੇਂ ਇਹ ਇੱਕ ਰਿਵਾਇਤ ਜਿਹੀ ਚੱਲ ਪਈ ਹੈ ਕਿ ਸਰਕਾਰਾਂ ਤੇ ਸਿਆਸੀ ਮਾਹਿਰ ਝੂਠੀ ਲੋਕਪ੍ਰਿਅਤਾ ਹਾਸਲ ਕਰਨ ਲਈ ਬਿਨਾਂ ਲਾਭ-ਹਾਨੀ ਦੇ ਕਰ ਰਹਿਤ ਬਜਟ ਪੇਸ਼ ਕਰਨ ਲੱਗੇ ਹਨ। ਇਸ ਤੋਂ ਬਾਅਦ ਪ੍ਰਸ਼ਾਸਨਿਕ ਖ਼ਰਚਾ ਚਲਾਉਣ ਲਈ ਨਾ ਸਿਰਫ਼ ਮੱਧਵਰਗ 'ਤੇ ਕਰ ਲਗਾਏ ਜਾਣ ਲੱਗੇ, ਸਗੋਂ ਵਿਕਾਸ ਕੰਮਾਂ ਦੀ ਆੜ 'ਚ ਬੈਂਕਾਂ ਤੇ ਹੋਰ ਵਿੱਤੀ ਸੰਸਥਾਵਾਂ ਤੋਂ ਵੱਡੇ-ਵੱਡੇ ਕਰਜ਼ੇ ਲਏ ਜਾਣ ਲੱਗੇ। ਸਰਕਾਰੀ ਸੰਪਤੀਆਂ ਨੂੰ ਗਿਰਵੀ ਰੱਖ ਕੇ ਜਾਂ ਵੇਚ ਕੇ ਵੀ ਪੈਸੇ ਇਕੱਤਰ ਕੀਤੇ ਗਏ, ਪਰ ਇਨ੍ਹਾਂ ਪੈਸਿਆਂ ਦਾ ਨਾ ਤਾਂ ਕੋਈ ਹਿਸਾਬ-ਕਿਤਾਬ ਰੱਖਿਆ ਜਾਂਦਾ, ਨਾ ਹੀ ਇਸ ਨਾਲ ਪਿਛਲੇ ਕਰਜ਼ ਦੀ ਅਦਾਇਗੀ ਕੀਤੀ ਜਾਂਦੀ ਰਹੀ। ਤ੍ਰਾਸਦੀ ਇਹ ਵੀ ਹੈ ਕਿ ਇਸ ਕਰਜ਼ੇ ਨੂੰ ਨਾ ਚੁਕਾਏ ਜਾਣ ਨਾਲ ਅਤੇ ਇਸ 'ਚ ਹੋਰ ਵਿਆਜ ਵੀ ਜਮ੍ਹਾਂ ਹੁੰਦੇ ਜਾਣ ਨਾਲ, ਕੁੱਲ ਕਰਜ਼ਾ ਕਿਸੇ ਸ਼ੈਤਾਨ ਦੀ ਅੰਤੜੀ ਵਾਂਗ ਵਧਦਾ ਹੀ ਚਲਾ ਗਿਆ। ਅੱਜ ਸਥਿਤੀ ਇਹ ਬਣ ਗਈ ਹੈ ਕਿ ਇਹ ਪੰਡ ਤਿੰਨ ਲੱਖ ਕਰੋੜ ਰੁਪਏ ਤੋਂ ਵੀ ਜ਼ਿਆਦਾ ਭਾਰੀ ਹੋ ਚੁੱਕੀ ਹੈ। ਇਹ ਵੀ ਇੱਕ ਅਜੀਬ ਗੱਲ ਰਹੀ ਹੈ ਕਿ ਹਰੇਕ ਸਰਕਾਰ ਇਸ ਕਰਜ਼ੇ ਦੇ ਬੋਝ ਲਈ ਦੂਜੀਆਂ ਸਰਕਾਰਾਂ ਅਤੇ ਹੋਰ ਸਿਆਸੀ ਪਾਰਟੀਆਂ 'ਤੇ ਤਾਂ ਦੋਸ਼ ਲਗਾਉਂਦੀ ਰਹੀ, ਪਰ ਕਿਸੇ ਨੇ ਵੀ ਕਦੇ ਇਸ ਕਰਜ਼ੇ ਦੇ ਬੋਝ ਨੂੰ ਹੌਲਾ ਕਰਨ ਜਾਂ ਘੱਟ ਤੋਂ ਘੱਟ ਵਿਆਜ ਦੀ ਅਦਾਇਗੀ ਕਰਨ ਤੱਕ ਦੀ ਕੋਸ਼ਿਸ਼ ਕਦੇ ਨਹੀਂ ਕੀਤੀ।

ਹਾਲਾਤ ਦੀ ਗੰਭੀਰਤਾ ਦੇਖੋ ਕਿ ਪੰਜਾਬ ਦੀ ਮੌਜੂਦਾ ਭਗਵੰਤ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਵੀ ਉਸੇ ਰਾਹ 'ਤੇ ਚੱਲ ਪਈ ਹੈ। ਉਸ ਨੇ ਵੀ ਆਪਣੇ ਪ੍ਰਸ਼ਾਸਨ ਦੇ ਸਿਰਫ਼ ਤਿੰਨ ਮਹੀਨਿਆਂ ਦੇ ਬਹੁਤ ਥੋੜ੍ਹੇ ਸਮੇਂ 'ਚ ਹੀ ਇਸ ਪੰਡ 'ਚ 9000 ਕਰੋੜ ਰੁਪਏ ਤੋਂ ਜ਼ਿਆਦਾ ਹੋਰ ਵਾਧਾ ਕਰ ਦਿੱਤਾ ਹੈ। ਇੱਥੋਂ ਤੱਕ ਕਿ ਅਪ੍ਰੈਲ ਮਹੀਨੇ 'ਚ ਦਿੱਤੇ ਜਾਣ ਵਾਲੇ ਵਿਆਜ ਦੀ ਅਦਾਇਗੀ ਵੀ 914 ਕਰੋੜ ਰੁਪਏ ਹੋ ਗਈ ਹੈ। ਇਸ ਤਰ੍ਹਾਂ ਸੂਬੇ ਸਿਰ ਵਧਦੀ ਦੈਂਤ ਰੂਪੀ ਕਰਜ਼ੇ ਦੀ ਪੰਡ ਹੌਲਾ ਹੋਣ ਦਾ ਨਾਂਅ ਨਹੀਂ ਲੈ ਰਹੀ। ਪੰਜਾਬ ਦੀਆਂ ਵਿੱਤੀ ਨੀਤੀਆਂ, ਮੌਜੂਦਾ ਸਰਕਾਰ ਦੀ ਨੀਅਤ ਅਤੇ ਸੂਬੇ ਦੇ ਲੋਕਾਂ ਦੀ ਤਕਦੀਰ ਅਜਿਹੀ ਬਣ ਚੁੱਕੀ ਹੈ ਹੈ ਕਿ ਸੂਬੇ ਦਾ ਨਵ-ਜਨਮਿਆ ਬੱਚਾ ਕਰਜ਼ੇ ਦੀ ਬਦਬੂ 'ਚ ਆਪਣਾ ਪਹਿਲਾ ਸਾਹ ਲੈਣ ਲਈ ਮਜਬੂਰ ਹੈ। ਆਮ ਆਦਮੀ ਪਾਰਟੀ ਦੇ ਆਗੂਆਂ ਅਰਵਿੰਦ ਕੇਜਰੀਵਾਲ ਅਤੇ ਭਗਵੰਤ ਮਾਨ ਨੇ ਚੋਣ ਪ੍ਰਚਾਰ ਦੌਰਾਨ ਵੱਡਾ ਖ਼ੁਲਾਸਾ ਕੀਤਾ ਸੀ ਕਿ ਪਿਛਲੀਆਂ ਸਰਕਾਰਾਂ ਨੇ ਪੰਜਾਬ ਅਤੇ ਪੰਜਾਬੀਆਂ ਨੂੰ ਕਰਜ਼ਾਈ ਬਣਾ ਦਿੱਤਾ ਹੈ। ਸਰਕਾਰ ਬਣਨ ਤੋਂ ਬਾਅਦ ਵੀ ਉਹ ਲਗਾਤਾਰ ਦੋਸ਼ ਲਗਾਉਂਦੇ ਰਹੇ ਹਨ ਕਿ ਉਨ੍ਹਾਂ ਨੂੰ ਪਤਾ ਹੈ ਕਿ ਕਰਜ਼ਾ ਲੈ ਕੇ ਤਿੰਨ ਲੱਖ ਕਰੋੜ ਰੁਪਏ ਕੌਣ ਖਾ ਗਿਆ, ਪਰ ਹਾਲਾਤ ਦੀ ਤ੍ਰਾਸਦੀ ਇਹ ਹੈ ਕਿ ਉਨ੍ਹਾਂ ਦੀ ਆਪਣੀ ਸਰਕਾਰ ਦੇ ਕਰਜ਼ੇ ਦੀਆਂ ਬੈਸਾਖੀਆਂ ਹੋਰ ਲੰਬੀਆਂ ਹੁੰਦੀਆਂ ਜਾ ਰਹੀਆਂ ਹਨ। ਆਮ ਆਦਮੀ ਪਾਰਟੀ ਦੇ ਚੋਣਾਂ ਤੋਂ ਪਹਿਲਾਂ ਕੀਤੇ ਵਾਅਦਿਆਂ ਅਤੇ ਭਗਵੰਤ ਮਾਨ ਸਰਕਾਰ ਦੀਆਂ ਨੀਤੀਆਂ ਦੇ ਮੱਦੇਨਜ਼ਰ ਆਮਦਨ ਦੇ ਸਰੋਤ ਲਗਾਤਾਰ ਘਟੇ ਹਨ, ਖਰਚੇ ਵਧਦੇ ਜਾ ਰਹੇ ਹਨ। ਸਰਕਾਰ ਦੇ ਸਿਰ 'ਤੇ ਜਿੱਥੇ ਕਰਜ਼ੇ ਦੀ ਇੱਕ ਨਵੀਂ ਪੰਡ ਤਿਆਰ ਹੋ ਗਈ ਹੈ, ਉੱਥੇ ਕਰਜ਼ੇ ਦੀ ਪੁਰਾਣੀ ਪੰਡ ਵੀ ਵਿਆਜ ਦੀ ਅਦਾਇਗੀ ਨਾ ਹੋ ਸਕਣ ਨਾਲ ਲਗਾਤਾਰ ਭਾਰੀ ਹੁੰਦੀ ਜਾ ਰਹੀ ਹੈ। ਉਧਰ ਮੁੱਖ ਮੰਤਰੀ ਭਗਵੰਤ ਮਾਨ ਅਤੇ ਉਨ੍ਹਾਂ ਦੀ ਸਰਕਾਰ ਦੋਸ਼ ਵੀ ਲਗਾ ਰਹੀ ਹੈ ਅਤੇ ਪੁਰਾਣੇ ਵਾਅਦਿਆਂ ਨੂੰ ਪੂਰਾ ਕਰਨ ਦੇ ਰਾਹ ਤੋਂ ਵੀ ਭੱਜ ਰਹੀ ਹੈ। ਅਸੀਂ ਸਮਝਦੇ ਹਾਂ ਕਿ ਮੁੱਖ ਮੰਤਰੀ ਭਗਵੰਤ ਮਾਨ ਨੂੰ ਦੂਜਿਆਂ ਦੀ ਤਸਵੀਰ 'ਚ ਕਮੀਆਂ ਲੱਭਣ ਦੀ ਬਜਾਏ ਸੂਬੇ ਨੂੰ ਨਵੀਂ ਕਿਸਮ ਦੇ ਆਪਣੇ ਵਾਅਦਿਆਂ 'ਚ ਪ੍ਰਭਾਵ ਭਰਨ ਅਤੇ ਇੱਕ ਵਧੀਆ ਪ੍ਰਸ਼ਾਸਨ ਮੁਹੱਈਆ ਕਰਵਾਉਣ ਲਈ ਨਵੀਂ ਤਸਵੀਰ ਬਣਾਉਣ ਲਈ ਆਪਣੇ ਯਤਨਾਂ ਨੂੰ ਸਜਾਉਣਾ ਤੇ ਸੰਵਾਰਨਾ ਚਾਹੀਦਾ ਹੈ। ਇਸੇ ਵਿੱਚ ਸਮੁੱਚੇ ਪੰਜਾਬ ਤੇ ਪੰਜਾਬੀਆਂ ਦਾ ਹਿੱਤ ਹੈ।

**ਸੁਖਜਿੰਦਰ ਸਮਰਾ**
**ਮੋ. 95835-92000**

**403 640 2000**
**punjabiakhbaar@gmail.com**

This disclaimer informs the readers of 'the Punjabi Akhbaar' that the views, thoughts, and opinions expressed in the texts belong solely to their authors, and not necessarily to the author's employer, organization, committee or other group or individual, and the Editor and Publisher of this Newspaper. The concerned companies that advertise in this News Paper are responsible for the content, information, price, warranty, guaranty, quality etc. and not 'the Punjabi Akhbaar'. The Editor reserves the right to edit or not the articles, reports and/or news published herein.
-Editor

ਨੋਟ: "ਪੰਜਾਬੀ ਅਖ਼ਬਾਰ" ਵਿੱਚ ਛਪਣ ਵਾਲੀ ਸਮੱਗਰੀ ਵਿਚਲੇ ਵਿਚਾਰ ਉਹਨਾਂ ਦੇ ਲੇਖਕਾਂ ਦੇ ਹੀ ਸਮਝੇ ਜਾਣ , ਸੰਪਾਦਕ ਜਾਂ ਪਬਲਿਸ਼ਰ ਦਾ ਉਹਨਾਂ ਨਾਲ ਸਹਿਮਤ ਜਾਂ ਅਸਹਿਮਤ ਹੋਣਾ ਕੋਈ ਜਰੂਰੀ ਨਹੀਂ। "ਪੰਜਾਬੀ ਅਖ਼ਬਾਰ" ਵਿੱਚ ਛਪਦੇ ਇਸਤਿਹਾਰਾਂ ਸਬੰਧੀ , ਸਬੰਧਤ ਚੀਜਾਂ ਪ੍ਰਤੀ ਜਾਣਕਾਰੀ, ਕੀਮਤ, ਵਾਰੰਟੀ,ਕੁਆਲਿਟੀ, ਸਬੰਧੀ ਇਸਤਿਹਾਰ ਦੇਣ ਵਾਲੀ ਕੰਪਨੀ ਹੀ ਜਿੰਮੇਬਾਰ ਹੈ। 'ਪੰਜਾਬੀ ਅਖ਼ਬਾਰ' ਨੂੰ ਭੇਜੀ ਗਈ ਹਰ ਰਚਨਾਂ, ਰਿਪੋਰਟ, ਜਾਂ ਖਬਰ ਨੂੰ ਪ੍ਰਕਾਸਿਤ ਕਰਨ ਤੋਂ ਪਹਿਲਾਂ ਆਡਿਟ ਜਾਂ ਨਾ ਆਡਿਟ ਕਰਨ ਦਾ ਪੂਰਾ ਅਧਿਕਾਰ ਹੈ। – ਸੰਪਾਦਕ

# ਪੰਜਾਬੀਆਂ ਲਈ ਸਿਆਸਤ ਤੋਂ ਉਪਰ ਉਠ ਕੇ ਸੋਚਣ ਦਾ ਸਮਾਂ



**ਉਜਾਗਰ ਸਿੰਘ**
**ਸਾਬਕਾ ਜਿਲ੍ਹਾ ਲੋਕ ਸੰਪਰਕ ਅਧਿਕਾਰੀ**
ਮੋਬਾਈਲ-94178 13072



ਸ਼ੁਭਪ੍ਰੀਤ ਸਿੰਘ ਸਿੱਧੂ ਮੂਸੇਵਾਲਾ ਦੇ ਦਰਦਨਾਕ ਕਤਲ ਤੋਂ ਬਾਅਦ ਪੰਜਾਬ ਦੇ ਲੋਕਾਂ ਵਿੱਚ ਪੈਦਾ ਹੋਈ ਡਰ ਦੀ ਭਾਵਨਾ ਕਰਕੇ ਹਰ ਪੰਜਾਬ ਨੂੰ ਪਿਆਰ ਕਰਨ ਵਾਲੇ ਦਾ ਦਿਲ ਦਹਿਲ ਗਿਆ ਹੈ। ਮੌਤ ਭਾਵੇਂ ਕਿਸੇ ਵੀ ਸੈਲੀਬਰਿਟੀ ਜਿਨ੍ਹਾਂ ਵਿੱਚ ਕਬੱਡੀ ਖਿਡਾਰੀ ਸੰਦੀਪ ਨੰਗਲ, ਗੁਰਲਾਲ ਬਰਾੜ ਅਤੇ ਨੌਜਵਾਨ ਅਕਾਲੀ ਲੀਡਰ ਵਿਕੀ ਮਿਡੂਖੇੜਾ ਵਰਗੇ ਨੌਜਵਾਨਾਂ ਦੀ ਜਾਂ ਕਿਸੇ ਹੋਰ ਅਜਿਹੇ ਵਿਅਕਤੀ ਦੀ ਹੋਵੇ, ਉਹ ਵੀ ਉਤਨੀ ਹੀ ਦਰਦਨਾਕ ਸੀ, ਜਿਤਨੀ ਸ਼ੁਭਦੀਪ ਸਿੰਘ ਸਿੱਧੂ ਮੂਸੇਵਾਲਾ ਦੀ ਹੋਈ ਹੈ। ਮੌਤ ਇੱਕ ਅਟੱਲ ਸਚਾਈ ਹੈ ਪ੍ਰੰਤੂ ਇਹ ਕਿਵੇਂ ਤੇ ਕਿਉਂ ਹੋਈ, ਇਹ ਇਨਸਾਨ ਨੂੰ ਹਲੂਣ ਕੇ ਰੱਖ ਦਿੰਦੀ ਹੈ ? ਕੁਦਰਤੀ ਢੰਗ ਨਾਲ ਹੋਈ ਮੌਤ ਨੂੰ ਬਰਦਾਸ਼ਤ ਕਰਨਾ ਸੌਖਾ ਹੁੰਦਾ ਹੈ ਪ੍ਰੰਤੂ ਜਿਹੜੀ ਅਚਾਨਕ ਮੌਤ ਹੋਵੇ ਉਹ ਬਹੁਤ ਦੁੱਖਦਾਈ ਹੁੰਦੀ ਹੈ। ਮੌਤ ਭਾਵੇਂ ਕਿਸੇ ਵੀ ਮਾਂ ਦੇ ਪੁੱਤ-ਧੀ ਦੀ ਹੋਵੇ, ਉਹ ਹਮੇਸ਼ਾ ਦੁੱਖਦਾਈ ਅਤੇ ਅਤਿਅੰਤ ਦਰਦਨਾਕ ਹੁੰਦੀ ਹੈ। ਅਜਿਹੀਆਂ ਮੌਤਾਂ ਨੂੰ ਤਥਾ ਕਥਿਤ ਗੈਂਗਸਟਰਾਂ ਦੇ ਨਾਮ ਨਾਲ ਜੋੜ ਕੇ ਵੇਖਿਆ ਜਾਂਦਾ ਹੈ। ਇਹ ਕੌਣ ਲੋਕ ਹਨ ? ਇਹ ਵੀ ਕਿਸੇ ਮਾਂ-ਪਿਓ ਦੇ ਪੁੱਤ-ਧੀ, ਭੈਣ-ਭਰਾ ਅਤੇ ਪਤੀ-ਪਤਨੀ ਹੁੰਦੇ ਹਨ। ਉਨ੍ਹਾਂ ਨੂੰ ਵੀ ਹਮਦਰਦੀ, ਪਿਆਰ ਅਤੇ ਸਤਿਕਾਰ ਦੀ ਲੋੜ ਹੁੰਦੀ ਹੈ। ਫਿਰ ਉਹ ਕਿਉਂ ਅਜਿਹੇ ਕੰਮਾ ਵਿੱਚ ਪੈ ਕੇ ਮਾਂ-ਪਿਓ, ਭੈਣ-ਭਰਾ ਅਤੇ ਪਤੀ-ਪਤਨੀ ਨੂੰ ਸੰਤਾਪ ਭੋਗਣ ਲਈ ਮਜ਼ਬੂਰ ਕਰਦੇ ਹਨ। ਸਮਾਜ ਨੂੰ ਇਹ ਸੋਚਣਾ ਹੋਵੇਗਾ ਕਿ ਉਹ ਕਿਹੜੇ ਹਾਲਾਤ ਵਿੱਚ ਇਸ ਪਾਸੇ ਨੂੰ ਮੁੱਖ ਮੋੜਦੇ ਹਨ ? ਜਦੋਂ ਕਿ ਉਨ੍ਹਾਂ ਦੇ ਪਰਿਵਾਰ ਇਹ ਕੁਝ ਨਹੀਂ ਚਾਹੁੰਦੇ ਹੁੰਦੇ, ਕਿਉਂਕਿ ਉਨ੍ਹਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਹਮੇਸ਼ਾ ਜਾਨ ਤਲੀ 'ਤੇ ਧਰੀ ਹੁੰਦੀ ਹੈ। ਸਮਾਜ ਵਿੱਚ ਵੀ ਬਦਨਾਮੀ ਹੁੰਦੀ ਹੈ। ਡਰ ਅਤੇ ਸਹਿਮ ਦੇ ਮਾਹੌਲ ਵਿੱਚ ਜੀਵਨ ਬਤੀਤ ਕਰਨਾ ਪੈਂਦਾ ਹੈ। ਸਰਕਾਰੀ ਤੰਤਰ ਉਨ੍ਹਾਂ ਦਾ ਜੀਣਾ ਦੁੱਭਰ ਕਰ ਦਿੰਦਾ। ਉਹ ਹਮੇਸ਼ਾ ਪੁਲਿਸ ਦੀ ਹਿਟ ਲਿਸਟ ਤੇ ਹੁੰਦੇ ਹਨ। ਪੁਲਿਸ ਪਰਿਵਾਰਾਂ ਨੂੰ ਵੀ ਤੰਗ ਪ੍ਰੇਸ਼ਾਨ ਕਰਦੀ ਰਹਿੰਦੀ ਹੈ। ਇਹ ਪੰਜਾਬੀਆਂ ਲਈ ਗੰਭੀਰਤਾ ਨਾਲ ਸੋਚਣ ਦਾ ਸਮਾਂ ਹੈ। ਸਭ ਤੋਂ ਪਹਿਲੀ ਗੱਲ ਉਨ੍ਹਾਂ ਨੂੰ ਅਜਿਹੇ ਪਾਸੇ ਜਾਣ ਤੋਂ ਰੋਕਣ ਲਈ ਵਾਤਾਵਰਨ ਭਾਈਚਾਰਕ ਸਾਂਝੀਵਾਲਤਾ ਵਾਲਾ ਬਣਾਇਆ ਜਾਵੇ। ਇਹ ਸਮੁੱਚੇ ਭਾਈਚਾਰੇ ਦੀ ਜ਼ਿੰਮੇਵਾਰੀ ਬਣਦੀ ਹੈ। ਸਾਡੇ ਸਾਰੇ ਧਰਮਾ ਦੇ ਮੁੱਖੀਆਂ ਨੇ ਸਰਬੱਤ ਦੇ ਭਲੇ ਦਾ ਸੰਦੇਸ਼ ਦਿੱਤਾ ਹੈ। ਕੋਈ ਵੀ ਧਰਮ ਮਾਰਧਾੜ ਅਤੇ ਕਤਲੇਆਮ ਵਿੱਚ ਯਕੀਨ ਨਹੀਂ ਰੱਖਦਾ। ਪੰਜਾਬੀਆਂ ਨੂੰ ਉਸ ਤੇ ਪਹਿਰਾ ਦਿੰਦੇ ਹੋਏ ਆਪਣੇ ਬੱਚਿਆਂ ਨੂੰ ਆਪਸੀ ਪਿਆਰ ਨਾਲ ਵਿਚਰਣ ਦੀ ਸਿਖਿਆ ਦਿੱਤੀ ਜਾਵੇ। ਉਨ੍ਹਾਂ ਨੂੰ ਆਤਮ ਨਿਰਭਰ ਅਤੇ ਹੱਥੀਂ ਕੰਮ ਕਰਨ ਦੀ ਸਿਖਿਆ ਦਿੱਤੀ ਜਾਵੇ ਕਿਉਂਕਿ ਸਰਕਾਰੀ ਨੌਕਰੀਆਂ ਦਾ ਸਮਾਂ ਖ਼ਤਮ ਹੋ ਗਿਆ ਹੈ।

ਸੰਸਾਰ ਵਿੱਚ ਪ੍ਰਾਈਵੇਟ ਕਾਰੋਬਾਰ ਦਾ ਯੁਗ ਹੈ। ਸਰਕਾਰਾਂ ਫੇਲ੍ਹ ਹੋ ਚੁੱਕੀਆਂ ਹਨ। ਸਰਕਾਰਾਂ ਨੂੰ ਵੀ ਆਪਣੀਆਂ ਨੀਤੀਆਂ ਵਿੱਚ ਤਬਦੀਲੀਆਂ ਕਰਕੇ ਨੌਜਾਵਾਨਾ ਨੂੰ ਗੁੰਮਰਾਹ ਹੋਣ ਤੋਂ ਬਚਾਉਣ ਅਤੇ ਰੋਜ਼ਗਾਰ ਮੁਹੱਈਆਂ ਕਰਵਾਉਣ ਦੇ ਉਪਰਾਲੇ ਕਰਨੇ ਚਾਹੀਦੇ ਹਨ। ਇਸ ਪਾਸੇ ਸਿਆਸੀ ਪਾਰਟੀਆਂ ਮਹੱਤਵਪੂਰਨ ਯੋਗਦਾਨ ਪਾ ਸਕਦੀਆਂ ਹਨ, ਬਸ਼ਰਤੇ ਕਿ ਉਹ ਸਿਆਸਤ ਤੋਂ ਉਪਰ ਉਠਕੇ ਪੰਜਾਬ ਦੇ ਭਲੇ ਬਾਰੇ ਸੰਜੀਦਾ ਹੋਣ। ਘਿਰਣਾ ਦੀ ਸਿਆਸਤ ਨੂੰ ਤਿਲਾਂਜਲੀ ਦਿੱਤੀ ਜਾਵੇ। ਜਿਸ ਤਰ੍ਹਾਂ ਹੁਣ ਸਮੁੱਚਾ ਪੰਜਾਬ ਅਤੇ ਸਿਆਸੀ ਪਾਰਟੀਆਂ ਸ਼ੁਭਪ੍ਰੀਤ ਸਿੰਘ ਸਿੱਧੂ ਮੂਸੇਵਾਲਾ ਦੇ ਪਰਿਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕਰ ਰਹੀਆਂ ਹਨ, ਉਸੇ ਤਰ੍ਹਾਂ ਉਨ੍ਹਾਂ ਨੂੰ ਹਰ ਅਜਿਹੀ ਮੌਤ 'ਤੇ ਦੁੱਖ ਪ੍ਰਗਟ ਕਰਨਾ ਚਾਹੀਦਾ ਹੈ। ਅਜੇ ਵੀ ਸਮਾਂ ਹੈ ਕਿ ਜਿਵੇਂ ਇਹ ਸਾਰੀਆਂ ਸਿਆਸੀ ਪਾਰਟੀਆਂ ਹਮਦਰਦੀ ਵਿਖਾਉਣ ਲਈ ਇਕ ਦੂਜੇ ਤੋਂ ਅੱਗੇ ਹੋ ਰਹੀਆਂ ਹਨ, ਉਸੇ ਤਰ੍ਹਾਂ ਆਪਸੀ ਦੁਸ਼ਮਣੀ, ਰੰਜਸ਼ ਅਤੇ ਵਿਰੋਧ ਨੂੰ ਤਿਲਾਂਜ਼ਲੀ ਦੇ ਕੇ ਇਕੱਮੁੱਠਤਾ ਨਾਲ ਇਸ ਸਮੱਸਿਆ ਦੇ ਹਲ ਲਈ ਸਾਂਝੇ ਤੌਰ ਲੋਕ ਰਾਇ ਬਣਾਉਣ ਤਾਂ ਜੋ ਕਿਸੇ ਵੀ ਮਾਂ-ਪਿਓ ਦੇ ਪੁੱਤ ਦੀ ਮੌਤ ਇਸ ਪ੍ਰਕਾਰ ਨਾ ਹੋਵੇ। ਘਿਰਣਾ ਦੀ ਥਾਂ ਪਿਆਰ ਅਤੇ ਸਦਭਾਵਨਾ ਦਾ ਵਾਤਾਵਰਨ ਪੈਦਾ ਕੀਤਾ ਜਾਵੇ। ਸਿਆਸੀ ਰੋਟੀਆਂ ਸੇਕਣ ਤੋਂ ਪ੍ਰਹੇਜ਼ ਕੀਤਾ ਜਾਵੇ। ਹਰ ਇਕ ਇਨਸਾਨ ਨੇ ਇਕ ਨਾ ਇਕ ਦਿਨ ਇਸ ਸੰਸਾਰ ਨੂੰ ਅਲਵਿਦਾ ਕਹਿਣੀ ਹੈ, ਫਿਰ ਕਿਸੇ ਦਾ ਬੁਰਾ ਕਿਉਂ ਕੀਤਾ ਜਾਵੇ। ਸਮੇਂ ਤੋਂ ਪਹਿਲਾਂ ਨਾ ਕਿਸੇ ਨੂੰ ਮਾਰਿਆ ਜਾਵੇ। ਵਿਓਪਾਰੀਆਂ ਲਈ ਵੀ ਇਕ ਬੇਨਤੀ ਹੈ ਕਿ ਉਹ ਆਪਣਾ ਕਾਰੋਬਾਰ ਸਾਫ਼ ਸੁਥਰੇ ਢੰਗ ਨਾਲ ਕਰਨ, ਮੁਨਾਫਾ ਜ਼ਾਇਜ ਲਿਆ ਜਾਵੇ। ਲੋਕਾਂ ਦੇ ਗਲ ਘੁੱਟ ਕੇ ਮੁਨਾਫਾ ਨਾ ਕਮਾਇਆ ਜਾਵੇ। ਮਜ਼ਦੂਰਾਂ ਨੂੰ ਮਜ਼ਦੂਰੀ ਦਾ ਸਹੀ ਮੁੱਲ ਦਿੱਤਾ ਜਾਵੇ। ਕਿਸੇ ਇਨਸਾਨ ਨਾਲ ਜ਼ਿਆਦਤੀ ਨਾ ਕੀਤੀ ਜਾਵੇ।

ਪੰਜਾਬ ਦਾ ਇਤਿਹਾਸ ਅਮੀਰ ਵਿਰਾਸਤ ਦਾ ਪ੍ਰਤੀਕ ਹੈ। ਗੁਰੂਆਂ ਪੀਰਾਂ ਦੀ ਧਰਤੀ ਦੀ ਪਵਿਤਰਤਾ ਮੁੜ ਬਹਾਲ ਕੀਤੀ ਜਾਵੇ। ਕਿਉਂਕਿ ਕੋਈ ਵੀ ਧਰਮ ਗ੍ਰੰਥ ਇਨਸਾਨੀਅਤ ਦਾ ਕਤਲ ਕਰਨ ਦੀ ਇਜ਼ਾਜਤ ਨਹੀਂ ਦਿੰਦਾ। ਫਿਰ ਸਾਡੇ ਨੌਜਵਾਨ ਕਿਉਂ ਗੁਮਰਾਹ ਹੋ ਰਹੇ ਹਨ। ਅਜਿਹੇ ਜੀਵਨ ਦਾ ਕੀ ਲਾਭ ਜਿਸ ਵਿੱਚ ਇਨਸਾਨ ਹਮੇਸ਼ਾ ਡਰ ਦੀ ਭਾਵਨਾ ਨਾਲ ਸੂਲੀ 'ਤੇ ਟੰਗਿਆ ਰਹੇ। ਸਿਆਸੀ ਪਾਰਟੀਆਂ ਲਈ ਚੋਣਾ ਤਾਂ ਆਉਂਦੀਆਂ ਰਹਿਣਗੀਆਂ ਪ੍ਰੰਤੂ ਪੰਜਾਬੀਆਂ ਦੇ ਹੋਏ ਨੁਕਸਾਨ ਦੀ ਭਰਪਾਈ ਕਰਨੀ ਅਸੰਭਵ ਹੈ। ਅੱਸੀਵਿਆਂ ਵਿੱਚ ਪੰਜਾਬ ਨੇ ਸੰਤਾਪ ਭੋਗ ਕੇ ਵੇਖਿਆ ਹੈ। ਹਜ਼ਾਰਾਂ ਮਾਵਾਂ ਦੇ ਨੌਜਵਾਨ ਪੁੱਤ ਅਖਾਉਤੀ ਅਤਿਵਾਦ, ਆਪਸੀ ਧੜੇਬੰਦੀ ਅਤੇ ਸਰਕਾਰੀ ਤੰਤਰ ਦੀਆਂ ਕਾਰਵਾਈਆਂ ਦਾ ਸ਼ਿਕਾਰ ਹੋ ਕੇ ਜਾਨਾ ਗੁਆ ਚੁੱਕੇ ਹਨ। ਉਨ੍ਹਾਂ ਘਟਨਾਵਾਂ ਦੇ ਪ੍ਰਤੀਕਰਮ ਵਜੋਂ ਸ੍ਰੀ ਹਰਿਮੰਦਰ ਸਾਹਿਬ ਅਤੇ ਹੋਰ ਗੁਰੂ ਘਰਾਂ ਵਿੱਚ ਜ਼ੁਲਮ ਹੋਏ ਤੇ ਜਾਨਾ ਗਈਆਂ। ਅਨੇਕਾਂ ਮਾਵਾਂ ਦੇ ਪੁੱਤ, ਭੈਣਾ ਦੇ ਭਰਾ ਅਤੇ ਇਸਤਰੀਆਂ ਦੇ ਪਤੀ ਮੌਤ ਦੇ ਮੂੰਹ ਵਿੱਚ ਚਲੇ ਗਏ। ਬੱਚੇ ਅਨਾਥ ਹੋ ਗਏ। ਪੰਜਾਬ ਦੀ ਆਰਥਿਕਤਾ ਸੁਰੱਖਿਆ ਏਜੰਸੀਆਂ ਤੇ ਹੋਏ ਖ਼ਰਚੇ ਕਰਕੇ ਡਾਵਾਂ ਡੋਲ ਹੋ ਗਈ, ਜਿਸਦਾ ਸੰਤਾਪ ਅੱਜ ਤੱਕ ਪੰਜਾਬ ਭੁਗਤ ਰਿਹਾ ਹੈ। ਅਜੇ ਤੱਕ ਉਹ ਜ਼ਖ਼ਮ ਅੱਲੇ ਹਨ। ਇਸ ਲਈ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਆਪਣੀ ਅੰਤਹਕਰਨ ਦੀ ਆਵਾਜ਼ ਸੁਣਕੇ ਵਰਤਮਾਨ ਅਸਥਿਰਤਾ ਦੀ ਸਥਿਤੀ ਦਾ ਮੁਕਾਬਲਾ ਕਰਨ ਲਈ ਸਰਬ ਪਾਰਟੀ ਦੀ ਮੀਟਿੰਗ ਬੁਲਾਕੇ ਏਕਤਾ ਦਾ ਸਬੂਤ ਦੇਣਾ ਚਾਹੀਦਾ ਹੈ। ਪਹਿਲ ਕਰਨਾ ਸਰਕਾਰ ਦਾ ਫਰਜ ਬਣਦਾ ਹੈ। ਅਜਿਹੇ ਕਤਲਾਂ ਨੂੰ ਟਾਰਗੈਟ ਕਿਲਿੰਗ ਕਹਿਕੇ ਸਰਕਾਰ ਆਪਣੇ ਫਰਜ਼ਾਂ ਤੋਂ ਮੁਨਕਰ ਨਹੀਂ ਹੋ ਸਕਦੀ। ਸਰਕਾਰ ਨੂੰ ਕੋਈ ਠੋਸ ਨੀਤੀ ਬਣਾਕੇ ਸਰਬਸੰਮਤੀ ਨਾਲ ਫ਼ੈਸਲਾ ਕਰਨਾ ਚਾਹੀਦਾ ਹੈ। ਜੇਕਰ ਸਿਆਸੀ ਲੋਕ ਹੁਣ ਵੀ ਨਾ ਸਮਝੇ ਤਾਂ ਪੰਜਾਬ ਦੀ ਜਵਾਨੀ ਨੂੰ ਬਚਾਉਣਾ ਅਸੰਭਵ ਹੋ ਜਾਵੇਗਾ। ਪਹਿਲਾਂ ਹੀ ਪੰਜਾਬ ਦੀ ਜਵਾਨੀ ਨਸ਼ਿਆਂ ਦੀ ਲਪੇਟ ਵਿੱਚ ਆਈ ਹੋਈ ਹੈ। ਨੌਜਵਾਨਾ ਦੀ ਕਾਊਂਸਿਲਿੰਗ ਕਰਨ ਲਈ ਪ੍ਰਬੰਧ ਕਰਨੇ ਚਾਹੀਦੇ ਹਨ।

ਨੌਜਵਾਨਾਂ ਨੂੰ ਵੀ ਕਿਸੇ ਦੀ ਤਰੱਕੀ 'ਤੇ ਖ਼ਾਰ ਨਹੀਂ ਖਾਣੀ ਚਾਹੀਦੀ ਸਗੋਂ ਮੁਕਾਬਲੇ ਦੀ ਭਾਵਨਾ ਨਾਲ ਖੁਦ ਤਰੱਕੀ ਕਰਨ ਦੇ ਉਪਰਾਲ ਕਰਨੇ ਚਾਹੀਦੇ ਹਨ। ਜੇਲ੍ਹਾਂ ਵਿੱਚ ਬੰਦ ਨੌਜਵਾਨਾ ਨੂੰ ਸਿੱਧੇ ਰਸਤੇ ਪਾਉਣ ਲਈ ਉਨ੍ਹਾਂ ਦੇ ਮਾਪਿਆਂ ਦੀ ਸਹਿਮਤੀ ਨਾਲ ਕਾਊਂਸਿਲੰਗ ਕਰਨ ਵਾਲੀਆਂ ਟੀਮਾ ਜੇਲ੍ਹਾਂ ਦੇ ਦੌਰੇ ਕਰਕੇ ਸਮਝਾਉਣ ਦੀ ਕੋਸ਼ਿਸ਼ ਕਰਨ । ਨੌਜਵਾਨਾ ਦੇ ਮਾਪੇ ਆਪਣੇ ਬੱਚਿਆਂ ਦੀ ਜ਼ਿੰਮੇਵਾਰੀ ਲੈਣ ਤਾਂ ਜੋ ਉਨ੍ਹਾਂ ਨੂੰ ਮੁੱਖ ਧਾਰਾ ਵਿੱਚ ਲਿਆਂਦਾ ਜਾ ਸਕੇ। ਪੁਲਿਸ, ਜੇਲ੍ਹ ਅਤੇ ਸਿਵਲ ਅਧਿਕਾਰੀਆਂ ਨੂੰ ਵੀ ਆਪਣੀ ਸੋਚ ਬਦਲਨੀ ਪਵੇਗੀ ਤਾਂ ਜੋ ਨੌਜਵਾਨਾ ਨੂੰ ਸਿੱਧ ਰਸਤੇ ਪਾਇਆ ਜਾ ਸਕੇ।

# ਅਸੀਂ ਪਾਰਲੀਮੈਂਟ ਵੱਲ ਨਹੀਂ, ਪ੍ਰਧਾਨ ਮੰਤਰੀ ਵੱਲ ਝਾਕਦੇ ਹਾਂ



**ਦਲੀਪ ਸਿੰਘ ਵਾਸਨ, ਐਡਵੋਕੇਟ**
0175 5191856
101-ਸੀ ਵਿਕਾਸ ਕਲੋਨੀ,
ਪਟਿਆਲਾ- 147001

ਅਸੀਂ ਆਜ਼ਾਦੀ ਬਾਅਦ ਜਿਹੜਾ ਵੀ ਇਹ ਪਰਜਾਤੰਤਰ ਕਾਇਮ ਕੀਤਾ ਹੈ ਇਸ ਵਿੱਚ ਚੋਣਾਂ ਕਰਕੇ ਅਸੀਂ ਪਾਰਲੀਮੈਂਟ ਦੀਆਂ ਸੀਟਾਂ ਭਰ ਲੈਂਦੇ ਹਾਂ ਅਤੇ ਪਹਿਲਾਂ ਤੋਂ ਹੀ ਕੋਈ ਬਣਕੇ ਖਲੋਤਾ ਆਦਮੀ ਸਾਡਾ ਪ੍ਰਧਾਨਮੰਤਰੀ ਬਣ ਜਾਂਦਾ ਹੈ। ਅਰਥਾਤ ਜਿਸ ਵੀ ਸੰਭਾਵੁ ਪ੍ਰਧਾਨ ਮੰਤਰੀ ਦੇ ਜ਼ਿਆਦਾ ਸਪੋਰਟਰ ਪਾਰਲੀਮੈਂਟ ਵਿੱਚ ਜ਼ਿਆਦਾ ਆ ਪੁੱਜਦੇ ਹਨ ਉਹ ਆਦਮੀ ਹੀ ਪ੍ਰਧਾਨ ਮੰਤਰੀ ਬਣ ਜਾਂਦਾ ਹੈ। ਇਹ ਵੀ ਸਾਫ ਹੈ ਕਿ ਮੁਲਕ ਦੇ ਲੋਕੀਂ ਕਿਸੇ ਨਾ ਕਿਸੇ ਸੰਭਾਵੀ ਪ੍ਰਧਾਨ ਮੰਤਰੀ ਨੂੰ ਹੀ ਸਾਹਮਣੇ ਰਖਕੇ ਵੋਟਾਂ ਪਾਉਂਦੇ ਹਨ । ਇਹ ਵੀ ਸਪਸ਼ਟ ਹੈ ਕਿ ਇਹ ਜਿਹੜੇ ਵੀ ਉਮੀਦਵਾਰ ਸਾਡੇ ਇਲਾਕੇ ਵਿੱਚ ਸਾਡੇ ਸਾਹਮਣੇ ਕੀਤੇ ਜਾਂਦੇ ਹਨ ਇਹ ਲੋਕਾਂ ਦੇ ਪ੍ਰਤੀਨਿਧ ਨਹੀਂ ਹਨ ਬਲਕਿ ਇਹ ਆਦਮੀ ਤਾਂ ਕਿਸੇ ਨਾਂ ਕਿਸੇ ਸੰਭਾਵੀ ਪ੍ਰਧਾਨ ਮੰਤਰੀ ਨੇ ਹੀ ਸਾਡੇ ਸਾਹਮਣੇ ਇਹ ਆਖਕੇ ਖੜੇ ਕੀਤੇ ਹੁੰਦੇ ਹਨ ਕਿ ਇਹ ਉਸਦੇ ਹੱਥ ਮਜ਼ਬੂਤ ਕਰੇਗਾ। ਸਾਨੂੰ ਸਾਫ ਪਤਾ ਹੈ ਕਿ ਇਹ ਉਮੀਂਦਵਾਰ ਸਾਡੇ ਪ੍ਰਤੀਨਿਧ ਨਹੀਂ ਹਨ, ਬਲਕਿ ਕਿਸੇ ਨਾਂ ਕਿਸੇ ਸੰਭਾਵੀ ਪ੍ਰਧਾਨ ਮੰਤਰੀ ਦੇ ਸਪੋਰਟਰ ਹਨ ਅਤੇ ਕਦੀ ਵੀ ਕਿਸੇ ਉਮੀਂਦਵਾਰ ਨੇ ਸਾਨੂੰ ਆਕੇ ਇਹ ਨਹੀਂ ਆਖਿਆ ਹੁੰਦਾ ਅਤੇ ਨਾਂ ਹੀ ਕੋਈ ਵਾਅਦਾ ਹੀ ਕੀਤਾ ਹੁੰਦਾ ਹੈ ਕਿ ਸਦਨ ਵਿੱਚ ਜਾਕੇ ਉਹ ਆਪਣੇ ਇਲਾਕੇ ਦੇ ਲੋਕਾਂ ਦੀ ਨੁਮਾਇੰਦਗੀ ਕਰੇਗਾ।

ਇਹ ਹੈ ਸਾਡੇ ਮੁਲਕ ਦਾ ਪਰਜਾਤੰਤਰ ਅਤੇ ਇਹ ਹੈ ਸਾਡੀ ਪਾਰਲੀਮੈਂਟ। ਇਹ ਜਿਹੜੇ ਮੈਂਬਰ ਸਾਡੀ ਪਾਰਲੀਮੈਂਟ ਵਿੱਚ ਜਾ ਬੈਠਦੇ ਹਨ ਇਹ ਤਾਂ ਬਸ ਵੋਟਾਂ ਪਾਉਣ ਲਈ ਹੀ ਹਨ ਅਤੇ ਆਪ ਇਹ ਕੁੱਝ ਵੀ ਕਰਨ ਦਾ ਹਾਲਾਂ ਤਕ ਕੋਈ ਵੀ ਇਰਾਦਾ ਨਹੀਂ ਰੱਖਦੇ ਆ ਰਹੇ ਹਨ। ਫਿਰ ਸਮਝ ਵਿੱਚ ਇਹ ਨਹੀਂ ਆ ਰਿਹਾ ਕਿ ਇਤਨੀ ਵੱਡੀ ਪਾਰਲੀਮੈਂਟ ਖੜੀ ਕਾਸ ਲਈ ਕੀਤ਼ੀ ਜਾਂਦੀ ਹੈ ਅਤੇ ਇਤਨਾ ਖਰਚਾ ਕਾਸ ਲਈ ਕੀਤ਼ਾ ਜਾਂਦਾ ਹੈ। ਅਗਰ ਅਸਾਂ ਸਿਰਫ ਸਪੋਰਟਰਾਂ ਦੀ ਗਿਣਤੀ ਦੇ ਆਧਾਰ ਉਤੇ ਹੀ ਪ੍ਰਧਾਨ ਮੰਤਰੀ ਮੰਨ ਲੈਣਾ ਹੈ ਅਤੇ ਫਿਰ ਉਹੀ ਕਰਤਾ ਧਰਤਾ ਰਹਿਣਾ ਹੈ, ਮਤਲਬ ਕੋਈ ਵੀ ਸਰਕਾਰੀ ਆਦਮੀ ਬੋਲੇਗਾ ਨਹੀਂ ਅਤੇ ਅਗਰ ਵਿਰੋਧੀ ਧਿਰਾਂ ਕਦੀ ਬੋਲ ਵੀ ਪੈਣ ਤਾਂ ਕੋਈ ਸੁਣਵਾਈ ਨਹੀਂ ਹੈ ਤਾਂ ਫਿਰ ਅਸੀਂ ਇਹ ਵੀ ਕਰ ਸਕਦੇ ਹਾਂ ਕਿ ਚੋਣਾ ਬਾਅਦ ਜੋ ਪ੍ਰਧਾਨ ਮੰਤਰੀ ਬਣ ਜਾਂਦਾ ਹੈ ਤਾਂ ਬਾਅਦ ਵਿੱਚ ਅਗਰ ਪ੍ਰਧਾਨ ਮੰਤਰੀ ਹੀ ਕਰਤਾ ਧਰਤਾ ਰਹਿਣਾ ਹੈ ਤਾਂ ਫਿਰ ਇਹ ਇਤਨੀ ਵੱਡੀ ਪਾਰਲੀਮੈਂਟ ਕਾਇਮ ਰੱਖਣ ਦੀ ਜ਼ਰੂਰਤ ਕੀ ਹੈ। ਪਾਰਲੀਮੈਂਟ ਦਾ ਮਤਲਬ ਇਹ ਹੁੰਦਾ ਹੈ ਕਿ ਹਰੇਕ ਮੈਂਬਰ ਇੱਥੇ ਆਕੇ ਕੰਮ ਕਰੇ ਅਤੇ ਆਪਣੇ ਆਪਣੇ ਇਲਾਕੇ ਦੀਆਂ ਸਮੱਸਿਆਵਾਂ ਇੱਥੇ ਸਦਨ ਵਿੱਚ ਰੱਖਣ ਅਤੇ ਬਹਿਸ ਬਾਅਦ ਬਾਕਾਇਦਾ ਪਾਸ ਕਰਕੇ ਆਪਣੇ ਇਲਾਕੇ ਦੇ ਲੋਕਾਂ ਦੀ ਭਲਾਈ ਕਰਨ। ਐਸਾ ਕੁੱਝ ਤਾਂ ਸਾਡੀ ਪਾਰਲੀਮੈਂਟ ਵਿੱਚ ਹੋ ਨਹੀਂ ਰਿਹਾ ਹੈ ਬਲਕਿ ਇਹ ਪ੍ਰਧਾਨ ਮੰਤਰੀ ਆਪ ਹੀ ਸਦਨ ਵਿੱਚ ਕੋਈ ਬਿਲ, ਸਕੀਮ ਜਾਂ ਪ੍ਰੋਜੈਕਟ ਰੱਖਦਾ ਹੈ ਅਤੇ ਰਸਮੀ ਤੌਰ ਤੇ ਸਾਰੇ ਸਰਕਾਰੀ ਮੈਂਬਰਾਂ ਨੇ ਹਾਂ ਕਰਨੀ ਹੁੰਦੀ ਹੈ ਅਤੇ ਵਿਰੋਧੀਆਂ ਦੀ ਸੁਣਵਾਈ ਹੀ ਨਹੀਂ ਹੈ ਤਾਂ ਇਹ ਆਦਮੀ ਕਾਸ ਲਈ ਸਦਨ ਵਿੱਚ ਆ ਬੈਠਦੇ ਹਨ। ਅਗਰ ਅਸੀਂ ਇਹ ਵੀ ਕਰ ਦਈਏ ਕਿ ਜਦ ਬਹੁਗਿਣਤੀ ਨਾਲ ਕੋਈ ਪ੍ਰਧਾਨ ਮੰਤਰੀ ਬਣ ਹੀ ਗਿਆ ਹੈ ਤਾਂ ਫਿਰ ਇਹ ਪਾਰਲੀਮੈਂਟ ਅਗਰ ਸਾਰੀ ਦੀ ਸਾਰੀ ਘਰ ਹੀ ਭੇਜ ਦਿਤੀ ਜਾਵੇ ਤਾਂ ਕੋਈ ਫਰਕ ਨਹੀਂ ਪੈਂਣ ਲਗਾ ਅਤੇ ਕੁੱਝ ਖਰਚਾ ਦੇਕੇ ਮੁਲਕ ਦਾ ਬਾਕੀ ਦਾ ਖਰਚਾ ਬਚਾਇਆ ਜਾ ਸਕਦਾ ਹੈ।

ਅਸੀਂ ਜਿਹੜਾ ਵੀ ਪਰਜਾਤੰਤਰ ਕਲਪਿਆ ਸੀ ਉਸਦੀ ਬਣਤਰ ਤਾਂ ਅਸਾਂ ਬਣਾਈ ਸੀ ਕਿ ਅਸੀਂ ਵੋਟਾਂ ਪਾਕੇ ਆਪਣੇ ਪ੍ਰਤੀਨਿਧ ਚੁਣਿਆ ਕਰਾਂਗੇ, ਪਰ ਇਹ ਵਾਲਾ ਹੱਕ ਵੀ ਰਾਜਸੀ ਲੋਕਾਂ ਨੇ ਸਾਥੋਂ ਖੋਹ ਲਿਆ ਹੈ ਅਤੇ ਕੁੱਝ ਰਾਜਸੀ ਪਾਰਟੀਆਂ ਦੇ ਮੁਖੀਆਂ ਜਾਂ ਕੁੱਝ ਧੜਿਆਂ ਦੇ ਵਿਅਕਤੀ ਵਿਸ਼ੇਸ਼ਾਂ ਨੇ ਪਹਿਲਾਂ ਹੀ ਆਪਣੇ ਆਪਨੂੰ ਮੁਲਕ ਦਾ ਸੰਭਾਵੀ ਪ੍ਰਧਾਨ ਮੰਤਰੀ ਘੋਸ਼ਿਤ ਕਰ ਰਖਿਆ ਹੈ ਅਤੇ ਚੋਣਾਂ ਵਕਤ ਇਹ ਜਿਹੜੇ ਵੀ ਉਮੀਦਵਾਰ ਸਾਡੇ ਸਾਹਮਣੇ ਕਰ ਦਿੱਤੇ ਜਾਂਦੇ ਹਨ ਇਹ ਲੋਕਾਂ ਦੇ ਪ੍ਰਤੀਨਿਧ ਨਹੀਂ ਹਨ ਬਲਕਿ ਇਹ ਪਹਿਲਾਂ ਘੋਸ਼ਿਤ ਸੰਭਾਵੀ ਪ੍ਰਧਾਨ ਮੰਤਰੀਆਂ ਦੇ ਸਪੋਰਟਰ ਹਨ ਅਤੇ ਸਾਨੂੰ ਪਤਾ ਹੀ ਨਹੀਂਹੈ ਕਿ ਇਹ ਉਮੀਦਵਾਰ ਕਿਸ ਆਧਾਰ ਉਤੇ ਚੁਣੇ ਜਾਂਦੇ ਹਨ ਅਤੇ ਸਦਨ ਵਿੱਚ ਇਹ ਲੋਕਾਂ ਦੀ ਪ੍ਰਤੀਨਿਧਤਾ ਕਰਨ ਲਈ ਆਏ ਹਨ ਜਾਂ ਆਪਣੇ ਆਕਾ ਦੀ ਹਾਂ ਵਿੱਚ ਹਾਂ ਮਿਲਾਉਣ ਲਈ ਹੀ ਜਾਕੇ ਬੈਠਦੇ ਹਨ।

ਸੋ ਇਸ ਮੁਲਕ ਵਿੱਚ ਇਹ ਚੋਣਾਂ ਵੀ ਇੱਕ ਵੱਖਰੀ ਜਿਹੀ ਕਿਸਮ ਦਾ ਡਰਾਮਾ ਹੈ ਜਿੱਥੇ ਇਹ ਸਵੈਘੋਸ਼ਿਤ ਪ੍ਰਧਾਨ ਮੰਤਰੀ ਮਨਸੂਹੀ ਪਾਨੀਪਤ ਦੀ ਲੜਾਈ ਲੜਕੇ ਦਿੱਲੀ ਦੀ ਰਾਜ ਗੱਦੀ ਉਤੇ ਜਾ ਬੈਠਦੇ ਹਨ ਅਤੇ ਮੁਗਲਾਂ ਦੀ ਤਰ੍ਹਾਂ ਸ਼ਹਿਨਸ਼ਾਹੀਆਂ ਕਰਦੇ ਹਨ। ਲੋਕੀਂ ਵੀ ਪਾਰਲੀਮੈਂਟ ਨੂੰ ਭੁੱਲ ਜਾਂਦੇ ਹਨ ਅਤੇ ਪ੍ਰਧਾਨ ਮੰਤਰੀ ਵੱਲ ਹੀ ਝਾਕੀ ਜਾਂਦੇ ਹਨ ਕਿ ਇਹ ਵਾਲਾ ਪ੍ਰਧਾਨ ਮੰਤਰੀ ਹੁਣ ਕਰਨ ਵਾਲਾ ਕੀ ਹੈ। ਕੱਲ ਕੀ ਕਰ ਬੈਠਾ ਹੈ ਅਤੇ ਅੱਜ ਕੀ ਕਰੇਗਾ। ਪਾਰਲੀਮੈਂਟ ਵਿੱਚ ਅਗਰ ਰਸਮੀ ਤੌਰ ਤੇ ਕੋਈ ਨੁਕਤਾ ਲੈ ਵੀ ਜਾਵੇ ਤਾਂ ਵੀ ਉਹ ਰਸਮੀ ਤੌਰ ਤੇ ਹੀ ਪਾਸ ਕਰ ਦਿਤਾ ਜਾਂਦਾ ਹੈ ਕਿਉਂਕਿ ਉਸ ਪਾਸ ਬਹੁਮਤ ਹੈ ਅਤੇ ਇਹ ਬਹੁਮਤ ਵਾਲੇ ਪਾਸੇ ਬੈਠੇ ਵਿਧਾਇਕਾਂ ਨੇ ਬੋਲਣਾ ਕੁੱਝ ਵੀ ਨਹੀਂ ਹੁੰਦਾ ਬਸ ਹਾਂ ਜੀ ਹੀ ਕਰਨੀ ਹੁੰਦੀ ਹੈ।

ਇਸ ਮੁਲਕ ਵਿੱਚ ਵਿਰੋਧੀ ਧਿਰਾਂ ਵੀ ਪਾਰਲੀਮੈਂਟ ਵਿੱਚ ਹਨ, ਪਰ ਉਹ ਪਹਿਲਾਂ ਤਾਂ ਬੋਲਦੀਆਂ ਹੀ ਨਹੀਂ ਹਨ ਅਤੇ ਅਗਰ ਬੋਲ ਵੀ ਪੈਣ ਤਾ ਸੁਣਵਾਈ ਨਹੀਂ ਹੈ। ਇਹ ਇੱਕ ਪੁਰਖਾ ਜਿਹਾ ਰਾਜ ਆ ਗਿਆ ਹੈ ਅਤੇ ਇੱਕ ਆਦਮੀ ਚਾਹੇ ਕਿਤਨਾ ਹੀ ਸਿਆਣਾ ਕਿਉਂ ਨਾ ਪਿਆ ਹੋਵੇ ਇਹ ਵਾਲਾ ਰਾਜ ਪਰਜਾਤੰਤਰ ਨਹੀਂ ਹੋ ਸਕਦਾ ਅਤੇ ਇੱਕ ਤਰ੍ਹਾਂ ਦੀ ਤਾਨਾਸ਼ਾਹੀ ਪਰਜਾਤੰਤਰ ਦੇ ਨਾਮ ਹੇਠਾਂ ਚਲਾਈ ਜਾ ਰਹੀ ਹੈ।

ਪਿਛਲੀ ਪੌਣੀ ਸਦੀ ਵਿੱਚ ਇਹ ਪਹਿਲਾਂ ਤੋਂ ਹੀ ਸਵੈਘੋਸ਼ਿਤ ਪ੍ਰਧਾਨ ਮੰਤਰੀ ਹੀ ਰਾਜ ਕਰਦੇ ਆ ਰਹੇ ਹਨ ਅਤੇ ਉਨ੍ਹਾਂ ਦਾ ਨਾਮ ਹੀ ਇਤਿਹਾਸ ਵਿੱਚ ਬੋਲ ਰਿਹਾ ਹੈ ਅਤੇ ਅਸੀਂ ਹੈਰਾਨ ਪ੍ਰੇਸ਼ਾਨ ਵੀ ਹਾਂ ਕਿ ਅੱਜ ਤਕ ਇਹ ਸਰਕਾਰੀ ਵਿਧਾਇਕ ਨੇ ਕਦੀ ਆਪ ਵੀ ਇਹ ਨਹੀਂ ਸੋਚਿਆ ਕਿ ਉਹ ਪਾਰਲੀਮੈਂਟ ਵਿੱਚ ਆਖਰ ਕਰਨ ਕੀ ਆਏ ਹਨ। ਆਜ਼ਾਦ ਦੇਸ਼ ਵਿੱਚ ਗੁਲਾਮ ਵਿਧਾਇਕਾਂ ਦੀ ਇਤਨੀ ਵੱਡੀ ਗਿਣਤੀ ਅਸਾਂ ਕਾਸ ਲਈ ਕਾਇਮ ਕੀਤੀ ਸੀ, ਸਾਡੇ ਵਿਧਾਨ ਦਾ ਇਹ ਪੱਖ ਹਾਲਾਂ ਵੀ ਅਧੂਰਾ ਜਿਹਾ ਰਹਿ ਗਿਆ ਹੈ। ਇਹ ਪੂਰਾ ਕਰਨ ਦੀ ਕੌਣ ਸੋਚੇਗਾ ਅਤੇ ਕਦ ਸੋਚੇਗਾ ? ਇਸ ਬਾਰੇ ਹਾਲਾਂ ਕੁੱਝ ਵੀ ਨਹੀਂ ਆਖਿਆ ਜਾ ਸਕਦਾ। ਅੱਜ ਤਾਂ ਇਹ ਵੀ ਸੋਚਣਾ ਪਵੇਗਾ ਕਿ ਅਗਰ ਇਹ ਵਿਧਾਇਕ ਇੱਥੇ ਸਿਰਫ ਅਤੇ ਸਿਰਫ ਸਪੋਰਟਰ ਹੀ ਬਣਕੇ ਬੈਠਦੇ ਹਨ ਤਾਂ ਫਿਰ ਇਹ ਵੀ ਸੋਚਣਾ ਪਵੇਗਾ ਕਿ ਇੰਨ੍ਹਾਂ ਦਾ ਸਰਦਾਰ ਹੀ ਕਾਫੀ ਹੈ ਅਤੇ ਬਾਕੀ ਦੇ ਇਹ ਸਪੋਰਟਰ ਅਗਰ ਨਾ ਹੀ ਆਇਆ ਕਰਨ ਤਾਂ ਵੀ ਕੰਮ ਚਲ ਸਕਦਾ ਹੈ।

ਇਸਦਾ ਬਦਲ ਇਹ ਵੀ ਹੋ ਸਕਦਾ ਹੈ ਕਿ ਇਹ ਸਵੈਘੋਸ਼ਿਤ ਪ੍ਰਧਾਨ ਮੰਤਰੀ ਹੀ ਰਾਸ਼ਟਰਪਤੀ ਬਣਾ ਦਿਤਾ ਜਾਵੇ ਅਤੇ ਇਹ ਪਹਿਲਾਂ ਆਪ ਫੈਸਲਾ ਕਰੇ ਅਤੇ ਸਦਨ ਵੱਖਰੀ ਬੈਠੇ ਅਤੇ ਉਸਦਾ ਭੇਜਿਆ ਨੁਕਤਾ ਵਿਚਾਰਕੇ ਫੈਸਲਾ ਕਰ ਦਿਆ ਕਰੇ। ਐਸਾ ਤਾਂਹੀ ਸੰਭਵ ਹੋ ਸਕਦਾ ਹੈ ਕਿ ਪ੍ਰਧਾਨ ਮੰਤਰੀ ਦੀ ਨਿਯੁਕਤੀ ਲਈ ਹੀ ਇਹ ਸਪੋਰਟਰ ਵਰਤੇ ਜਾਣ, ਪਰ ਸਦਨ ਦੀ ਕਾਰਵਾਈ ਵਿੱਚ ਇਹ ਬਾਕਾਇਦਾ ਆਜ਼ਾਦ ਹੋ ਜਾਣ ਅਤੇ ਆਪ ਵੀ ਕੋਈ ਨੁਕਤਾ ਰੱਖਣ ਦਾ ਅਧਿਕਾਰ ਰੱਖਦੇ ਹੋਣ। ਅਗਰ ਅਸੀਂ ਸੱਚ ਹੀ ਪਰਜਾਤੰਤਰ ਬਣਨ ਦੀ ਇੱਛਾ ਰਖਦੇ ਹਾਂ ਤਾਂ ਕੁੱਝ ਸੋਚਣਾ ਚਾਹੀਦਾ ਹੈ।

ਇਹ ਵਾਲਾ ਢਾਂਚਾ ਜਿਹੜਾ ਅੱਜ ਆ ਬਣਿਆ ਹੈ ਇਹ ਪਰਜਜਾਤੰਤਰ ਨਹੀਂ ਹੈ ਅਤੇ ਇਹੀ ਕਾਰਨ ਹੈ ਅੱਜ ਪੌਣੀ ਸਦੀ ਦਾ ਸਮਾਂ ਲਦ ਜਾਣ ਦੇ ਬਾਵਜੂਦ ਅਸੀਂ ਹਾਲਾਂ ਵੀ ਗਰੀਬ ਲੋਕਾਂ ਦੇ ਦੇਸ਼ ਵਿੱਚ ਗਿਣੇ ਜਾ ਰਹੇ ਹਾਂ। ਸਾਡੇ ਮੁਲਕ ਵਿੱਚ ਰਾਜਨੀਤੀ ਸ਼ਾਸਤਰੀਆਂ ਦੀ ਕਮੀ ਨਹੀਂ ਹੈ ਉਹ ਵੀ ਅੱਗੇ ਆਕੇ ਇਹ ਦਸ ਸਕਦੇ ਹਨ ਕਿ ਅਸਲ ਮਿਥਿਆ ਹੋਇਆ ਪਰਜਾਤੰਤਰ ਕਿਵੇਂ ਆ ਸਕਦਾ ਹੈ ਅਤੇ ਇਹ ਵਿਧਾਇਕ ਸਪੋਰਟਰ ਨਹੀਂ ਬਲਕਿ ਲੋਕਾਂ ਦੇ ਪ੍ਰਤੀਨਿਧ ਕਿਵੇਂ ਬਣ ਸਕਦੇ ਹਨ। ਇਹ ਸੰਭਾਵੀ ਪ੍ਰਧਾਨ ਮੰਤਰੀਆਂ ਵਾਲਾ ਸਿਲਸਿਲਾ ਵੀ ਖਤਮ ਹੋਣਾ ਚਾਹੀਦਾ ਹੈ। ਪੌਣੀ ਸਦੀ ਸਿਰਫ ਅਤੇ ਸਿਰਫ ਪ੍ਰਧਾਨ ਮੰਤਰੀ ਦਾ ਰਾਜ ਹੀ ਕਾਇਮ ਕਰਨਾ ਸਾਡੇ ਸੰਵਿਧਾਨ ਦੀ ਤੌਹੀਨ ਹੈ



**ਪੰਜਾਬੀ ਅਖ਼ਬਾਰ ਵਿੱਚ ਖ਼ਬਰਾਂ,ਇਸਤਿਹਾਰ, ਬਿਜਨਿਸ ਦੀ ਐਡਵਰਟਾਈਜ਼ਮੈਂਟ, ਵਿਆਹ ਸਬੰਧੀ ਜਾਂ ਆਪਣੀਆਂ ਰਚਨਾਵਾਂ ਛਪਵਾਉਣ ਲਈ ਸੰਪਰਕ ਕਰ ਸਕਦੇ ਹੋ।**



**Edmonton**
Sukhdev Singh Dhanoa
780 700 5022,
780 599 2000
Email:
sukhdevdhanoa@gmail.com



**Regina**
Gurbinder Singh Gagowal
306 520 4313,
639 999 1000
Email:
gur.gago@gmail.com



**Saskatoon**
Rishi Joshi
639 742 1200
639 999 1000
Rishijoshi1990 @hotmail.com



**Winnipeg**
Lakha Sehajpal Daudhar
204 891 0031
431 733 3000
lakhadaudhar007@gmail.com



**Winnipeg**
Amritpal Singh Kang
204 218 3852
431 733 3000
just4kang@gmail.com

ਮੁੱਖ ਦਫਤਰ ਕੈਲਗਰੀ 208 #10 -4774 Westwinds Drive NE Calgary (AB) T3J 0L7 Canada: 1 403 640 2000, editor@punjabiakhbaar.ca

## ਖ਼ਬਰ ਪੰਜਾਬ ਤੋਂ ਆਈ ਐ ਬਈ--

# ਅੱਤਵਾਦ ਤੋਂ ਬਾਅਦ ਗੈਂਗਸਟਰ ਬਣੇ ਪੰਜਾਬ ਲਈ ਵੱਡੀ ਚੁਣੌਤੀ







ਚੰਡੀਗੜ੍ਹ (ਪੰਜਾਬੀ ਅਖਬਾਰ ਬਿਊਰੋ)- ਪਿਛਲੇ ਕਈ ਸਾਲਾਂ ਤੋਂ ਅੱਤਵਾਦ ਦੇ ਕਹਿਰ ਦਾ ਸਾਹਮਣਾ ਕਰਨ ਵਾਲਾ ਪੰਜਾਬ ਅੱਜ ਬਦਨਾਮ ਗੈਂਗਸਟਰਾਂ ਦੀ ਕਰਮਭੂਮੀ ਬਣਦਾ ਜਾ ਰਿਹਾ ਹੈ, ਜਿਸ ਦੀ ਜਿਉਂਦੀ ਜਾਗਦੀ ਮਿਸਾਲ ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦਾ ਹਾਲ ਹੀ ਵਿਚ ਹੋਇਆ ਕਤਲ ਹੈ। ਸਥਿਤੀ ਇਹ ਹੈ ਕਿ ਭਾਰਤ ਦੀ 2 ਫੀਸਦੀ ਆਬਾਦੀ ਵਾਲਾ ਇਹ ਸੂਬਾ ਹਥਿਆਰਾਂ ਨਾਲ ਭਰਿਆ ਪਿਆ ਹੈ। ਜੇਕਰ ਦੇਖਿਆ ਜਾਵੇ ਤਾਂ ਦੇਸ਼ ਦਾ ਕੋਈ ਵੀ ਅਜਿਹਾ ਸੂਬਾ ਨਹੀਂ, ਜਿੱਥੇ ਕੋਈ ਗੈਂਗਸਟਰ ਨਾ ਹੋਵੇ ਪਰ ਪੰਜਾਬ ਵਿਚ ਅੱਜ ਛੋਟੇ-ਵੱਡੇ ਸਮੇਤ 65 ਦੇ ਕਰੀਬ ਗੈਂਗ ਸਰਗਰਮ ਹਨ। ਬਹੁਤੇ ਗੈਂਗਸਟਰ ਜੇਲ੍ਹਾਂ ਵਿੱਚ ਬੰਦ ਹਨ, ਜਿਨ੍ਹਾਂ ਦੇ ਗੈਂਗ ਪੂਰੀ ਤਰ੍ਹਾਂ ਸਰਗਰਮ ਹਨ ਅਤੇ ਜੇਲ੍ਹਾਂ ਵਿੱਚੋਂ ਕੰਮ ਕਰ ਰਹੇ ਹਨ। ਵਿਡੰਬਨਾ ਇਹ ਹੈ ਕਿ ਪਤਾ ਹੋਣ ਦੇ ਬਾਵਜੂਦ ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਇਨ੍ਹਾਂ ਨੂੰ 'ਡੀਐਕਟੀਵੇਟ' ਕਰਨ ਵਿਚ ਨਾਕਾਮਯਾਬ ਹੋ ਰਿਹਾ ਹੈ। ਇਸ ਦਾ ਖਮਿਆਜਾ ਸੂਬੇ ਦੇ ਸਰਮਾਏਦਾਰਾਂ ਨੂੰ ਭੁਗਤਣਾ ਪੈ ਰਿਹਾ ਹੈ।

ਪੰਜਾਬ ਲਈ ਖ਼ਤਰਾ ਬਣੇ ਇਹ ਗੈਂਗ

- ਲਾਰੈਂਸ ਬਿਸ਼ਨੋਈ ਗੈਂਗ
- ਜੱਗੂ ਭਗਵਾਨਪੁਰੀਆ ਗੈਂਗ
- ਗੌਂਡਾ ਐਂਡ ਬ੍ਰਦਰ ਗੈਂਗ
- ਸੁੱਖਾ ਕਾਲਵਾ ਗੈਂਗ
- ਗੁਰਬਖਸ਼ ਸੇਵੇਵਾਲਾ ਗੈਂਗ
- ਦਵਿੰਦਰ ਬੰਬੀਹਾ ਗੈਂਗ
- ਹੈਰੀ ਚੱਠਾ ਗੈਂਗ

**ਪੰਜਾਬ ਲਈ ਸਿਰਦਰਦ ਬਣੇ 7 ਗੈਂਗ** - ਇਹ ਉਹ ਸੱਤ ਗੈਂਗ ਹਨ, ਜੋ ਪੰਜਾਬ ਪੁਲਸ ਲਈ ਸਿਰਦਰਦੀ ਬਣੇ ਹੋਏ ਹਨ। ਪਿਛਲੇ ਕੁਝ ਸਾਲਾਂ ਦੌਰਾਨ ਸੂਬੇ ਵਿਚ ਦਰਜ ਕੀਤੇ ਗਏ ਜੁਰਮ ਦੇ ਮਾਮਲਿਆਂ ਵਿਚ ਜ਼ਿਆਦਾਤਰ ਹੱਥ ਇਨ੍ਹਾਂ ਗੈਂਗ ਦਾ ਰਿਹਾ ਹੈ। ਇਨ੍ਹਾਂ ਵਿਚੋਂ ਜ਼ਿਆਦਾਤਰ ਗੈਂਗ ਦੇ ਸਰਗਨੇ ਜਾਂ ਤਾਂ ਪੁਲਿਸ ਮੁਕਾਬਲੇ ਵਿਚ ਮਾਰੇ ਜਾ ਚੁੱਕੇ ਹਨ ਅਤੇ ਜਾਂ ਪੁਲਿਸ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਜੇਲ੍ਹ ਵਿਚ ਭੇਜ ਚੁੱਕੀ ਹੈ। ਵਿਡੰਬਨਾ ਇਹ ਹੈ ਕਿ ਜਦੋਂ ਤੋਂ ਇਨ੍ਹਾਂ ਦੇ ਸਰਗਨੇ ਜੇਲ੍ਹਾਂ ਵਿਚ ਗਏ ਹਨ, ਇਹ ਗੈਂਗ ਹੋਰ ਤਾਕਤਵਰ ਹੁੰਦੇ ਜਾ ਰਹੇ ਹਨ। ਤਿਹਾੜ ਜੇਲ੍ਹ ਵਿਚ ਬੰਦ ਖ਼ਤਰਨਾਕ ਗੈਂਗਸਟਰ ਲਾਰੈਂਸ ਬਿਸ਼ਨੋਈ 'ਤੇ ਤਾਜ਼ਾ ਮਾਮਲਾ ਸਿੱਧੂ ਮੂਸੇਵਾਲੇ ਦੇ ਕਤਲ ਦਾ ਦੋਸ਼ ਲੱਗਾ ਹੈ।

**ਲਾਰੈਂਸ ਬਿਸ਼ਨੋਈ ਗੈਂਗ**

ਪੰਜਾਬ ਦੇ ਅਬੋਹਰ ਵਿਚ ਪੈਦਾ ਹੋਏ ਪੁਲਿਸ ਕਾਂਸਟੇਬਲ ਦੇ ਬੇਟੇ ਲਾਰੈਂਸ ਬਿਸ਼ਨੋਈ, ਜੋਧਪੁਰ ਵਿਚ ਫਿਲਮ ਸਟਾਰ ਸਲਮਾਨ ਖਾਨ ਨੂੰ ਜਾਨੋਂ ਮਾਰਨ ਦੀ ਧਮਕੀ ਦੇਣ ਤੋਂ ਬਾਅਦ ਬਿਸ਼ਨੋਈ ਅਪਰਾਧ ਦੀ ਦੁਨੀਆ ਵਿਚ ਵੱਡਾ ਨਾਂ ਬਣ ਗਿਆ ਸੀ। ਜੋਧਪੁਰ ਜੇਲ੍ਹ ਵਿਚ ਬੰਦ ਬਿਸ਼ਨੋਈ 'ਤੇ ਫਿਰੌਤੀ, ਕਤਲ, ਅਗਵਾ, ਹਾਈਵੇ ਰਬੜੀ ਵਰਗੇ ਘਿਨਾਉਣੇ ਅਪਰਾਧਾਂ ਦੇ ਦੋ ਦਰਜਨ ਦੇ ਕਰੀਬ ਮਾਮਲੇ ਦਰਜ ਹਨ, ਜਿਸ ਨੂੰ ਦਿੱਲੀ ਦੀ ਤਿਹਾੜ ਜੇਲ੍ਹ ਵਿਚ ਤਬਦੀਲ ਕਰ ਦਿੱਤਾ ਗਿਆ ਸੀ। ਲਾਰੈਂਸ ਅਤੇ ਗੋਲਡੀ ਬਰਾੜ ਵਿਦਿਆਰਥੀ ਰਾਜਨੀਤੀ ਦੇ ਸਮੇਂ ਤੋਂ ਗੂੜ੍ਹੇ ਦੋਸਤ ਰਹੇ ਹਨ। ਗੋਲਡੀ ਬਰਾੜ ਕਈ ਘਿਨਾਉਣੇ ਅਪਰਾਧਾਂ ਵਿੱਚ ਸ਼ਾਮਲ ਹੋਣ ਤੋਂ ਬਾਅਦ ਕੈਨੇਡਾ ਭੱਜ ਗਿਆ ਸੀ ਅਤੇ ਬਿਸ਼ਨੋਈ ਜੇਲ੍ਹ ਜਾਣ ਤੋਂ ਬਾਅਦ ਉਹ ਉਸ ਦਾ ਕੰਮ ਕੈਨੇਡਾ ਤੋਂ ਕਰਨ ਲੱਗਾ।

**ਜੱਗੂ ਭਗਵਾਨਪੁਰੀਆਂ ਗੈਂਗ**

ਅੰਮ੍ਰਿਤਸਰ ਅਤੇ ਗੁਰਦਾਸਪੁਰ ਵਿਚ ਫਿਰੌਤੀ, ਅਗਵਾ, ਕਤਲ ਵਰਗੇ ਸੰਗੀਨ ਮਾਮਲਿਆਂ ਵਿਚ ਸਰਗਰਮ ਜੱਗੂ ਗੈਂਗ ਦਾ ਸਰਗਣਾ ਜੱਗੂ ਭਗਵਾਨਪੁਰੀਆ ਬੇਸ਼ੱਕ 2015 ਵਿਚ ਪੁਲਿਸ ਨੇ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜ ਦਿੱਤਾ ਸੀ। ਅੱਜ ਵੀ ਜੱਗੂ ਗੈਂਗ ਉਸੇ ਤਰ੍ਹਾਂ ਨਾਲ ਐਕਟਿਵ ਹੈ ਅਤੇ ਅਪਰਾਧ ਦੀ ਦੁਨੀਆ ਵਿਚ ਆਪਣਾ ਇੱਕ ਵੱਡਾ ਨਾਮ ਰੱਖਦਾ ਹੈ।

**ਗੌਂਡਾ ਐਂਡ ਬ੍ਰਦਰ ਗੈਂਗ**

ਪੁਲਿਸ ਮੁਕਾਬਲੇ ਵਿਚ ਮਾਰੇ ਗਏ ਗੌਂਡਾ ਐਂਡ ਬ੍ਰਦਰ ਗੈਂਗ ਦਾ ਸਰਗਣਾ ਵਿੱਕੀ ਗੌਂਡਰ ਗੈਂਗ ਅੱਜ ਵੀ ਉਸੇ ਤਰ੍ਹਾਂ ਨਾਲ ਚੱਲ ਰਿਹਾ ਹੈ। ਗੌਂਡਾ ਦਾ ਨਾਂ ਉਸ ਸਮੇਂ ਸਾਹਮਣੇ ਆਇਆ ਜਦੋਂ ਉਸ ਨੇ ਸੁੱਖਾ ਕਾਲਵਾ ਨੂੰ ਪੁਲਿਸ ਹਿਰਾਸਤ ਵਿਚ ਮਾਰਿਆ ਸੀ। ਗੌਂਡਾ ਡਿਸਕ ਥਰੋਅ ਵਿਚ ਰਾਸ਼ਟਰੀ ਪੱਧਰ ਦਾ ਖਿਡਾਰੀ ਸੀ ਪਰ ਆਪਣੇ ਦੋਸਤ ਦੇ ਕਤਲ ਤੋਂ ਬਾਅਦ ਉਸ ਨੇ ਖੇਡਾਂ ਛੱਡ ਕੇ ਅਪਰਾਧ ਵੱਲ ਰੁਖ ਕਰ ਲਿਆ ਸੀ।

**ਬੰਬੀਹਾ ਗੈਂਗ**

2016 ਵਿਚ ਹੋਏ ਇੱਕ ਪੁਲਿਸ ਮੁਕਾਬਲੇ ਦੌਰਾਨ ਮਾਰੇ ਗਏ ਖ਼ਤਰਨਾਕ ਗੈਂਗਸਟਰ ਦਵਿੰਦਰ ਬੰਬੀਹਾ ਦਾ ਗੈਂਗ ਅਜੇ ਵੀ ਸਰਗਰਮ ਹੈ।

**ਸੁੱਖਾ ਕਾਲਵਾ ਗੈਂਗ**

ਥੋੜ੍ਹੇ ਸਮੇਂ ਵਿਚ ਜਿਹੇ ਵਕਤ ਵਿੱਚ ਵੱਡਾ ਨਾਂ ਕਮਾਉਣ ਵਾਲਾ ਸੁੱਖਾ ਕਾਲਵਾ ਖੁਦ ਨੂੰ ਸੋਸ਼ਲ ਮੀਡੀਆ 'ਤੇ ਕਾਫੀ ਸਰਗਰਮ ਰੱਖਦਾ ਸੀ ਅਤੇ ਉਸ ਦੇ ਫਾਲੋਅਰਜ਼ ਦੀ ਗਿਣਤੀ ਵੀ ਸਭ ਤੋਂ ਵੱਧ ਸੀ। ਉਹ ਕਈ ਵਾਰ ਪੁਲਿਸ ਦੀ ਗ੍ਰਿਫ਼ਤ 'ਚੋਂ ਫ਼ਰਾਰ ਹੋ ਗਿਆ ਸੀ ਪਰ ਵਿੱਕੀ ਗੌਂਡਰ ਗੈਂਗ ਨੇ ਆਪਣੇ ਦੋਸਤ ਦੇ ਕਤਲ ਦਾ ਬਦਲਾ ਲੈਣ ਲਈ ਸੁੱਖਾ ਕਾਲਵਾ ਨੂੰ ਅਦਾਲਤ 'ਚੋਂ ਪੇਸ਼ੀ ਕਰਨ ਤੋਂ ਬਾਅਦ ਜੇਲ੍ਹ ਜਾਂਦੇ ਸਮੇਂ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਸੀ।

**ਗੁਰਬਖਸ਼ ਸੇਵੇਵਾਲਾ ਗੈਂਗ**

2015 ਵਿਚ ਮਾਰੇ ਗਏ ਗੈਂਗਸਟਰ ਰਣਜੀਤ ਸੇਵੇਵਾਲਾ ਦਾ ਭਰਾ ਗੁਰਬਖਸ਼ ਸੇਵੇਵਾਲਾ ਆਵੇਸ਼ ਅਗੇਨ ਨੂੰ ਜੇਲ੍ਹ ਤੋਂ ਚਲਾ ਰਿਹਾ ਹੈ।

**ਚੱਠਾ ਗੈਂਗ**

ਬਟਾਲਾ ਦਾ ਰਹਿਣ ਵਾਲਾ ਸੁਖਪ੍ਰੀਤ ਸਿੰਘ ਉਰਫ ਚੱਠਾ ਗੈਂਗ ਮਾਝਾ ਅਤੇ ਉੱਤਰ ਪ੍ਰਦੇਸ਼ ਵਿਚ ਸਰਗਰਮ ਹੈ। ਗੋਪੀ ਘਨਸ਼ਿਆਮਪੁਰੀਆ ਇਸ ਗਿਰੋਹ ਦਾ ਦੂਜਾ ਵੱਡਾ ਨਾਮ ਹੈ। ਮੋਸਟ ਵਾਂਟੇਡ ਦੀ ਸੂਚੀ ਵਿਚ ਸ਼ਾਮਲ ਇਹ ਦੋਵੇਂ ਨਾਮ ਪੁਲਸ ਰਿਕਾਰਡ ਵਿਚ ਫਿਰੌਤੀ, ਅਗਵਾ, ਕਤਲ ਦੇ ਕਈ ਮਾਮਲਿਆਂ ਵਿੱਚ ਦਰਜ ਹਨ।

**ਗੈਂਗਸਟਰਾਂ 'ਤੇ ਸਿਕੰਜ਼ਾ ਕੱਸਣ ਲਈ ਟਾਸਕ ਫੋਰਸ ਨੂੰ ਬਣਾਉਣੀ ਹੋਵੇਗੀ ਠੋਸ ਰਣਨੀਤੀ :**

ਪੰਜਾਬ ਵਿਚ ਗੈਂਗਸਟਰਾਂ ਦੀਆਂ ਵੱਧ ਰਹੀਆਂ ਗਤੀਵਿਧੀਆਂ ਦੇ ਮੱਦੇਨਜ਼ਰ ਪੰਜਾਬ ਸਰਕਾਰ ਵਲੋਂ ਬਣਾਈ ਗਈ ਐਂਟੀ ਗੈਂਗਸਟਰ ਟਾਸਕ ਫੋਰਸ ਨੂੰ ਠੋਸ ਰਣਨੀਤੀ ਬਣਾਉਣੀ ਪਵੇਗੀ ਤਾਂ ਜੋ ਸੂਬੇ ਵਿੱਚ ਇਨ੍ਹਾਂ ਗੈਂਗਸਟਰਾਂ ਵੱਲੋਂ ਕੀਤੀਆਂ ਜਾ ਰਹੀਆਂ ਵਾਰਦਾਤਾਂ ਨੂੰ ਕਾਬੂ ਕੀਤਾ ਜਾ ਸਕੇ। ਪੁਲਿਸ ਨੂੰ ਗੈਂਗਸਟਰ ਵੱਲੋਂ ਮੰਗੀ ਜਾ ਰਹੀ ਪ੍ਰੋਟੈਕਸ਼ਨ ਮਨੀ 'ਤੇ ਕੁਝ ਸਖ਼ਤ ਕਦਮ ਚੁੱਕਣੇ ਪੈਣਗੇ ਤਾਂ ਜੋ ਇਹ ਗਿਰੋਹ ਕਿਸੇ ਨੂੰ ਡਰਾ ਧਮਕਾ ਕੇ ਉਨ੍ਹਾਂ ਦੀ ਮਿਹਨਤ ਦੀ ਕਮਾਈ ਲੁੱਟ ਨਾ ਸਕੇ।

# ਪੰਜਾਬ 'ਚ ਅਗਲੇ ਮਹੀਨੇ ਹੋਵੇਗਾ ਮੰਤਰੀ ਮੰਡਲ ਦਾ ਵਿਸਥਾਰ

## 8 ਮੰਤਰੀਆਂ ਦੇ ਅਹੁਦੇ ਖਾਲੀ, ਮਹਿਲਾਵਾਂ ਤੇ ਦੂਜੀ ਵਾਰ ਵਿਧਾਇਕਾਂ ਨੂੰ ਵੀ ਮਿਲ ਸਕਦਾ ਹੈ ਮੌਕਾ



ਚੰਡੀਗੜ੍ਹ (ਪੰਜਾਬੀ ਅਖਬਾਰ ਬਿਊਰੋ)- ਪੰਜਾਬ ਵਿੱਚ ਮੰਤਰੀ ਮੰਡਲ ਦਾ ਵਿਸਥਾਰ ਅਗਲੇ ਮਹੀਨੇ ਹੋਵੇਗਾ। ਇਸ ਮਹੀਨੇ ਦੇ ਅੰਤ 'ਚ ਬਜਟ ਸੈਸ਼ਨ ਹੈ। ਉਸ ਤੋਂ ਬਾਅਦ ਜੁਲਾਈ ਦੇ ਪਹਿਲੇ ਹਫ਼ਤੇ ਮੰਤਰੀ ਮੰਡਲ ਵਿੱਚ ਨਵੇਂ ਮੰਤਰੀ ਸ਼ਾਮਲ ਕੀਤੇ ਜਾਣਗੇ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ (ਆਪ) ਸਰਕਾਰ ਵਿੱਚ ਇਸ ਵੇਲੇ 8 ਮੰਤਰੀਆਂ ਦੇ ਅਹੁਦੇ ਖਾਲੀ ਹਨ। ਨਵੇਂ ਮੰਤਰੀਆਂ ਵਿੱਚ ਮਹਿਲਾ ਅਤੇ ਦੂਜੀ ਵਾਰ ਵਿਧਾਇਕਾਂ ਨੂੰ ਮੌਕਾ ਮਿਲਣਾ ਯਕੀਨੀ ਹੈ। ਦੂਜੀ ਵਾਰ ਚੋਣ ਜਿੱਤਣ ਵਾਲਿਆਂ ਵਿੱਚ ਪ੍ਰਮੁੱਖ ਅਮਨ ਅਰੋੜਾ, ਬਲਵਿੰਦਰ ਕੌਰ, ਸਰਵਜੀਤ ਕੌਰ ਮਾਣੂਕੇ, ਡਾ. ਇੰਦਰਬੀਰ ਨਿੱਝਰ ਆਦਿ ਸ਼ਾਮਲ ਹਨ। ਹਾਲਾਂਕਿ, ਕੈਬਨਿਟ ਅਜੇ ਪੂਰੀ ਤਰ੍ਹਾਂ ਨਹੀਂ ਭਰੀ ਜਾਵੇਗੀ। ਫਿਲਹਾਲ 4 ਤੋਂ 5 ਮੰਤਰੀ ਹੀ ਸ਼ਾਮਲ ਹੋਣਗੇ।

ਪੰਜਾਬ ਦੀ 'ਆਪ' ਸਰਕਾਰ ਨੇ ਸ਼ੁਰੂਆਤ 'ਚ 10 ਮੰਤਰੀਆਂ ਨੂੰ ਸਹੁੰ ਚੁਕਾਈ। ਜਿਸ ਤੋਂ ਬਾਅਦ ਸੀਐਮ ਸਮੇਤ 11 ਮੰਤਰੀ ਸਨ। ਹਾਲਾਂਕਿ ਸਿਹਤ ਮੰਤਰੀ ਡਾਕਟਰ ਵਿਜੇ ਸਿੰਗਲਾ ਦੀ ਬਰਖਾਸਤਗੀ ਤੋਂ ਬਾਅਦ ਹੁਣ ਮੁੱਖ ਮੰਤਰੀ ਸਮੇਤ ਸਿਰਫ਼ 10 ਮੰਤਰੀ ਹੀ ਰਹਿ ਗਏ ਹਨ।

ਪੰਜਾਬ ਸਰਕਾਰ ਵਿੱਚ ਮੁੱਖ ਮੰਤਰੀ ਸਮੇਤ 18 ਮੰਤਰੀ ਬਣਾਏ ਜਾ ਸਕਦੇ ਹਨ। ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਮਾਨ ਤੋਂ ਬਾਅਦ 10 ਮੰਤਰੀਆਂ ਨੇ ਸਹੁੰ ਚੁੱਕੀ। 8 ਮੰਤਰੀਆਂ ਦੇ ਅਹੁਦੇ ਖਾਲੀ ਸਨ। ਹਾਲਾਂਕਿ, ਹਾਲ ਹੀ ਵਿੱਚ ਸੀਐਮ ਮਾਨ ਨੇ ਸਿਹਤ ਮੰਤਰੀ ਡਾਕਟਰ ਵਿਜੇ ਸਿੰਗਲਾ ਨੂੰ ਬਰਖਾਸਤ ਕਰ ਦਿੱਤਾ ਸੀ। ਜਿਸ ਤੋਂ ਬਾਅਦ 8 ਮੰਤਰੀਆਂ ਦੇ ਅਹੁਦੇ ਖਾਲੀ ਹੋ ਗਏ ਹਨ।

ਮੁੱਖ ਮੰਤਰੀ ਕੋਲ ਹੋਰ ਵਿਭਾਗ ਹਨ, ਉਨ੍ਹਾਂ ਨੂੰ ਵੰਡ ਦਿੱਤਾ ਜਾਵੇਗਾ

ਮੁੱਖ ਮੰਤਰੀ ਭਗਵੰਤ ਮਾਨ ਕੋਲ ਇਸ ਸਮੇਂ 28 ਵਿਭਾਗ ਹਨ। ਨਵੇਂ ਮੰਤਰੀਆਂ ਨੂੰ ਵਿਭਾਗਾਂ ਦੀ ਵੰਡ ਸਮੇਂ ਉਨ੍ਹਾਂ ਨੇ ਆਪਣੇ ਕੋਲ 27 ਵਿਭਾਗ ਰੱਖੇ ਹੋਏ ਸਨ। ਫਿਰ ਸਿਹਤ ਮੰਤਰੀ ਨੂੰ ਬਰਖਾਸਤ ਕਰ ਦਿੱਤਾ ਗਿਆ ਅਤੇ ਸਿਹਤ ਵਿਭਾਗ ਵੀ ਆਪਣੇ ਕੋਲ ਰੱਖਿਆ ਗਿਆ। ਨਵੇਂ ਮੰਤਰੀਆਂ ਨੂੰ ਸਹੁੰ ਚੁੱਕਣ ਤੋਂ ਬਾਅਦ ਵਿਭਾਗ ਦਿੱਤੇ ਜਾਣਗੇ। ਜਿਸ ਵਿੱਚ ਸਿਹਤ ਤੋਂ ਇਲਾਵਾ ਸਥਾਨਕ ਸਰਕਾਰਾਂ, ਖੇਤੀਬਾੜੀ ਅਤੇ ਉਦਯੋਗ ਸ਼ਾਮਲ ਹਨ। ਗ੍ਰਹਿ ਵਿਭਾਗ ਮੁੱਖ ਮੰਤਰੀ ਭਗਵੰਤ ਮਾਨ ਕੋਲ ਰਹੇਗਾ।

**ਬਜਟ ਸੈਸ਼ਨ 24 ਤੋਂ 30 ਜੂਨ ਤੱਕ ਚੱਲੇਗਾ**

ਪੰਜਾਬ ਵਿੱਚ ਮਾਨ ਸਰਕਾਰ ਦਾ ਬਜਟ ਸੈਸ਼ਨ 24 ਤੋਂ 30 ਜੂਨ ਤੱਕ ਚੱਲੇਗਾ। ਵਿੱਤ ਮੰਤਰੀ ਹਰਪਾਲ ਚੀਮਾ 27 ਜੂਨ ਨੂੰ ਬਜਟ ਪੇਸ਼ ਕਰਨਗੇ। ਇਸ ਤੋਂ ਬਾਅਦ ਮੰਤਰੀ ਮੰਡਲ ਦਾ ਵਿਸਤਾਰ ਕੀਤਾ ਜਾਵੇਗਾ।

# ਪੰਜਾਬ 'ਚ ਕਾਂਗਰਸ ਦੇ ਚਾਰ ਸਾਬਕਾ ਮੰਤਰੀ ਮੁਸੀਬਤ 'ਚ

## ਧਰਮਸੋਤ ਗ੍ਰਿਫਤਾਰ, ਗਿਲਜੀਆਂ ਦੀ ਭਾਲ, ਬਾਜਵਾ ਖਿਲਾਫ ਜਾਂਚ ਤੇ ਹੁਣ ਆਸ਼ੂ ਰਡਾਰ 'ਤੇ

ਚੰਡੀਗੜ੍ਹ (ਪੰਜਾਬੀ ਅਖਬਾਰ ਬਿਊਰੋ)- ਪੰਜਾਬ 'ਚ ਸੱਤਾ ਬਦਲਦੇ ਹੀ 4 ਸਾਬਕਾ ਕਾਂਗਰਸੀ ਮੰਤਰੀ ਭ੍ਰਿਸ਼ਟਾਚਾਰ ਦੇ ਮਾਮਲੇ 'ਚ ਫਸ ਗਏ ਹਨ। ਸਾਬਕਾ ਜੰਗਲਾਤ ਮੰਤਰੀ ਸਾਧੂ ਸਿੰਘ ਧਰਮਸੋਤ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਇੱਕ ਹੋਰ ਸਾਬਕਾ ਜੰਗਲਾਤ ਮੰਤਰੀ ਸੰਗਤ ਸਿੰਘ ਗਿਲਜੀਆਂ ਦੀ ਭਾਲ ਜਾਰੀ ਹੈ। ਸਾਬਕਾ ਪੰਚਾਇਤ ਮੰਤਰੀ ਤ੍ਰਿਪਤ ਰਜਿੰਦਰ ਸਿੰਘ ਬਾਜਵਾ ਖਿਲਾਫ ਜਾਂਚ ਸ਼ੁਰੂ ਹੋ ਗਈ ਹੈ। ਇਸ ਦੇ ਨਾਲ ਹੀ ਫੂਡ ਸਪਲਾਈ ਵਿਭਾਗ 'ਚ ਟੈਂਡਰ ਨੂੰ ਲੈ ਕੇ ਸਾਬਕਾ ਖੁਰਾਕ ਸਪਲਾਈ ਮੰਤਰੀ ਭਾਰਤ ਭੂਸ਼ਣ ਆਸ਼ੂ ਵੀ ਰਡਾਰ 'ਤੇ ਆ ਗਏ ਹਨ। ਸੰਗਰੂਰ ਲੋਕ ਸਭਾ ਸੀਟ 'ਤੇ ਹੋਣ ਵਾਲੀ ਜ਼ਿਮਨੀ ਚੋਣ ਤੋਂ ਪਹਿਲਾਂ 'ਆਪ' ਸਰਕਾਰ ਦੀ ਇਹ ਕਾਰਵਾਈ ਕਾਂਗਰਸ ਲਈ ਟੈਨਸ਼ਨ ਬਣ ਗਈ ਹੈ।

**ਕਾਂਗਰਸ ਦੇ ਇਹ ਸਾਬਕਾ ਮੰਤਰੀ ਨਿਸ਼ਾਨੇ 'ਤੇ ਹਨ - ਸਾਧੂ ਸਿੰਘ ਧਰਮਸੋਤ:** ਧਰਮਸੋਤ ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਵਿੱਚ ਜੰਗਲਾਤ ਮੰਤਰੀ ਸਨ। ਉਸ 'ਤੇ ਦਰੱਖਤ ਕੱਟਣ ਦੇ ਬਦਲੇ 500 ਰੁਪਏ ਰਿਸ਼ਵਤ ਲੈਣ ਦਾ ਦੋਸ਼ ਹੈ। ਕਰੀਬ ਸਾਢੇ 4 ਸਾਲਾਂ 'ਚ ਉਸ ਨੇ ਇਸ ਤੋਂ 1.25 ਕਰੋੜ ਰੁਪਏ ਕਮਾ ਲਏ। ਵਿਭਾਗ 'ਚ ਤਬਾਦਲਾ-ਪੋਸਟਿੰਗ ਦੇ ਬਦਲੇ 5 ਤੋਂ 20 ਲੱਖ ਤੱਕ ਦੀ ਰਿਸ਼ਵਤ ਵਸੂਲੀ ਗਈ। ਵਿਜੀਲੈਂਸ ਬਿਊਰੋ ਨੇ ਗ੍ਰਿਫਤਾਰ ਕੀਤੇ ਠੇਕੇਦਾਰ ਅਤੇ ਜੰਗਲਾਤ ਅਧਿਕਾਰੀ ਦੇ ਬਿਆਨਾਂ ਤੋਂ ਬਾਅਦ ਸਭ ਤੋਂ ਪਹਿਲਾਂ ਧਰਮਸੋਤ ਨੂੰ ਗ੍ਰਿਫਤਾਰ ਕੀਤਾ। ਉਹ ਹੁਣ ਪੁਲਿਸ ਰਿਮਾਂਡ 'ਤੇ ਹੈ।

**ਸੰਗਤ ਸਿੰਘ ਗਿਲਜੀਆਂ:** ਕੈਪਟਨ ਦੀ ਥਾਂ ਚਰਨਜੀਤ ਚੰਨੀ ਮੁੱਖ ਮੰਤਰੀ ਬਣੇ ਤਾਂ ਧਰਮਸੋਤ ਨੂੰ ਮੰਤਰੀ ਮੰਡਲ ਤੋਂ ਹਟਾ ਦਿੱਤਾ ਗਿਆ। ਉਨ੍ਹਾਂ ਦੀ ਥਾਂ ਸੰਗਤ ਸਿੰਘ ਗਿਲਜੀਆਂ ਜੰਗਲਾਤ ਮੰਤਰੀ ਬਣੇ।

ਦੋਸ਼ ਹੈ ਕਿ ਟ੍ਰੀ ਗਾਰਡ ਦੀ ਖਰੀਦ 'ਚ ਕਰੀਬ 6.15 ਕਰੋੜ ਰੁਪਏ ਦਾ ਘਪਲਾ ਹੋਇਆ ਹੈ। ਵਿਜੀਲੈਂਸ ਬਿਊਰੋ ਉਸ ਦੀ ਭਾਲ ਕਰ ਰਹੀ ਹੈ।

**ਤ੍ਰਿਪਤ ਰਜਿੰਦਰ ਬਾਜਵਾ:** ਤ੍ਰਿਪਤ ਰਜਿੰਦਰ ਬਾਜਵਾ 'ਤੇ ਚੋਣ ਨਤੀਜਿਆਂ ਦੇ ਬਾਵਜੂਦ ਫਾਈਲ 'ਤੇ ਦਸਤਖਤ ਕਰਕੇ 28 ਕਰੋੜ ਦੇ ਘਪਲੇ ਦਾ ਦੋਸ਼ ਹੈ। 'ਆਪ' ਸਰਕਾਰ ਦੇ ਪੰਚਾਇਤ ਮੰਤਰੀ ਕੁਲਦੀਪ ਧਾਲੀਵਾਲ ਨੇ ਕਿਹਾ ਕਿ ਅੰਮ੍ਰਿਤਸਰ ਦੇ ਜੀ.ਟੀ ਰੋਡ 'ਤੇ ਸਥਿਤ 41 ਏਕੜ ਪੰਚਾਇਤੀ ਜ਼ਮੀਨ 'ਚ ਘਪਲਾ ਹੋਇਆ ਹੈ। ਇਸ ਦੇ ਲਈ ਸਰਕਾਰ ਨੇ ਜਾਂਚ ਕਮੇਟੀ ਬਣਾਈ ਹੈ। ਬਾਜਵਾ ਨੇ ਕਿਹਾ ਕਿ ਇਸ ਦੀ ਹਾਈ ਕੋਰਟ ਦੇ ਜੱਜ ਤੋਂ ਜਾਂਚ ਹੋਣੀ ਚਾਹੀਦੀ ਹੈ।

**ਭਾਰਤ ਭੂਸ਼ਣ ਆਸ਼ੂ:** ਆਸ਼ੂ 'ਤੇ 2 ਹਜ਼ਾਰ ਕਰੋੜ ਦੇ ਟੈਂਡਰ ਘੁਟਾਲੇ ਦਾ ਦੋਸ਼ ਹੈ। ਵਿਜੀਲੈਂਸ ਇਸ ਦੀ ਜਾਂਚ ਕਰ ਰਹੀ ਹੈ। ਆਸ਼ੂ 'ਤੇ ਛੋਟੇ ਠੇਕੇਦਾਰਾਂ ਵੱਲੋਂ ਪੰਜਾਬ ਦੀਆਂ ਮੰਡੀਆਂ 'ਚ ਲੇਬਰ ਅਤੇ ਟਰਾਂਸਪੋਰਟੇਸ਼ਨ ਟੈਂਡਰਾਂ 'ਚ ਗੜਬੜੀ ਦੇ ਦੋਸ਼ ਲਾਏ ਗਏ ਸਨ। ਛੋਟੇ ਠੇਕੇਦਾਰਾਂ ਨੂੰ ਨਜ਼ਰਅੰਦਾਜ਼ ਕਰਕੇ 20-25 ਲੋਕਾਂ ਨੂੰ ਫਾਇਦਾ ਪਹੁੰਚਾਇਆ ਗਿਆ। ਹਾਲਾਂਕਿ, ਆਸ਼ੂ ਦਾ ਕਹਿਣਾ ਹੈ ਕਿ ਇਹ ਟੈਂਡਰ ਡੀਸੀ ਦੀ ਅਗਵਾਈ ਵਾਲੀਆਂ ਕਮੇਟੀਆਂ ਵੱਲੋਂ ਅਲਾਟ ਕੀਤਾ ਜਾਂਦਾ ਹੈ। ਉਸ 'ਤੇ ਸਾਜ਼ਿਸ਼ ਤਹਿਤ ਦੋਸ਼ ਲਾਏ ਜਾ ਰਹੇ ਹਨ।

## ਸ਼੍ਰੋਮਣੀ ਕਮੇਟੀ ਦੇ ਜੂਨੀਅਰਮੀ ਤ ਪ੍ਰਧਾਨ ਪ੍ਰਿੰਸੀਪਲ ਸੁਰਿੰਦਰ ਸਿੰਘ ਦਾ ਦੇਹਾਂਤ

ਸ੍ਰੀ ਆਨੰਦਪੁਰ ਸਾਹਿਬ (ਪੰਜਾਬੀ ਅਖਬਾਰ ਬਿਊਰੋ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਪ੍ਰਿੰਸੀਪਲ ਸੁਰਿੰਦਰ ਸਿੰਘ ਦਾ ਦਿਲ ਦੀ ਧੜਕਣ ਰੁਕਣ ਕਾਰਨ ਦੇਹਾਂਤ ਹੋ ਗਿਆ। ਉਹ 66 ਸਾਲਾਂ ਦੇ ਸਨ ਅਤੇ ਕੁਝ ਸਾਲ ਪਹਿਲਾਂ ਉਨ੍ਹਾਂ ਨੇ ਗੁਰਦੇ ਤਬਦੀਲ ਕਰਵਾਏ ਸਨ। ਪ੍ਰਿੰਸੀਪਲ ਸੁਰਿੰਦਰ ਸਿੰਘ ਸਾਲ 2011 ਵਿਚ ਸ਼੍ਰੋਮਣੀ ਅਕਾਲੀ ਦਲ ਵਲੋਂ ਸ਼੍ਰੋਮਣੀ ਕਮੇਟੀ ਹਲਕਾ ਸ੍ਰੀ ਅਨੰਦਪੁਰ ਸਾਹਿਬ (ਦੋਹਰਾ) ਤੋਂ ਐਸਸੀ ਰਾਖਵੀਂ ਸੀਟ ਤੋਂ ਸ਼੍ਰੋਮਣੀ ਕਮੇਟੀ ਮੈਂਬਰ ਬਣੇ ਸਨ। ਉਹ 1973 ਤੋਂ ਸਿੱਖ ਧਰਮ ਦੇ ਪ੍ਰਚਾਰ ਪ੍ਰਸਾਰ ਦੀਆਂ ਸੇਵਾਵਾਂ ਵਿਚ ਲੱਗੇ ਹੋਏ ਸਨ। 1992 ਤੱਕ ਉਹ ਨੇਤਰਹੀਣ ਗੁਰਮਤਿ ਸੰਗੀਤ ਅਕੈਡਮੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੇਵਾ ਨਿਭਾਉਂਦੇ ਰਹੇ। ਸਾਲ 1995 ਤੋਂ ਸਿੱਖ ਮਿਸ਼ਨਰੀ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਸੰਸਥਾਪਕ ਅਤੇ ਪ੍ਰਿੰਸੀਪਲ ਵੀ ਚਲੇ ਆ ਰਹੇ ਸਨ। ਉਨ੍ਹਾਂ ਦਾ ਧਰਮ ਪ੍ਰਚਾਰ ਦੇ ਖੇਤਰ ਵਿਚ ਜੀਵਨ ਭਰ ਦਾ ਯੋਗਦਾਨ ਮਿਸਾਲੀ ਰਿਹਾ। ਉਨ੍ਹਾਂ ਦੇ ਪਰਿਵਾਰ ਵਿੱਚ ਪਤਨੀ ਬੀਬੀ ਭੁਪਿੰਦਰ ਕੌਰ, ਧੀ ਇੰਦਰਪ੍ਰੀਤ ਕੌਰ ਅਤੇ ਪੁੱਤਰ ਅਮਨਦੀਪ ਸਿੰਘ ਹਨ।

ਪੰਜਾਬੀ ਅਖ਼ਬਾਰ PunjabiAkhbaar.ca
ਆਪਣੇ ਫੋਨ ਵਿੱਚ ਪੰਜਾਬੀ ਅਖਬਾਰ ਦੀ ਐਪ ਆਹ ਲਿੰਕ ਕਲਿੱਕ ਕਰਕੇ ਫਰੀ ਡਾਊਨਲੋਡ ਕਰੋ
Android app
https://play.google.com/store/apps/details?id=com.mehramedia.punjabiakhbaar
ਐਪਲ ਦੇ ਫੋਨ ਲਈ ਇਹ ਲਿੰਕ ਕਲਿੱਕ ਕਰਿਓ
iPhone App
https://apps.apple.com/in/app/punjabi-akhbaar/id1559030797

## 'ਸਿੱਧੂ ਮੂਸੇਵਾਲਾ' ਦੇ ਨਾਮ ਦੇ ਸਹਾਰੇ ਵੋਟਾਂ ਮੰਗ ਰਹੇ ਹਨ 4 ਉਮੀਦਵਾਰ



ਸੰਗਰੂਰ (ਪੰਜਾਬੀ ਅਖਬਾਰ ਬਿਊਰੋ)- ਸਿੱਧੂ ਮੂਸੇਵਾਲਾ ਨੇ ਭਾਵੇਂ ਹੀ ਕਾਂਗਰਸ ਦੀ ਟਿਕਟ 'ਤੇ ਵਿਧਾਨ ਸਭਾ ਚੋਣਾਂ ਲੜੀਆਂ ਸਨ ਪਰ ਉਸ ਦੇ ਕਤਲ ਤੋਂ ਬਾਅਦ ਸੰਗਰੂਰ ਲੋਕ ਸਭਾ ਸੀਟ 'ਤੇ ਹੋਣ ਵਾਲੀ ਜ਼ਿਮਨੀ ਚੋਣ ਦੌਰਾਨ 4 ਉਮੀਦਵਾਰਾਂ ਨੂੰ ਸਿੱਧੂ ਮੂਸੇਵਾਲਾ ਦੇ ਨਾਮ ਦਾ ਸਹਾਰਾ ਲੈਣਾ ਪੈ ਰਿਹਾ ਹੈ। ਇੱਥੇ ਦੱਸਣਾ ਉਚਿਤ ਹੋਵੇਗਾ ਕਿ ਸਿੱਧੂ ਮੂਸੇਵਾਲਾ ਦੇ ਕਤਲ ਤੋਂ ਬਾਅਦ ਸਾਰੀਆਂ ਵਿਰੋਧੀ ਪਾਰਟੀਆਂ ਵੱਲੋਂ ਕਾਨੂੰਨ ਵਿਵਸਥਾ ਦੇ ਹਾਲਾਤ ਨੂੰ ਲੈ ਕੇ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਇਸ ਦੀ ਸ਼ੁਰੂਆਤ ਕਾਂਗਰਸ ਵੱਲੋਂ ਕੀਤੀ ਗਈ ਪਰ ਬਾਅਦ 'ਚ ਅਕਾਲੀ ਦਲ, ਭਾਜਪਾ ਅਤੇ ਸਿਮਰਨਜੀਤ ਸਿੰਘ ਮਾਨ ਵੱਲੋਂ ਵੀ ਸੰਗਰੂਰ ਲੋਕ ਸਭਾ ਜ਼ਿਮਨੀ ਚੋਣ ਦੌਰਾਨ ਇਹੀ ਮੁੱਦਾ ਚੁੱਕਿਆ ਜਾ ਰਿਹਾ ਹੈ। ਇਸ 'ਚ ਸਿੱਧੂ ਮੂਸੇਵਾਲਾ ਦੀ ਸੁਰੱਖਿਆ 'ਚ ਕਟੌਤੀ ਕਰਨ ਦੀ ਗੱਲ ਜੱਗ ਜ਼ਾਹਰ ਕਰਨ ਤੋਂ ਇਲਾਵਾ ਅੰਤਿਮ ਸਸਕਾਰ 'ਤੇ ਆਮ ਆਦਮੀ ਪਾਰਟੀ ਵੱਲੋਂ ਕਿਸੇ ਦੇ ਨਾ ਪੁੱਜਣ ਦਾ ਪਹਿਲੂ ਮੁੱਖ ਤੌਰ 'ਤੇ ਸ਼ਾਮਲ ਹੈ। ਹਾਲਾਂਕਿ ਮਾਹੌਲ ਨੂੰ ਦੇਖ ਕੇ ਆਮ ਆਦਮੀ ਪਾਰਟੀ ਦੇ ਮੁੱਖ ਮੰਤਰੀ ਜਾਂ ਹੋਰ ਵੱਡੇ ਆਗੂਆਂ ਵੱਲੋਂ ਵੀ ਸਿੱਧੂ ਮੂਸੇਵਾਲਾ ਦੇ ਘਰ ਜਾ ਕੇ ਪਰਿਵਾਰ ਦੀਆਂ ਮੰਗਾਂ ਮੰਨਣ ਅਤੇ ਕਤਲ ਦੇ ਦੋਸ਼ੀਆਂ ਦੇ ਖ਼ਿਲਾਫ਼ ਕਾਰਵਾਈ ਕਰਨ ਦਾ ਦਾਅਵਾ ਕੀਤਾ ਗਿਆ ਹੈ ਪਰ ਲੋਕਾਂ ਦੇ ਰੋਸ ਦੇ ਮੁਕਾਬਲੇ ਡੈਮੇਜ ਕੰਟਰੋਲ ਕਰਨ 'ਚ ਆਮ ਆਦਮੀ ਪਾਰਟੀ ਨੂੰ ਓਨੀ ਸਫ਼ਲਤਾ ਨਹੀਂ ਮਿਲੀ ਕਿਉਂਕਿ ਸਿੱਧੂ ਮੂਸੇਵਾਲਾ ਦੇ ਕਤਲ ਤੋਂ ਬਾਅਦ ਲੋਕਾਂ 'ਚ ਅਸੁਰੱਖਿਆ ਦੀ ਭਾਵਨਾ ਦੇਖਣ ਨੂੰ ਮਿਲ ਰਹੀ ਹੈ। ਇਸ ਨੂੰ ਸਰਕਾਰ ਖ਼ਿਲਾਫ਼ ਸੰਗਰੂਰ ਸੀਟ 'ਤੇ ਭੁਨਾਉਣ ਦੀ ਕੋਸ਼ਿਸ਼ ਸਾਰੇ 4 ਉਮੀਦਵਾਰ ਕਰ ਰਹੇ ਹਨ। ਇਨ੍ਹਾਂ 'ਚ ਕਾਂਗਰਸ ਅਤੇ ਭਾਜਪਾ ਤੋਂ ਇਲਾਵਾ ਬੰਦੀ ਸਿੰਘਾਂ ਦੀ ਰਿਹਾਈ ਅਤੇ ਪੰਥਕ ਮੁੱਦਿਆਂ 'ਤੇ ਚੋਣਾਂ ਲੜ ਰਹੇ ਅਕਾਲੀ ਦਲ ਅਤੇ ਸਿਮਰਨਜੀਤ ਸਿੰਘ ਮਾਨ ਵੀ ਸ਼ਾਮਲ ਹਨ। ਹੁਣ ਦੇਖਣਾ ਇਹ ਹੋਵੇਗਾ ਕਿ ਸਿੱਧੂ ਮੂਸੇਵਾਲਾ ਦੇ ਪ੍ਰਸ਼ੰਸਕਾਂ ਦਾ ਝੁਕਾਅ ਇਨ੍ਹਾਂ 'ਚੋਂ ਕਿਸ ਉਮੀਦਵਾਰ ਵੱਲ ਹੁੰਦਾ ਹੈ।

## ਬਰਖ਼ਾਸਤ ਮੰਤਰੀ ਵਿਜੇ ਸਿੰਗਲਾ ਨੇ ਹਾਈਕੋਰਟ 'ਚ ਪਾਈ ਜ਼ਮਾਨਤ ਪਟੀਸ਼ਨ

ਚੰਡੀਗੜ੍ਹ (ਪੰਜਾਬੀ ਅਖਬਾਰ ਬਿਊਰੋ)- ਬਰਖਾਸਤ ਸਿਹਤ ਮੰਤਰੀ ਵਿਜੇ ਸਿੰਗਲਾ ਨੇ ਹਾਈਕੋਰਟ ਵੱਲ ਰੁਖ ਕੀਤਾ ਹੈ। ਉਨ੍ਹਾਂ ਨੇ ਪੰਜਾਬ ਤੇ ਹਰਿਆਣਾ ਹਾਈਕੋਰਟ ਵਿਚ ਜ਼ਮਾਨਤ ਪਟੀਸ਼ਨ ਪਾਈ ਹੈ। ਪਟੀਸ਼ਨ 'ਚ ਮੰਤਰੀ ਸਿੰਗਲਾ ਨੇ ਕਿਹਾ ਹੈ ਕਿ ਉਨ੍ਹਾਂ ਨੂੰ ਵਿਰੋਧੀਆਂ ਨੇ ਸਾਜਿਸ਼ ਤਹਿਤ ਫਸਾਇਆ ਹੈ ਤੇ ਉਮੀਦ ਹੈ ਕਿ ਪਟੀਸ਼ਨ 'ਤੇ ਜਲਦ ਹੀ ਸੁਣਵਾਈ ਹੋ ਸਕਦੀ ਹੈ। ਦੱਸ ਦੇਈਏ ਕਿ ਡਾ. ਵਿਜੇ ਸਿੰਗਲਾ 'ਤੇ ਅਧਿਕਾਰੀਆਂ ਤੋਂ ਠੇਕੇ 'ਤੇ 1% ਕਮਿਸ਼ਨ ਦੀ ਮੰਗ ਕਰਨ ਤੋਂ ਬਾਅਦ ਕਾਰਵਾਈ ਕੀਤੀ ਗਈ ਹੈ। ਡਾ. ਵਿਜੇ ਸਿੰਗਲਾ ਖਿਲਾਫ਼ ਸ਼ਿਕਾਇਤ ਮਿਲਣ ਮਗਰੋਂ ਮੁੱਖ ਮੰਤਰੀ ਭਗਵੰਤ ਮਾਨ ਨੇ ਸਿਹਤ ਮੰਤਰੀ ਵਿਜੇ ਸਿੰਗਲਾ ਨੂੰ ਕੈਬਨਿਟ ਵਿੱਚੋਂ ਬਰਖਾਸਤ ਕਰ ਦਿੱਤਾ ਸੀ। ਜਿਸ ਤੋਂ ਬਾਅਦ ਵਿਜੇ ਸਿੰਗਲਾ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਸੀ। ਡਾ. ਵਿਜੇ ਸਿੰਗਲਾ ਖਿਲਾਫ਼ ਇਹ ਕਾਰਵਾਈ ਭ੍ਰਿਸ਼ਟਾਚਾਰ ਦੇ ਇਲਜ਼ਾਮਾਂ ਤੋਂ ਬਾਅਦ ਕੀਤੀ ਗਈ ਸੀ। ਮੁੱਖ ਮੰਤਰੀ ਭਗਵੰਤ ਮਾਨ ਦੇ ਹੁਕਮਾਂ ਤੋਂ ਬਾਅਦ ਪੰਜਾਬ ਪੁਲਿਸ ਨੇ ਐਫ.ਆਈ.ਆਰ. ਦਰਜ ਕੀਤੀ, ਜਿਸ ਤੋਂ ਬਾਅਦ ਐਂਟੀ ਕੁਰੱਪਸ਼ਨ ਬ੍ਰਾਂਚ ਨੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ।

## ਧਰਮਸੋਤ ਕੋਲ ਹਿਮਾਚਲ 'ਚ ਰਿਜ਼ੋਰਟ ਤੇ ਰਾਜਸਥਾਨ ਵਿੱਚ 150 ਏਕੜ ਜ਼ਮੀਨ ਹੋਣ ਦਾ ਸ਼ੱਕ



ਚੰਡੀਗੜ੍ਹ (ਪੰਜਾਬੀ ਅਖਬਾਰ ਬਿਊਰੋ)- ਨਾਜਾਇਜ਼ ਮਾਈਨਿੰਗ ਅਤੇ ਦਰੱਖਤਾਂ ਦੀ ਕਟਾਈ ਦੇ ਇਵਜ਼ ਵਿੱਚ ਰਿਸ਼ਵਤ ਲੈਣ ਦੇ ਦੋਸ਼ ਵਿੱਚ ਵਿਜੀਲੈਂਸ ਦੀ ਹਿਰਾਸਤ ਵਿੱਚ ਚੱਲ ਰਹੇ ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ ਦੀ ਜਾਂਚ ਦੌਰਾਨ ਕਰੋੜਾਂ ਦੀ ਜਾਇਦਾਦ ਦਾ ਖੁਲਾਸਾ ਹੋਇਆ ਹੈ। ਸੂਤਰਾਂ ਦਾ ਕਹਿਣਾ ਹੈ ਕਿ ਉਸ ਦਾ ਹਿਮਾਚਲ ਵਿਚ ਇਕ ਰਿਜ਼ੋਰਟ ਅਤੇ ਰਾਜਸਥਾਨ ਵਿਚ ਕਰੀਬ 150 ਏਕੜ ਜ਼ਮੀਨ ਵੀ ਹੈ। ਵਿਜੀਲੈਂਸ ਵੱਲੋਂ ਇਸ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ, ਜੇਕਰ ਤੱਥ ਸਹੀ ਪਾਏ ਗਏ ਤਾਂ ਅਗਲੇਰੀ ਜਾਂਚ ਲਈ ਵਿਜੀਲੈਂਸ ਦੀਆਂ ਟੀਮਾਂ ਦੋਵਾਂ ਰਾਜਾਂ ਵਿੱਚ ਭੇਜੀਆਂ ਜਾਣਗੀਆਂ। ਵਿਜੀਲੈਂਸ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੀ ਹੈ ਕਿ ਕੀ ਧਰਮਸੋਤ ਵੱਲੋਂ ਬਣਾਈ ਜਾਇਦਾਦ ਵਿੱਚ ਭ੍ਰਿਸ਼ਟਾਚਾਰ ਕਰਕੇ ਕਮਾਏ ਪੈਸੇ ਦੀ ਵਰਤੋਂ ਤਾਂ ਨਹੀਂ ਕੀਤੀ ਗਈ। ਅਦਾਲਤ ਨੇ ਸਾਬਕਾ ਜੰਗਲਾਤ ਮੰਤਰੀ ਸਾਧੂ ਸਿੰਘ ਧਰਮਸੋਤ, ਓ.ਐਸ.ਡੀ. ਕਮਲਜੀਤ ਸਿੰਘ, ਚਮਕੌਰ ਸਿੰਘ ਦੇ ਰਿਮਾਂਡ ਵਿੱਚ 3 ਦਿਨ ਦਾ ਵਾਧਾ ਕੀਤਾ ਹੈ। ਹੁਣ ਵਿਜੀਲੈਂਸ ਸਾਧੂ ਸਿੰਘ ਧਰਮਸੋਤ ਨੂੰ ਸਾਹਮਣੇ ਬੈਠ ਕੇ ਪੁੱਛਗਿੱਛ ਕਰੇਗੀ। ਜਿਸ 'ਚ ਵੱਡਾ ਖੁਲਾਸਾ ਹੋ ਸਕਦਾ ਹੈ। ਪੁੱਛਗਿੱਛ 'ਚ ਇਹ ਗੱਲ ਵੀ ਸਾਹਮਣੇ ਆਈ ਹੈ ਕਿ ਧਰਮਸੋਤ ਨੇ ਜੰਗਲਾਤ ਮੰਤਰੀ ਹੁੰਦਿਆਂ 11 ਜਾਇਦਾਦਾਂ ਬਣਾਈਆਂ ਸਨ, ਹੁਣ ਉਨ੍ਹਾਂ ਦੇ 3 ਬੈਂਕ ਖਾਤਿਆਂ ਦੀ ਜਾਂਚ ਕੀਤੀ ਜਾ ਰਹੀ ਹੈ। ਧਰਮਸੋਤ ਦੀਆਂ ਮੋਹਾਲੀ, ਰੋਪੜ, ਲੁਧਿਆਣਾ, ਪਟਿਆਲਾ, ਜ਼ੀਰਕਪੁਰ, ਖਰੜ ਅਤੇ ਰੂਪਨਗਰ 'ਚ ਜਾਇਦਾਦਾਂ ਦਾ ਪਤਾ ਲਗਾਇਆ ਜਾ ਰਿਹਾ ਹੈ। ਜ਼ਿਕਰਯੋਗ ਹੈ ਕਿ ਰਾਜ ਦੇ ਵਿਜੀਲੈਂਸ ਵਿਭਾਗ ਨੇ ਧਰਮਸੋਤ ਖਿਲਾਫ ਖੈਰ ਦੇ ਰੁੱਖਾਂ ਦੀ ਕਟਾਈ ਦੇ ਬਦਲੇ ਰਿਸ਼ਵਤ ਲੈਣ ਦੇ ਦੋਸ਼ 'ਚ ਮਾਮਲਾ ਦਰਜ ਕੀਤਾ ਹੈ। ਉਸ 'ਤੇ ਵਿਭਾਗੀ ਤਬਾਦਲਿਆਂ ਦੇ ਬਦਲੇ ਰਿਸ਼ਵਤ ਲੈਣ ਦਾ ਵੀ ਦੋਸ਼ ਹੈ। ਵਿਭਾਗੀ ਤਬਾਦਲਿਆਂ ਲਈ ਰੇਟ ਚਾਰਟ ਵੀ ਤਿਆਰ ਕੀਤਾ ਗਿਆ ਸੀ, ਜਿਸ ਅਨੁਸਾਰ ਡੀ.ਐਫ.ਓ. ਦੇ ਤਬਾਦਲੇ ਲਈ 10-20 ਲੱਖ ਰੁਪਏ, ਰੇਂਜ ਅਫ਼ਸਰ ਲਈ 5-8 ਲੱਖ ਰੁਪਏ, ਬਲਾਕ ਅਫ਼ਸਰ ਲਈ 5 ਲੱਖ ਰੁਪਏ ਅਤੇ ਜੰਗਲਾਤ ਗਾਰਡ ਲਈ 2-3 ਲੱਖ ਰੁਪਏ ਰੱਖੇ ਗਏ ਸਨ। ਇਸ ਤੋਂ ਇਲਾਵਾ ਵਿਜੀਲੈਂਸ ਨੂੰ ਇਹ ਵੀ ਪਤਾ ਲੱਗਾ ਹੈ ਕਿ ਵਿਭਾਗ ਦੀ ਜ਼ਮੀਨ 'ਤੇ ਬਣੀਆਂ ਸੜਕਾਂ ਅਤੇ ਇਮਾਰਤਾਂ ਦੇ 156 ਐਨਓਸੀ ਦੇ ਬਦਲੇ 50 ਲੱਖ ਤੋਂ 2.50 ਕਰੋੜ ਰੁਪਏ ਦੀ ਰਿਸ਼ਵਤ ਲਈ ਗਈ ਸੀ।

# ਪ੍ਰਕਾਸ਼ ਸਿੰਘ ਬਾਦਲ ਦੀ ਹਾਲਤ ਸਥਿਰ

ਚੰਡੀਗੜ੍ਹ (ਪੰਜਾਬੀ ਅਖਬਾਰ ਬਿਊਰੋ)- ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਛਾਤੀ 'ਚ ਦਰਦ ਦੇ ਚੱਲਦਿਆਂ ਮੋਹਾਲੀ ਦੇ ਹਸਪਤਾਲ ਵਿੱਚ ਦਾਖਲ ਹਨ। ਉਨ੍ਹਾਂ ਦਾ ਹਾਲ-ਚਾਲ ਜਾਣਨ ਅੱਜ ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਖੱਟਰ ਵੀ ਹਸਪਤਾਲ ਪਹੁੰਚੇ।

ਇਸ ਦੌਰਾਨ ਪ੍ਰਕਾਸ਼ ਸਿੰਘ ਬਾਦਲ ਆਪਣੇ ਬੈੱਡ ਤੋਂ ਉਤਰ ਕੇ ਕੁਰਸੀ 'ਤੇ ਬੈਠੇ ਤੇ ਮਨੋਹਰ ਲਾਲ ਖੱਟਰ ਨਾਲ ਗੱਲਬਾਤ ਕੀਤੀ। ਸੀ.ਐਮ. ਨੇ ਵੀ ਉਨ੍ਹਾਂ ਦਾ ਪਤਾ ਲਿਆ ਤੇ ਉਨ੍ਹਾਂ ਦੇ ਛੇਤੀ ਠੀਕ ਹੋ ਕੇ ਘਰ ਜਾਣ ਦੀ ਪ੍ਰਾਰਥਨਾ ਕੀਤੀ।

ਸ. ਬਾਦਲ ਨੂੰ ਮਿਲਣ ਤੋਂ ਬਾਅਦ ਮਨੋਹਰ ਲਾਲ ਖੱਟਰ ਨੇ ਉਨ੍ਹਾਂ ਨਾਲ ਮੁਲਾਕਾਤ ਦਾ ਛੋਟਾ ਵੀਡੀਓ ਵੀ ਟਵੀਟ ਕੀਤਾ ਤੇ ਲਿਖਿਆ ਦੇ ਦੇਸ਼ ਦੇ ਸੀਨੀਅਰ ਨੇਤਾਵਾਂ ਵਿੱਚੋਂ ਇੱਕ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਜੀ ਦਾ ਹਾਲ ਜਾਣਨ ਲਈ ਅੱਜ ਹਸਪਤਾਲ ਪਹੁੰਚਿਆ। ਪ੍ਰਮਾਤਮਾ ਤੋਂ ਉਨ੍ਹਾਂ ਦੀ ਲੰਮੀ ਉਮਰ ਤੇ ਛੇਤੀ ਸਿਹਤਮੰਦ ਹੋਣ ਦੀ ਕਾਮਨਾ ਕਰਦਾ ਹਾਂ।

ਫੋਰਟਿਸ ਹਸਪਤਾਲ ਨੇ ਪ੍ਰਕਾਸ਼ ਸਿੰਘ ਬਾਦਲ ਦੀ ਸਿਹਤ ਬਾਰੇ ਇੱਕ ਅਪਡੇਟ ਸਾਂਝੀ ਕੀਤੀ ਹੈ। ਹਸਪਤਾਲ ਨੇ ਇਹ ਵੀ ਦੱਸਿਆ ਕਿ ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਖੱਟਰ ਬਾਦਲ ਦੀ ਸਿਹਤ ਦਾ ਹਾਲ-ਚਾਲ ਪੁੱਛਣ ਲਈ ਆਏ ਸਨ। ਹਸਪਤਾਲ ਵੱਲੋਂ ਦਿੱਤੀ ਗਈ ਜਾਣਕਾਰੀ ਮੁਤਾਬਕ ਪ੍ਰਕਾਸ਼ ਸਿੰਘ ਬਾਦਲ ਦੀ ਹਾਲਤ ਸਥਿਰ ਬਣੀ ਹੋਈ ਹੈ।

ਇਸ ਤੋਂ ਪਹਿਲਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀ ਉਨ੍ਹਾਂ ਦੀ ਸਿਹਤਯਾਬੀ ਦੀ ਕਾਮਨਾ ਕੀਤੀ। ਦੱਸ ਦੇਈਏ ਕਿ 95 ਸਾਲਾ ਬਾਦਲ ਨੂੰ ਗੈਸਟ੍ਰਿਕ ਨਾਲ ਤੇ ਅਸਥਮਾ ਦੀ ਸਮੱਸਿਆ ਤੋਂ ਬਾਅਦ ਹਸਪਤਾਲ ਲਿਆਂਦਾ ਗਿਆ ਸੀ।

ਪ੍ਰਕਾਸ਼ ਸਿੰਘ ਬਾਦਲ ਨੂੰ ਕੁਝ ਦਿਨ ਪਹਿਲਾਂ ਪੀਜੀਆਈ ਚੰਡੀਗੜ੍ਹ ਲਿਆਂਦਾ ਗਿਆ ਸੀ। ਪੇਟ ਅਤੇ ਛਾਤੀ 'ਚ ਦਰਦ ਤੋਂ ਬਾਅਦ ਉਸ ਦਾ ਚੈਕਅੱਪ ਕੀਤਾ ਗਿਆ। ਉਥੇ ਚੈਕਅੱਪ ਤੋਂ ਬਾਅਦ ਉਨ੍ਹਾਂ ਨੂੰ ਵਾਪਿਸ ਭੇਜ ਦਿੱਤਾ ਗਿਆ ਸੀ।

## ਮਨੋਹਰ ਲਾਲ ਖੱਟਰ ਨੇ ਹਸਪਤਾਲ ਪਹੁੰਚ ਕੇ ਲਿਆ ਪਤਾ



## ਖ਼ਬਰ ਪੰਜਾਬ ਤੋਂ ਆਈ ਐ ਬਈ--

# ਅਲਫਾ ਇੰਟਰਨੈਸ਼ਨਲ ਸਿਟੀ ਕਲੋਨੀ ਦੇ ਕਲੋਨਾਈਜ਼ਰ ਨਾਲ ਮਿੱਲ ਕੇ ਕੀਤਾ 28 ਕਰੋੜ ਦਾ ਘਪਲਾ: ਧਾਲੀਵਾਲ



ਅੰਮ੍ਰਿਤਸਰ (ਪੰਜਾਬੀ ਅਖਬਾਰ ਬਿਊਰੋ)– ਪਿੰਡ ਭਗਤੂਪੁਰਾ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਪੰਚਾਇਤੀ ਰਸਤਿਆਂ ਅਤੇ ਖਾਲਿਆਂ ਨੂੰ ਵੇਚਣ ਦੀ ਪ੍ਰਵਾਨਗੀ ਮੌਜੂਦਾ ਸਰਕਾਰ ਵਲੋਂ ਨਹੀਂ ਬਲਕਿ ਸਾਰੇ ਨੈਤਿਕਤਾ ਨੂੰ ਖ਼ਤਮ ਕਰਦੇ ਹੋਏ ਪੁਰਾਣੀ ਸਰਕਾਰ ਦੇ ਕੈਬਨਿਟ ਮੰਤਰੀ ਤ੍ਰਿਪਤ ਰਜਿੰਦਰ ਸਿੰਘ ਬਾਜਵਾ ਨੇ 11 ਮਾਰਚ 2022 ਨੂੰ ਜਾਰੀ ਕੀਤੀ ਸੀ, ਜਦਕਿ ਉਸ ਸਮੇਂ ਕੋਡ ਆਫ਼ ਕੰਡਟਕਟ ਲੱਗਾ ਹੋਇਆ ਸੀ ਅਤੇ 10 ਮਾਰਚ ਦੇ ਚੋਣ ਨਤੀਜਿਆਂ ਵਿੱਚ ਕਾਂਗਰਸ ਪਾਰਟੀ ਬੁਰੀ ਤਰ੍ਹਾਂ ਹਾਰ ਚੁੱਕੀ ਸੀ। ਉਸ ਸਮੇਂ ਕੈਬਨਿਟ ਮੰਤਰੀ ਤ੍ਰਿਪਤ ਰਜਿੰਦਰ ਸਿੰਘ ਬਾਜਵਾ ਨੂੰ ਮਿਸਲ ਤੇ ਪ੍ਰਵਾਨਗੀ ਦੇਣ ਦਾ ਕੋਈ ਅਧਿਕਾਰ ਨਹੀਂ ਸੀ।

ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ: ਕੁਲਦੀਪ ਸਿੰਘ ਧਾਲੀਵਾਲ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਪੰਜਾਬ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪ੍ਰੈਸ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਸ: ਧਾਲੀਵਾਲ ਨੇ ਵਿਸਥਾਰ ਵਿੱਚ ਜਾਣਕਾਰੀ ਦਿੰਦਿਆਂ ਦੱਸਿਆ ਕਿ ਅਲਫਾ ਵਨ ਸਿਟੀ ਜੋ ਕਿ ਮਾਨਾਂਵਾਲਾ ਵਿਖੇ ਬਣਾਈ ਗਈ ਹੈ, ਵਿੱਚ ਪੰਚਾਇਤੀ ਰਸਤਿਆਂ ਅਤੇ ਖਾਲਿਆਂ ਨੂੰ ਵੇਚਣ ਸਬੰਧੀ 2015 ਵਿੱਚ ਅਕਾਲੀ ਦਲ ਦੇ ਸਰਪੰਚ ਵਲੋਂ ਮਤਾ ਪਾਇਆ ਸੀ। ਉਨ੍ਹਾਂ ਦੱਸਿਆ ਕਿ ਅਲਫਾ ਇੰਟਰਨੈਸ਼ਨਲ ਸਿਟੀ ਕਲੋਨੀ ਦਾ ਕੁੱਲ ਰਕਬਾ ਲਗਭਗ 150 ਏਕੜ ਹੈ ਅਤੇ ਇਸ ਜ਼ਮੀਨ ਵਿੱਚ ਪੰਚਾਇਤੀ ਰਸਤੇ ਅਤੇ ਖਾਲ ਪੈਂਦੇ ਸਨ, ਜੋ ਕਿ ਉਸ ਪ੍ਰੋਜੈਕਟ ਵਿੱਚ ਅੜਚਨ ਸਨ। ਉਨ੍ਹਾਂ ਦੱਸਿਆ ਕਿ ਉਸ ਸਮੇਂ ਦੇ ਮੰਤਰੀ ਸ: ਤ੍ਰਿਪਤ ਰਜਿੰਦਰ ਸਿੰਘ ਬਾਜਵਾ ਸ਼ਰੇਆਮ ਕਲੋਨਾਈਜ਼ਰ ਨਾਲ ਮਿਲੀਭੁਗਤ ਕਰਕੇ ਪੰਚਾਇਤੀ ਰਸਤਿਆਂ ਅਤੇ ਖਾਲਾਂ ਦੀ ਪ੍ਰਵਾਨਗੀ ਕੇਵਲ 43 ਲੱਖ ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਜਾਰੀ ਕਰ ਦਿੱਤੇ, ਜਦਕਿ ਇਸ ਦਾ ਮਾਰਕੀਟ ਰੇਟ 7.5 ਕਰੋੜ ਰੁਪਏ ਪ੍ਰਤੀ ਏਕੜ ਸੀ। ਉਨ੍ਹਾਂ ਦੱਸਿਆ ਕਿ ਰਸਤਿਆਂ ਅਤੇ ਖਾਲਿਆਂ ਦਾ ਕੁੱਲ ਰਕਬਾ 32 ਕਨਾਲ 16 ਮਰਲੇ ਬਣਦਾ ਸੀ ਅਤੇ ਇਸ ਤਰ੍ਹਾਂ ਕਰਨ ਨਾਲ ਸਰਕਾਰ ਨੂੰ 28 ਕਰੋੜ ਰੁਪਏ ਦਾ ਭਾਰੀ ਨੁਕਸਾਨ ਹੋਇਆ ਹੈ। ਸ: ਧਾਲੀਵਾਲ ਨੇ ਦੱਸਿਆ ਕਿ ਜਿਸ ਸਮੇਂ ਇਹ ਫੈਸਲਾ ਲਿਆ ਗਿਆ, ਉਸ ਸਮੇਂ ਮਾਡਲ ਕੋਡ ਆਫ਼ ਕੰਡਕਟ ਲਾਗੂ ਸੀ। ਉਨ੍ਹਾਂ ਦੱਸਿਆ ਕਿ 10 ਮਾਰਚ 2022 ਨੂੰ ਵਿਧਾਨ ਸਭਾ ਦੇ ਨਤੀਜੇ ਆ ਚੁੱਕੇ ਸਨ ਅਤੇ ਪੁਰਾਣੀ ਸਰਕਾਰ ਵਲੋਂ ਆਪਣਾ ਅਸਤੀਫ਼ਾ ਮਾਨਯੋਗ ਰਾਜਪਾਲ ਨੂੰ ਸੌਂਪ ਦਿੱਤਾ ਗਿਆ ਸੀ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਨੇ ਇਸ ਸਾਰੇ ਸਕੈਂਡਲ ਦੀ ਘੋਖ ਕਰਕੇ ਤਿੰਨ ਮੈਂਬਰੀ ਕਮੇਟੀ ਦਾ ਗਠਨ ਕਰ ਦਿੱਤਾ ਹੈ, ਜੋ ਇਕ ਹਫ਼ਤੇ ਦੇ ਅੰਦਰ ਆਪਣੀ ਰਿਪੋਰਟ ਪੇਸ਼ ਕਰੇਗੀ ਅਤੇ ਉਸ ਰਿਪੋਰਟ ਦੇ ਆਧਾਰ 'ਤੇ ਜੋ ਵੀ ਦੋਸ਼ੀ ਹੋਇਆ ਚਾਹੇ ਉਹ ਅਧਿਕਾਰੀ ਹੋਵੇ ਜਾਂ ਨੇਤਾ ਉਸ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਜਾਅਲੀ ਡਿਗਰੀ ਨਾਲ ਸਰਕਾਰੀ ਨੌਕਰੀਆਂ ਕਰਨ ਵਾਲਿਆਂ 'ਤੇ ਹੋਵੇਗੀ ਕਾਰਵਾਈ: ਮੁੱਖ ਮੰਤਰੀ



ਚੰਡੀਗੜ੍ਹ (ਪੰਜਾਬੀ ਅਖਬਾਰ ਬਿਊਰੋ)– ਮਾਨ ਸਰਕਾਰ ਵੱਲੋਂ ਚੋਣਾਂ ਤੋਂ ਪਹਿਲਾਂ ਬਹੁਤ ਸਾਰੇ ਵਾਅਦੇ ਪੰਜਾਬ ਦੇ ਲੋਕਾਂ ਨਾਲ ਕੀਤੇ ਗਏ ਸਨ ਜਿਨ੍ਹਾਂ ਨੂੰ ਹੌਲੀ-ਹੌਲੀ ਮੁੱਖ ਮੰਤਰੀ ਵੱਲੋਂ ਪੂਰਾ ਕੀਤਾ ਜਾ ਰਿਹਾ ਹੈ ਤੇ ਲੋਕ ਪੱਖੀ ਫੈਸਲੇ ਲਏ ਜਾ ਰਹੇ ਹਨ। ਆਮ ਆਦਮੀ ਪਾਰਟੀ ਵੱਲੋਂ ਪੰਜਾਬ ਵਿਚ ਮਾਫੀਆ ਰਾਜ ਨੂੰ ਖਤਮ ਕਰਨ ਦਾ ਵਾਅਦਾ ਵੀ ਲੋਕਾਂ ਨਾਲ ਕੀਤਾ ਗਿਆ ਸੀ। ਇਸੇ ਤਹਿਤ ਐਕਸ਼ਨ ਲੈਂਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਵੱਡਾ ਬਿਆਨ ਦਿੱਤਾ ਹੈ, ਜਿਸ ਨੂੰ ਕਿ ਉਨ੍ਹਾਂ ਨੇ ਆਪਣੇ ਫੇਸਬੁੱਕ ਪੇਜ 'ਤੇ ਸਾਂਝਾ ਕੀਤਾ ਹੈ। ਮਾਨ ਨੇ ਟਵੀਟ ਕਰਦਿਆਂ ਕਿਹਾ ਕਿ 'ਹੁਣ ਰਸੂਖਦਾਰ ਤੇ ਰਾਜਨੀਤਕ ਲੋਕਾਂ ਦੇ ਰਿਸ਼ਤੇਦਾਰ ਜੋ ਕਿ ਜਾਅਲੀ ਡਿਗਰੀਆਂ ਨਾਲ ਸਰਕਾਰੀ ਨੌਕਰੀਆਂ ਲੈ ਕੇ ਬੈਠੇ ਨੇ, ਹੁਣ ਉਨ੍ਹਾਂ 'ਤੇ ਸਖਤ ਕਾਰਵਾਈ ਕੀਤੀ ਜਾਵੇਗੀ ਤੇ ਜਲਦੀ ਹੀ ਪੰਜਾਬ ਦੇ ਲੋਕਾਂ ਦੇ ਟੈਕਸ ਦੇ ਇੱਕ -ਇੱਕ ਪੈਸੇ ਦਾ ਹਿਸਾਬ ਲੋਕਾਂ ਸਾਹਮਣੇ ਰੱਖਿਆ ਜਾਵੇਗਾ।'

ਇਸ ਦੇ ਨਾਲ ਹੀ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਪਿਛਲੇ ਦਿਨੀਂ ਪੰਜਾਬ ਸਰਕਾਰ ਵੱਲੋਂ ਨਵੀਂ ਐਕਸਾਈਜ਼ ਪਾਲਿਸੀ ਜਾਰੀ ਕੀਤੀ ਹੈ ਜਿਹੜੀ ਕਿ ਮਾਫੀਏ ਅਧੀਨ ਸੀ ਜਿਸ ਨੂੰ ਹੁਣ ਮਾਫੀਆ ਮੁਕਤ ਕੀਤਾ ਗਿਆ ਹੈ। ਪੰਜਾਬ ਸਰਕਾਰ ਦੇ ਇਸ ਉਦਮ ਨਾਲ ਹੁਣ ਸੂਬੇ ਨੂੰ 40 ਫੀਸਦੀ ਵੱਧ ਆਦਮਨ ਹੋਵੇਗੀ। ਇਸ ਤੋਂ ਇਲਾਵਾ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਕੁਝ ਐੱਨ.ਆਰ.ਆਈ. ਦੋਸਤਾਂ ਨਾਲ ਗੱਲ ਹੁੰਦੀ ਸੀ ਤਾਂ ਉਨ੍ਹਾਂ ਦੀ ਸ਼ਿਕਾਇਤ ਹੁੰਦੀ ਸੀ ਕਿ ਜਦੋਂ ਅਸੀਂ ਦਿੱਲੀ ਤੋਂ ਪੰਜਾਬ ਆਉਂਦੇ ਹਾਂ ਜਾਂ ਪੰਜਾਬ ਤੋਂ ਦਿੱਲੀ ਜਾਂਦੇ ਹਾਂ ਤਾਂ ਅਸੀਂ ਪ੍ਰਾਈਵੇਟ ਬੱਸਾਂ ਵਿਚ ਸਫਰ ਕਰਦੇ ਹਾਂ ਤੇ ਉਹ ਰੇਟ ਵੀ ਆਪਣੀ ਮਰਜ਼ੀ ਨਾਲ ਲਾਉਂਦੇ ਸਨ। ਜਿਸ ਲਈ ਮਾਨ ਸਰਕਾਰ ਵੱਲੋਂ ਵਾਅਦਾ ਕੀਤਾ ਗਿਆ ਸੀ ਕਿ ਜਲਦ ਹੀ ਦਿੱਲੀ ਏਅਰਪੋਰਟ ਤੱਕ ਸਰਕਾਰੀ ਬੱਸਾਂ ਚਲਾਈਆਂ ਜਾਣਗੀਆਂ। ਜਿਸ ਨੂੰ ਪੂਰਾ ਕਰ ਦਿੱਤਾ ਗਿਆ ਹੈ ਤੇ 15 ਜੂਨ ਤੋਂ ਪੰਜਾਬ ਤੋਂ ਦਿੱਲੀ ਏਅਰਪੋਰਟ ਤੇ ਦਿੱਲੀ ਏਅਰਪੋਰਟ ਤੋਂ ਪੰਜਾਬ ਲਈ ਵਾਲਵੋ ਬੱਸਾਂ ਸ਼ੁਰੂ ਹੋਣ ਜਾ ਰਹੀਆਂ ਹਨ ਤੇ ਇਨ੍ਹਾਂ ਬੱਸਾਂ ਦਾ ਕਿਰਾਇਆ ਉਹ ਪ੍ਰਾਈਵੇਟ ਵਾਲਵੋ ਬੱਸ ਨਾਲੋਂ ਅੱਧੇ ਨਾਲੋਂ ਵੀ ਘੱਟ ਹੈ ਤੇ ਸਹੂਲਤਾਂ ਵਾਧੂ ਹਨ।

# ਸਹਿਕਾਰੀ ਖੰਡ ਮਿੱਲਾਂ ਤੋਂ ਗੰਨਾ ਉਤਪਾਦਕਾਂ ਦਾ 331 ਕਰੋੜ ਬਕਾਇਆ ਤੁਰੰਤ ਜਾਰੀ ਕਰਵਾਇਆ ਜਾਵੇ : ਅਕਾਲੀ ਦਲ

### ਪ੍ਰਾਈਵੇਟ ਖੰਡ ਮਿੱਲਾਂ ਵੀ ਕਿਸਾਨਾਂ ਦੇ ਬਕਾਏ ਜਾਰੀ ਕਰਨ, ਸਾਰੇ ਬਕਾਏ ਵਿਆਜ਼ ਸਮੇਤ ਅਦਾ ਕੀਤੇ ਜਾਣ : ਮਲੂਕਾ



ਚੰਡੀਗੜ੍ਹ (ਪੰਜਾਬੀ ਅਖਬਾਰ ਬਿਊਰੋ)– ਸ਼੍ਰੋਮਣੀ ਅਕਾਲੀ ਦਲ ਨੇ ਅੱਜ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਨੂੰ ਆਖਿਆ ਕਿ ਸਹਿਕਾਰੀ ਖੰਡ ਮਿੱਲਾਂ ਤੋਂ ਗੰਨਾ ਉਤਪਾਦਕ ਕਿਸਾਨਾਂ ਦੇ 331 ਕਰੋੜ ਰੁਪਏ ਦੇ ਬਕਾਏ ਤੁਰੰਤ ਜਾਰੀ ਕਰਵਾਏ ਜਾਣ। ਇਕੇ ਜਾਰੀ ਕੀਤੇ ਇਕ ਬਿਆਨ ਵਿਚ ਅਕਾਲੀ ਦਲ ਦੇ ਕਿਸਾਨ ਵਿੰਗ ਦੇ ਪ੍ਰਧਾਟਨ ਸਰਦਾਰ ਸਿਕੰਦਰ ਸਿੰਘ ਮਲੂਕਾ ਨੇ ਕਿਹਾ ਕਿ ਗੰਨਾ ਉਤਪਾਦਕਾਂ ਦਾ ਬਕਾਇਆ ਕਾਫੀ ਦੇਰ ਤੋਂ ਲਟਕ ਰਿਹਾ ਹੈ ਜਦੋਂ ਕਿਸਾਨ ਪਹਿਲਾਂ ਹੀ ਸੰਕਟ ਵਿਚ ਘਿਰੇ ਹੋਏ ਹਨ। ਉਹਨਾਂ ਕਿਹਾ ਕਿ ਪਹਿਲਾਂ ਹੀ ਕਿਸਾਨ ਕਰਜ਼ੇ ਦੀ ਮਾਰ ਹੇਠ ਹਨ ਤੇ ਜੇਕਰ ਗੰਨਾ ਉਤਪਾਦਕਾਂ ਦੇ ਬਕਾਏ ਸਮੇਂ ਸਿਰ ਅਦਾ ਨਾ ਕੀਤੇ ਗਏ ਤਾਂ ਕਿਸਾਨਾਂ ਸਿਰ ਹੋਰ ਕਰਜ਼ਾ ਚੜ੍ਹ ਜਾਵੇਗਾ। ਉਹਨਾਂ ਕਿਹਾ ਕਿ ਬਕਾਏ ਅਦਾ ਕਰਨ ਵਿਚ ਢਿੱਲ ਮੱਠ ਕਾਰਨ ਕਿਸਾਨਾਂ ਨੂੰ ਕਣਕ ਝੋਨੇ ਦੇ ਫਸਲੀ ਚੱਕਰ ਤੋਂ ਪਾਸੇ ਮੋੜ ਕੇ ਗੰਨਾ ਉਤਪਾਦਨ ਵੱਲ ਲਗਾਏ ਜਾਣ ਦੇ ਯਤਨ ਵੀ ਖੂਹ ਖਾਤੇ ਪੈ ਜਾਣਗੇ।

ਸਰਦਾਰ ਮਲੂਕਾ ਨੇ ਕਿਹਾ ਕਿ ਪ੍ਰਾਈਵੇਟ ਖੰਡ ਮਿੱਲਾਂ ਜਿਹਨਾਂ ਨੇ ਗੰਨਾ ਉਤਪਾਦਕਾਂ ਦੇ ਬਕਾਏ ਅਦਾ ਨਹੀਂ ਕੀਤੇ, ਨੂੰ ਵੀ ਕਰੜੇ ਹੱਥੀਂ ਲੈਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਇਕ ਅੰਦਾਜ਼ੇ ਮੁਤਾਬਕ ਪ੍ਰਾਈਵੇਟ ਖੰਡ ਮਿੱਲਾਂ ਨੇ ਵੀ ਕਿਸਾਨਾਂ ਦੇ 343 ਕਰੋੜ ਰੁਪਏ ਦੇਣੇ ਹਨ। ਉਹਨਾਂ ਕਿਹਾ ਕਿ ਸਹਿਕਾਰੀ ਤੇ ਪ੍ਰਾਈਵੇਟ ਦੋਵੇਂ ਖੰਡ ਮਿੱਲਾਂ ਨੂੰ ਸਪਸ਼ਟ ਹਦਾਇਤ ਹੋਣੀ ਚਾਹੀਦੀ ਹੈ ਕਿ ਗੰਨਾ ਉਤਪਾਦਕ ਕਿਸਾਨਾਂ ਦੇ ਵਿਆਜ਼ ਸਮੇਤ ਬਕਾਏ ਅਦਾ ਕੀਤੇ ਜਾਣ।

ਅਕਾਲੀ ਆਗੂ ਨੇ ਕਿਹਾ ਕਿ ਸ਼ੂਗਰਕੇਨ ਕੰਟਰੋਲ ਆਰਡਰ ਤੇ ਕਲਾਜ਼ 3 930 ਮੁਤਾਬਕ ਗੰਨੇ ਦੀ ਖਰੀਦ ਤੇ ਰੈਗੂਲੇਸ਼ਨ ਐਕਟ ਮੁਤਾਬਕ ਖੰਡ ਮਿੱਲਾਂ ਨੇ ਖਰੀਦ ਦੇ 14 ਦਿਨਾਂ ਦੇ ਅੰਦਰ ਅੰਦਰ ਅਦਾਇਗੀ ਕਰਨੀ ਹੁੰਦੀ ਹੈ ਨਹੀਂ ਤਾਂ ਵਿਆਜ਼ ਅਦਾ ਕਰਨਾ ਪੈਂਦਾ ਹੈ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਨੂੰ ਇਹ ਐਕਟ ਸਖ਼ਤੀ ਨਾਲ ਸਹੀ ਭਾਵਨਾ ਅਨੁਸਾਰ ਲਾਗੂ ਕਰਨਾ ਚਾਹੀਦਾ ਹੈ। ਸਰਦਾਰ ਮਲੂਕਾ ਨੇ ਗੰਨਾ ਉਤਪਾਦਕਾਂ ਨਾਲ ਹਮਦਰਦੀ ਪ੍ਰਗਟ ਕੀਤੀ ਜੋ ਬਕਾਏ ਜਾਰੀ ਨਾ ਕਰਨ 'ਤੇ ਖੰਡ ਮਿੱਲ ਮਾਲਕਾਂ ਦੇ ਖਿਲਾਫ ਰੋਸ ਮੁਜ਼ਾਹਰੇ ਕਰ ਰਹੇ ਹਨ।

# ਮੁੱਖ ਚੋਣ ਅ.ਫਸਰ ਪਾਰਟੀ ਵੱਲੋਂ ਦਿੱਤੇ ਪੋਸਟਰਾਂ ਨੂੰ ਪ੍ਰਵਾਨਗੀ ਨਾ ਦੇਣ ਦੇ .ਫੈਸਲੇ ਦੀ ਮੁੜ ਸਮੀਖਿਆ ਕਰਨ : ਅਕਾਲੀ ਦਲ





ਚੰਡੀਗੜ੍ਹ (ਪੰਜਾਬੀ ਅਖਬਾਰ ਬਿਊਰੋ)– ਸ਼੍ਰੋਮਣੀ ਅਕਾਲੀ ਦਲ ਨੇ ਅੱਜ ਮੁੱਖ ਚੋਣ ਅਫਸਰ ਨੂੰ ਅਪੀਲ ਕੀਤੀ ਕਿ ਉਹ ਪਾਰਟੀ ਵੱਲੋਂ ਸੰਗਰੂਰ ਪਾਰਲੀਮਾਨੀ ਚੋਣ ਵਾਸਤੇ ਦਿੱਤੇ ਹੋਰਡਿੰਗਜ਼ ਤੇ ਪੋਸਟਰਾਂ ਨੂੰ ਪ੍ਰਵਾਨਗੀ ਦੇਣ ਤੋਂ ਨਾਂਹ ਕਰਨ ਦੇ ਆਪਣੇ ਫੈਸਲੇ ਦੀ ਸਮੀਖਿਆ ਕਰਨ।

ਅੱਜ ਇਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪਾਰਟੀ ਦੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ ਨੇ ਕਿਹਾ ਕਿ ਇਹ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਕਮਿਸ਼ਨ ਦੀ ਮੀਡੀਆ ਸਰਟੀਫਿਕੇਸ਼ਨ ਤੇ ਮੋਨੀਟਰਿੰਗ ਕਮੇਟੀ ਨੇ ਅਕਾਲੀ ਦਲ ਵੱਲੋਂ ਸੌਂਪੇ ਪੋਸਟਰ ਇਹ ਕਹਿ ਕੇ ਰੱਦ ਕਰ ਦਿੱਤੇ ਹਨ ਕਿ ਇਹਨਾਂ ਨਾਲ ਲੋਕਾਂ ਨੂੰ ਪੀੜਾ ਹੋਵੇਗਾ ਤੇ ਬੇਲੋੜੀਂਦੀ ਬੇਚੈਨੀ ਵਧੇਗੀ। ਇਥੇ ਮੀਡੀਆ ਵਾਲਿਆਂ ਨੂੰ ਇਹ ਪੋਸਟਰ ਵਿਖਾਉਂਦਿਆਂ ਡਾ. ਚੀਮਾ ਨੇ ਕਿਹਾ ਕਿ ਇਹ ਸਿਰਫ ਬੰਦੀ ਸਿੰਘਾਂ ਅਤੇ ਭਾਈ ਬਲਵੰਤ ਸਿੰਘ ਰਾਜੋਆਣਾ ਦੀ ਭੈਣ ਬੀਬਾ ਕਮਲਦੀਪ ਕੌਰ ਰਾਜੋਆਣਾ ਵੱਲੋਂ ਕੀਤੀ ਅਪੀਲ ਹੈ ਜਿਸ ਵਿਚ ਉਹਨਾਂ ਨੇ ਸਾਰੇ ਬੰਦੀ ਸਿੰਘਾਂ ਦੀ ਰਿਹਾਈ ਵਾਸਤੇ ਅਪੀਲ ਕੀਤੀ ਹੈ। ਉਹਨਾਂ ਕਿਹਾ ਕਿ ਇੱਕ ਭੈਣ ਨੇ ਪੰਜਾਬੀਆਂ ਤੋਂ ਉਹਨਾਂ ਦੇ ਭਰਾ ਰਾਜੋਆਣਾ ਸਮੇਤ ਬੰਦੀ ਸਿੰਘਾਂ ਦੀ ਰਿਹਾਈ ਵਾਸਤੇ ਅਪੀਲ ਕੀਤੀ ਹੈ। ਇਹ ਉਹਨਾਂ ਦਾ ਹੱਕ ਹੈ। ਇਹ ਸੰਵਿਧਾਨ ਵਿਚ ਅੰਕਿਤ ਬੋਲਣ 'ਤੇ ਵਿਚਾਰ ਪ੍ਰਗਟਾਵੇ ਦੀ ਆਜ਼ਾਦੀ ਦੇ ਅਧਿਕਾਰ ਮੁਤਾਬਕ ਹੈ। ਡਾ. ਚੀਮਾ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਦੇ ਮੁੱਖ ਚੋਣ ਅਫਸਰ ਨੇ ਪੋਸਟਰਾਂ ਵਾਸਤੇ ਪ੍ਰਵਾਨਗੀ ਨਾ ਦੇ ਕੇ ਗਲਤੀ ਕੀਤੀ ਹੈ। ਉਹਨਾਂ ਕਿਹਾ ਕਿ ਇਹਨਾਂ ਪੋਸਟਰਾਂ ਨਾਲ ਸੂਬੇ ਦੀ ਸ਼ਾਂਤੀ ਕਿਸੇ ਤਰੀਕੇ ਵੀ ਭੰਗ ਹੋਣ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ। ਉਹਨਾਂ ਕਿਹਾ ਕਿ ਅਜਿਹੇ ਹੀ ਪੋਸਟਰ 1989 ਵਿਚ ਅਕਾਲੀ ਆਗੂਆਂ ਸਰਦਾਰ ਸਿਮਰਨਜੀਤ ਸਿੰਘ ਮਾਨ ਤੇ ਸਰਦਾਰ ਅਤਿੰਦਰਪਾਲ ਸਿੰਘ ਦੀ ਚੋਣ ਵੇਲੇ ਵੀ ਵਰਤੇ ਗਏ ਸਨ। ਅਕਾਲੀ ਆਗੂ ਨੇ ਕਿਹਾ ਕਿ ਬੰਦੀ ਸਿੰਘਾਂ ਦੀ ਰਿਹਾਈ ਇਕ ਮਨੁੱਖੀ ਅਧਿਕਾਰਾਂ ਦਾ ਮਾਮਲਾ ਹੈ। ਉਹਨਾਂ ਕਿਹਾ ਕਿ ਭਾਈ ਰਾਜੋਆਣਾ 28 ਸਾਲਾਂ ਤੋਂ ਜੇਲ੍ਹ ਵਿਚ ਬੰਦ ਹਨ ਤੇ ਉਹਨਾਂ ਨੂੰ ਪੈਰੋਲ ਵੀ ਨਹੀਂ ਦਿੱਤੀ ਗਈ। ਉਹਨਾਂ ਕਿਹਾ ਕਿ ਹੋਰ ਬੰਦੀ ਸਿੰਘਾਂ ਨੇ ਵੀ ਉਮਰ ਕੈਦ ਦੀ ਸਜ਼ਾ ਪੂਰੀ ਹੋਣ ਤੋਂ ਬਾਅਦ ਕਈ ਸਾਲ ਜੇਲ੍ਹਾਂ ਵਿਚ ਬਿਤਾਏ ਹਨ। ਉਹਨਾਂ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਭਾਈ ਰਾਜੋਆਣਾ ਦੀ ਸਜ਼ਾ ਮੁਆਫੀ ਲਈ 2012 ਵਿਚ ਰਾਸ਼ਟਰਪਤੀ ਕੋਲ ਰਹਿਮ ਦੀ ਪਟੀਸ਼ਨ ਦਾਇਰ ਕੀਤੀ ਸੀ ਪਰ ਹੁਣ ਤੱਕ ਉਸ 'ਤੇ ਕੋਈ ਫੈਸਲਾ ਨਹੀਂ ਲਿਆ ਗਿਆ ਹਾਲਾਂਕਿ ਕੇਂਦਰ ਸਰਕਾਰ ਨੂੰ ਸੁਪਰੀਮ ਕੋਰਟ ਨੇ ਵੀ ਮਾਮਲੇ ਵਿਚ ਛੇਤੀ ਫੈਸਲਾ ਲੈਣ ਦੀ ਹਦਾਇਤ ਕੀਤੀ ਸੀ।

ਡਾ. ਚੀਮਾ ਨੇ ਕਿਹਾ ਕਿ ਅਕਾਲੀ ਦਲ ਹਮੇਸ਼ਾ ਮਨੁੱਖੀ ਅਧਿਕਾਰਾਂ ਦਾ ਮੁਦੱਈ ਰਿਹਾ ਹੈ ਤੇ ਉਹ ਬੰਦੀ ਸਿੰਘਾਂ ਦੇ ਹੱਕਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਕੰਮ ਕਰਦਾ ਰਹੇਗਾ। ਉਹਨਾਂ ਕਿਹਾ ਕਿ ਪਹਿਲਾਂ ਵੀ ਤਤਕਾਲੀ ਮੁੱਖ ਮੰਤਰੀ ਸਰਦਾਰ ਪ੍ਰਕਾਸ਼ ਸਿੰਘ ਬਾਦਲ ਨੇ ਰੁਕਾਵਟਾਂ ਦਾ ਨੋਟਿਸ ਲਿਆ ਸੀ ਤੇ 2012 ਵਿਚ ਭਾਈ ਰਾਜੋਆਣਾ ਨੂੰ ਫਾਂਸੀ ਲਾਉਣ ਤੋਂ ਨਾਂਹ ਕਰ ਦਿੱਤੀ ਸੀ। ਉਹਨਾਂ ਕਿਹਾ ਕਿ ਅਕਾਲੀ ਦਲ ਦਾ ਲੋਕ ਹੱਕਾਂ ਵਾਸਤੇ ਸੰਘਰਸ਼ ਦਾ ਲੰਬਾ ਇਤਿਹਾਸ ਰਿਹਾ ਹੈ ਤੇ ਇਸਨੇ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਵੱਲੋਂ ਲਾਈ ਐਮਰਜੈਂਸੀ ਦਾ ਵੀ ਡੱਟ ਕੇ ਵਿਰੋਧ ਕੀਤਾ ਸੀ। ਉਹਨਾਂ ਨੇ ਐਲਾਨ ਕੀਤਾ ਕਿ ਅਕਾਲੀ ਦਲ ਮੁੱਖ ਚੋਣ ਅਫਸਰ ਕੋਲ ਫੈਸਲੇ ਦੀ ਸਮੀਖਿਆ ਲਈ ਅਰਜ਼ੀ ਦਾਇਰ ਕਰੇਗਾ।

# 'ਆਪ' ਉਮੀਦਵਾਰ ਗੁਰਮੇਲ ਸਿੰਘ ਨੇ ਆਰੰਭਿਆ ਚੋਣ ਪ੍ਰਚਾਰ, ਲੋਕਾਂ ਦਾ ਮਿਲਿਆ ਭਾਰੀ ਸਮਰਥਨ

### ਗੁਰਮੇਲ ਸਿੰਘ ਨੇ ਵਿਧਾਇਕ ਲਾਭ ਸਿੰਘ ਉਗੋਕੇ ਨਾਲ ਭਦੌੜ ਹਲਕੇ ਦੇ ਵੱਖ-ਵੱਖ ਪਿੰਡਾਂ ਦਾ ਕੀਤਾ ਦੌਰਾ



ਚੰਡੀਗੜ੍ਹ (ਪੰਜਾਬੀ ਅਖਬਾਰ ਬਿਊਰੋ)–ਸੰਗਰੂਰ ਲੋਕ ਸਭਾ ਹਲਕੇ ਦੀ ਜਿਮਨੀ ਚੋਣ ਲਈ ਚੋਣ ਪ੍ਰਚਾਰ ਸ਼ੁਰੂ ਕਰਦਿਆਂ ਆਮ ਆਦਮੀ ਪਾਰਟੀ (ਆਪ) ਦੇ ਉਮੀਦਵਾਰ ਗੁਰਮੇਲ ਸਿੰਘ ਨੇ ਵਿਧਾਇਕ ਲਾਭ ਸਿੰਘ ਉਗੋਕੇ ਸਮੇਤ ਅੱਜ ਵਿਧਾਨ ਸਭਾ ਹਲਕਾ ਭਦੌੜ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਅਤੇ ਜਨ ਸਭਾਵਾਂ ਕੀਤੀਆਂ। ਇਸ ਦੌਰਾਨ ਗੁਰਮੇਲ ਸਿੰਘ ਨੂੰ ਪਿੰਡਾਂ ਦੇ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਅਤੇ ਸਮਰਥਨ ਪ੍ਰਾਪਤ ਹੋਇਆ।

ਗੁਰਮੇਲ ਸਿੰਘ ਨੇ ਪਿੰਡ ਰਜੀਆ, ਪੰਧੇਰ, ਕੋਟਦੂੰਨਾ, ਭੈਣੀ ਫੱਤਾ, ਧੂਰਕੋਟ, ਬਦਰਾ, ਕਾਹਨੇਕੇ, ਕਾਲੇਕੇ, ਭੈਣੀ ਜੱਸਾ, ਧੌਲਾ, ਤਾਜੋਕੇ, ਤਪਾ, ਢਿੱਲਵਾਂ, ਮੌੜ ਨਾਭਾ, ਸਹਿਣਾ ਅਤੇ ਭਦੌੜ ਆਦਿ 16 ਪਿੰਡਾਂ ਦਾ ਦੌਰਾ ਕੀਤਾ ਅਤੇ ਵੱਖ ਵੱਖ ਥਾਂਵਾਂ 'ਤੇ ਜਨ ਸਭਾਵਾਂ ਕਰਕੇ ਲੋਕਾਂ ਨੂੰ ਆਮ ਆਦਮੀ ਪਾਰਟੀ ਦੇ ਚੋਣ ਨਿਸ਼ਾਨ 'ਝਾੜੂ' 'ਤੇ ਵੋਟਾਂ ਪਾਉਣ ਦੀ ਅਪੀਲ ਕੀਤੀ।

ਹਲਕਾ ਵਿਧਾਇਕ ਲਾਭ ਸਿੰਘ ਉਗੋਕੇ ਨੇ ਲੋਕਾਂ ਨੂੰ ਗੁਰਮੇਲ ਸਿੰਘ ਨੂੰ ਵੋਟਾਂ ਪਾਉਣ ਦੀ ਅਪੀਲ ਕਰਦਿਆਂ ਕਿਹਾ, "ਗੁਰਮੇਲ ਸਿੰਘ ਆਪਣੀਆਂ ਜੜ੍ਹਾਂ ਨਾਲ ਜੁੜੇ ਹੋਏ ਹਨ ਅਤੇ ਪਿਛਲੇ ਕਈ ਸਾਲਾਂ ਤੋਂ ਸੰਗਰੂਰ ਵਾਸੀਆਂ ਦੀ ਭਲਾਈ ਲਈ ਲਗਨ ਨਾਲ ਕੰਮ ਕਰ ਰਹੇ ਹਨ।" ਉਨ੍ਹਾਂ ਕਿਹਾ ਕਿ ਗੁਰਮੇਲ ਸਿੰਘ ਨੇ ਹਿਸਾਬ 'ਚ ਗ੍ਰੈਜੂਏਸ਼ਨ ਅਤੇ ਐਮ.ਬੀ.ਏ. ਕੀਤੀ ਹੋਈ ਹੈ ਅਤੇ ਰਾਜਨੀਤੀ 'ਚ ਆਉਣ ਤੋਂ ਪਹਿਲਾਂ ਉਹ ਇੱਕ ਅਧਿਆਪਕ ਸਨ ਅਤੇ ਉਨ੍ਹਾਂ 2018 ਤੱਕ ਵੱਖ-ਵੱਖ ਸਕੂਲਾਂ 'ਚ ਬੱਚਿਆਂ ਨੂੰ ਪੜ੍ਹਾਇਆ ਹੈ।

ਉਮੀਦਵਾਰ ਗੁਰਮੇਲ ਸਿੰਘ ਨੇ ਵੱਖ-ਵੱਖ ਪਿੰਡਾਂ 'ਚ ਸੰਬੋਧਨ ਕਰਦਿਆਂ ਕਿਹਾ ਕਿ ਸੰਗਰੂਰ 'ਆਪ' ਦਾ ਗੜ੍ਹ ਹੈ ਅਤੇ ਮੁੱਖ ਮੰਤਰੀ ਭਗਵੰਤ ਮਾਨ 2014 ਅਤੇ 2019 'ਚ ਇਸ ਸੀਟ ਤੋਂ ਦੋ ਵਾਰ ਜਿੱਤ ਚੁੱਕੇ ਹਨ। ਇਹ ਸੀਟ ਮੁੱਖ ਮੰਤਰੀ ਮਾਨ ਵੱਲੋਂ ਧੂਰੀ ਹਲਕੇ ਤੋਂ ਜਿੱਤ ਪ੍ਰਾਪਤ ਕਾਰਨ ਤੋਂ ਬਾਅਦ ਅਸਤੀਫ਼ਾ ਦੇਣ ਕਾਰਨ ਖਾਲੀ ਹੋਈ ਹੈ। ਉਨ੍ਹਾਂ ਕਿਹਾ ਕਿ ਅੱਜ ਲੋਕਾਂ ਦੇ ਪਿਆਰ ਅਤੇ ਸਮਰਥਨ ਨੂੰ ਦੇਖਦਿਆਂ ਵਿਸ਼ਵਾਸ ਹੋ ਗਿਆ ਹੈ ਕਿ ਇਸ ਚੋਣ 'ਚ ਵੀ 'ਆਪ' ਵੱਡੀ ਜਿੱਤ ਪ੍ਰਾਪਤ ਕਰੇਗੀ ਅਤੇ ਪਾਰਟੀ ਸਾਰੇ ਪੁਰਾਣੇ ਰਿਕਾਰਡ ਤੋੜੇਗੀ।

ਗੁਰਮੇਲ ਸਿੰਘ ਨੇ ਕਿਹਾ ਕਿ ਉਹ ਮੁੱਖ ਮੰਤਰੀ ਮਾਨ ਦੀ ਗਤੀਸ਼ੀਲ ਅਗਵਾਈ ਵਾਲੀ 'ਆਪ' ਸਰਕਾਰ ਦੇ ਢਾਈ ਮਹੀਨਿਆਂ ਦੇ ਸ਼ਾਨਦਾਰ ਸ਼ਾਸਨ ਅਤੇ ਕੰਮਾਂ ਦੇ ਆਧਾਰ 'ਤੇ ਚੋਣ ਲੜ ਰਹੇ ਹਨ, ਜਿਨ੍ਹਾਂ ਨੇ ਪੰਜਾਬ ਨੂੰ ਬਦਲਣ ਲਈ ਬੀੜਾ ਚੁੱਕਿਆ ਹੈ। ਉਨ੍ਹਾਂ ਕਿਹਾ ਕਿ ਸੰਗਰੂਰ ਸੀਟ ਜਿੱਤ ਕੇ ਉਹ ਮੁੱਖ ਮੰਤਰੀ ਮਾਨ ਦੇ ਮਿਸ਼ਨ ਨੂੰ ਅੱਗੇ ਵਧਾਉਣਗੇ ਅਤੇ ਸੰਗਰੂਰ ਵਾਸੀਆਂ ਦੀ ਭਲਾਈ ਲਈ ਮਿਹਨਤ ਨਾਲ ਕੰਮ ਕਰਨਗੇ।

ਜ਼ਿਕਰਯੋਗ ਹੈ ਕਿ ਗੁਰਮੇਲ ਸਿੰਘ 'ਆਪ' ਦੇ ਵਰਕਰ ਹਨ ਅਤੇ ਉਹ 2015 'ਚ ਭਵਾਨੀਗੜ੍ਹ ਬਲਾਕ ਦੇ ਪ੍ਰਧਾਨ ਬਣੇ ਸਨ। ਇਸ ਤੋਂ ਬਾਅਦ 2018 'ਚ ਉਨ੍ਹਾਂ ਨੂੰ ਘਰਾਚੋਂ ਪਿੰਡ ਦਾ ਸਰਪੰਚ ਚੁਣ ਲਿਆ ਗਿਆ ਸੀ, ਜਦੋਂ ਕਿ ਪਾਰਟੀ ਨੇ ਸਾਲ 2021 'ਚ ਗੁਰਮੇਲ ਸਿੰਘ ਨੂੰ ਸੰਗਰੂਰ ਜ਼ਿਲ੍ਹਾ ਦਾ ਪ੍ਰਧਾਨ ਨਿਯੁਕਤ ਕੀਤਾ ਸੀ।

# ਕਾਂਗਰਸ ਦੇ ਕੁੱਝ ਹੋਰ ਸਾਬਕਾ ਮੰਤਰੀ ਜਲਦੀ ਹੋਣਗੇ ਸਲਾਖ਼ਾਂ ਪਿੱਛੇ

ਲੁਧਿਆਣਾ: ਪਿਛਲੇ 20 ਸਾਲਾਂ ਤੋਂ ਪੰਜਾਬ ਦੀ ਰਾਜਨੀਤੀ ਇੱਕ-ਦੂਜੇ ਨੂੰ ਦੱਬਣ-ਦਬਾਉਣ ਦੇ ਦਾਅਵੇ ਕਰਨ ਅਤੇ ਰਿਸ਼ਵਤਖੋਰੀ ਦੇ ਇਲਜ਼ਾਮ ਲਗਾ ਕੇ ਜੇਲ੍ਹ 'ਚ ਪਾਉਣ ਦੀਆਂ ਧਮਕੀਆਂ ਨਾਲ ਚੱਲ ਰਹੀ ਸੀ। ਅਸੀਂ ਜੇਕਰ ਨਜ਼ਰ ਮਾਰੀਏ ਤਾਂ 2002 ਤੋਂ 2007 ਕੈਪਟਨ ਅਮਰਿੰਦਰ ਸਿੰਘ ਦੀ ਪਹਿਲੀ ਵਾਰ ਬਣੀ ਸਰਕਾਰ ਨੇ ਅਕਾਲੀ ਦਲ ਸੁਪਰੀਮੋ ਪ੍ਰਕਾਸ਼ ਸਿੰਘ ਬਾਦਲ ਅਤੇ ਸੁਖਬੀਰ ਬਾਦਲ 'ਤੇ ਰਿਸ਼ਵਤਖੋਰੀ ਦੇ ਇਲਜ਼ਾਮ ਲਗਾ ਕੇ ਉਨ੍ਹਾਂ ਨੂੰ ਜੇਲ੍ਹ 'ਚ ਭੇਜ ਦਿੱਤਾ ਸੀ। ਉਸ ਤੋਂ ਬਾਅਦ 2006 'ਚ ਅਕਾਲੀ ਦਲ ਨੇ ਕਾਂਗਰਸ 'ਤੇ ਸਿਟੀ ਸੈਂਟਰ ਦੇ ਦੋਸ਼ ਲਾ ਕੇ ਸੱਤਾ 'ਚ ਆਉਣ 'ਤੇ ਕੈਪਟਨ ਅਮਰਿੰਦਰ ਨੂੰ ਜੇਲ੍ਹ 'ਚ ਪਾਉਣ ਦੇ ਦਾਅਵੇ ਕੀਤੇ ਸਨ ਅਤੇ ਚੋਣ ਪ੍ਰਚਾਰ 'ਚ ਡੱਟ ਕੇ ਇਸ ਗੱਲ ਦਾ ਪ੍ਰਚਾਰ ਕੀਤਾ ਪਰ 2007 'ਚ ਅਕਾਲੀ-ਭਾਜਪਾ ਦੀ ਸਰਕਾਰ ਬਣਨ 'ਤੇ ਪ੍ਰਕਾਸ਼ ਸਿੰਘ ਬਾਦਲ ਅਤੇ ਸੁਖਬੀਰ ਬਾਦਲ ਨੇ ਸਿਰਫ਼ ਭਰਤਇੰਦਰ ਚਹਿਲ ਨੂੰ ਹੀ ਵੱਖ-ਵੱਖ ਕੇਸਾਂ 'ਚ ਫ਼ਸਾ ਕੇ ਖਾਨਾਪੂਰਤੀ ਕੀਤੀ ਅਤੇ ਆਪਣੇ 10 ਸਾਲ ਦੀ ਸਰਕਾਰ ਨੂੰ ਕਾਰਵਾਈ ਦੇ ਨਾਂ 'ਤੇ ਗੁਜ਼ਾਰ ਦਿੱਤਾ। 2016 'ਚ ਕੈਪਟਨ ਅਮਰਿੰਦਰ ਸਿੰਘ ਨੇ ਅਕਾਲੀ-ਭਾਜਪਾ 'ਤੇ ਰਿਸ਼ਵਤਖੋਰੀ ਦੇ ਦੋਸ਼ ਲਾ ਕੇ ਸੱਤਾ 'ਚ ਆਉਣ 'ਤੇ ਜਾਂਚ ਕਰਵਾ ਕੇ ਮੁਲਜ਼ਮਾਂ 'ਤੇ ਕਾਰਵਾਈ ਦੀ ਗੱਲ ਕੀਤੀ, ਪਰ ਮਾੜੀ ਕਿਸਮਤ ਦੀ ਗੱਲ ਹੈ ਕਿ 2017 'ਚ ਕੈਪਟਨ ਅਮਰਿੰਦਰ ਸਰਕਾਰ ਬਣਨ ਤੋਂ ਬਾਅਦ ਆਪਣੇ ਮਹਿਲਾਂ 'ਚ ਵਿਅਸਥ ਹੋ ਗਏ ਅਤੇ ਉਨ੍ਹਾਂ ਦੇ ਮੰਤਰੀ ਉਨ੍ਹਾਂ ਦੀ ਸਹਿਮਤੀ ਨਾਲ ਆਪਣੀਆਂ ਮਨਮਾਨੀਆਂ ਕਰਨ ਲੱਗੇ ਅਤੇ ਚਹੇਤਿਆਂ ਨੂੰ ਖ਼ੁਸ਼ ਕਰਨ 'ਚ ਲੱਗੇ ਰਹੇ।

ਕੈਪਟਨ ਦੀ ਸਰਕਾਰ ਦੌਰਾਨ ਅਕਾਲੀ-ਭਾਜਪਾ ਨੇਤਾਵਾਂ ਨੇ ਵਿਸ਼ੇਸ਼ ਕਰ ਕੇ ਆਮ ਆਦਮੀ ਪਾਰਟੀ ਨੇ ਕੈਪਟਨ ਅਮਰਿੰਦਰ ਅਤੇ ਉਨ੍ਹਾਂ ਦੇ ਸਹਿਯੋਗੀਆਂ 'ਤੇ ਰਿਸ਼ਵਤਖੋਰੀ 'ਚ ਸ਼ਾਮਿਲ ਹੋਣ ਦੇ



ਦੋਸ਼ ਲਾਏ, ਪਰ ਕਾਂਗਰਸ ਦੀ ਅੰਦਰੂਨੀ ਫ਼ੁੱਟ ਅਤੇ ਖ਼ੁਦ ਅਤੇ ਬੇਟੇ ਖ਼ਿਲਾਫ਼ ਕੇਂਦਰੀ ਏਜੰਸੀਆਂ ਦੀ ਚੱਲ ਰਹੀ ਜਾਂਚ ਤੋਂ ਬਚਣ ਲਈ ਕੈਪਟਨ ਨੇ ਭਾਜਪਾ ਦੇ ਗੁਣਗਾਨ ਦਾ ਰਸਤਾ ਚੁਣ ਲਿਆ। ਚਰਨਜੀਤ ਚੰਨੀ ਬੇਸ਼ੱਕ ਤਿੰਨ ਮਹੀਨੇ ਮੁੱਖ ਮੰਤਰੀ ਰਹੇ, ਉਨ੍ਹਾਂ 'ਤੇ ਵੀ ਚਹੇਤਿਆਂ ਜ਼ਰੀਏ ਨਿੱਜੀ ਪੂਰਤੀ ਦੇ ਦੋਸ਼ ਲੱਗੇ। ਆਮ ਜਨਤਾ ਇਨ੍ਹਾਂ ਸਭ ਦਲਾਂ ਕਦੇ ਕਾਂਗਰਸ, ਕਦੇ ਅਕਾਲੀ-ਭਾਜਪਾ ਦੀ ਨੀਤੀਆਂ ਅਤੇ ਉਨ੍ਹਾਂ ਦੇ ਕਾਰਜਾਂ ਤੋਂ ਤੰਗ ਆ ਚੁੱਕੀ ਸੀ ਅਤੇ ਇਹ ਸਮਝ ਚੁੱਕੀ ਸੀ ਕਿ ਇਹ ਸਭ ਮਿਲ ਕੇ ਜਨਤਾ ਨੂੰ ਲੁੱਟਣ 'ਚ ਲੱਗੇ ਹੋਏ ਹਨ। ਹਰ ਚੋਣ 'ਚ ਇੱਕ-ਦੂਜੇ ਖ਼ਿਲਾਫ਼ ਜਾਂਚ ਅਤੇ ਐਕਸ਼ਨ ਦੀ ਗੱਲ ਕਰ ਕੇ ਜਨਤਾ ਨੂੰ ਗੁੰਮਰਾਹ ਕਰਦੇ ਹਨ, ਪਰ ਸੱਤਾ 'ਚ ਆਉਣ ਤੋਂ ਬਾਅਦ ਮਿਲ-ਜੁਲ ਕੇ ਖੇਡ ਖੇਡਦੇ ਹਨ। ਉਸੇ ਗੁੱਸੇ ਨੂੰ ਲੈ ਕੇ ਜਨਤਾ ਨੇ ਇਸ ਵਾਰ ਵਿਧਾਨ ਸਭਾ ਚੋਣਾਂ 'ਚ ਇੱਕ ਨਵਾਂ ਪਰਚਮ ਲਹਿਰਾਉਂਦੇ ਹੋਏ 2022 ਮਾਰਚ 'ਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਂਦੇ ਹੋਏ ਭਗਵੰਤ ਮਾਨ ਨੂੰ ਮੁੱਖ ਮੰਤਰੀ ਦੀ ਕੁਰਸੀ ਸੌਂਪਦੇ ਹੋਏ ਪੰਜਾਬ ਦੇ ਉਜਵੱਲ ਭਵਿੱਖ ਦੀ ਕਾਮਨਾ ਕੀਤੀ। ਭਗਵੰਤ ਮਾਨ ਨੇ ਮੁੱਖ ਮੰਤਰੀ ਬਣਦੇ ਹੀ ਭ੍ਰਿਸ਼ਟਾਚਾਰ ਖ਼ਿਲਾਫ਼ ਆਪਣੀ ਨੀਤੀ ਸਪੱਸ਼ਟ ਕਰਦੇ ਹੋਏ ਆਪਣੇ ਵਿਧਾਇਕਾਂ ਅਤੇ ਮੰਤਰੀਆਂ ਨੂੰ ਵੀ ਚਿਤਾਵਨੀ ਦੇ ਦਿੱਤੀ ਸੀ, ਅਤੇ ਨਾਲ ਹੀ ਵਿਰੋਧੀ ਧਿਰ ਨੂੰ ਵੀ ਇਹ ਸੰਦੇਸ਼ ਦਿੱਤਾ ਕਿ ਉਹ ਪਹਿਲਾਂ ਦੀਆਂ ਸਰਕਾਰਾਂ ਦੀ ਤਰ੍ਹਾਂ ਕੰਮ ਨਹੀਂ ਕਰਨਗੇ ਸਗੋਂ ਕੋਈ ਵੀ ਸ਼ਿਕਾਇਤ ਮਿਲਣ 'ਤੇ ਐਕਸ਼ਨ ਮੋਡ 'ਚ ਆਉਣਗੇ ਅਤੇ ਸਰਕਾਰ ਦੇ ਦੋ ਮਹੀਨਿਆਂ ਦੇ ਕਾਰਜਕਾਲ 'ਚ ਉਨ੍ਹਾਂ ਨੇ ਆਪਣੀ ਸਰਕਾਰ ਦੇ ਸਿਹਤ ਮੰਤਰੀ ਜੇਲ੍ਹ 'ਚ ਭੇਜ ਦਿੱਤਾ ਤਾਂ ਇਸ਼ਾਰਾ ਹੋ ਗਿਆ ਸੀ।

**ਹੁਣ ਅਗਲਾ ਨਿਸ਼ਾਨਾ ਵਿਰੋਧੀ ਧਿਰ ਦੇ ਸਾਬਕਾ ਮੰਤਰੀ ਹੋਣਗੇ**


ਕੁੱਝ ਦਿਨ ਪਹਿਲਾਂ ਕਾਂਗਰਸ ਸਰਕਾਰ 'ਚ ਮੰਤਰੀ ਰਹੇ ਸਾਧੂ ਸਿੰਘ ਧਰਮਸੋਤ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਸਲਾਖ਼ਾਂ ਪਿੱਛੇ ਭੇਜ ਦਿੱਤਾ, ਉਸ ਤੋਂ ਬਾਅਦ ਕਾਂਗਰਸ ਵਲੋਂ ਮੁੱਖ ਮੰਤਰੀ ਆਵਾਸ 'ਤੇ ਦਿੱਤੇ ਧਰਨੇ ਤੋਂ ਮਾਨ ਕਾਫ਼ੀ ਖ਼ਫ਼ਾ ਹਨ ਕਿ ਕਾਂਗਰਸ ਭ੍ਰਿਸ਼ਟਾਚਾਰ 'ਚ ਸ਼ਾਮਿਲ ਨੇਤਾਵਾਂ ਨੂੰ ਬਚਾਉਣ ਦਾ ਦਬਾਅ ਬਣਾਉਂਦੀ ਹੈ। ਹੁਣ ਚਰਚਾ ਚੱਲ ਰਹੀ ਹੈ ਕਿ ਜਿਉਂ ਹੀ ਅਗਲੇ ਹਫ਼ਤੇ ਗਰਮੀ ਦਾ ਤਾਪਮਾਨ ਵਧੇਗਾ, ਉਸੇ ਤਰ੍ਹਾਂ ਇੱਕ ਹੋਰ ਸਾਬਕਾ ਕਾਂਗਰਸ ਮੰਤਰੀ, ਜਿਨ੍ਹਾਂ ਨੇ ਆਪਣੇ ਸਮੇਂ 'ਚ ਪੂਰੀ ਤਾਕਤ ਦਾ ਇਸਤੇਮਾਲ ਕਰਦੇ ਵਿਰੋਧੀਆਂ ਹੀ ਨਹੀਂ ਆਪਣੀ ਪਾਰਟੀ ਦੇ ਨੇਤਾਵਾਂ 'ਤੇ ਵੀ ਆਪਣਾ ਦਬਾ ਕੇ ਜ਼ੋਰ ਚਲਾਇਆ ਸੀ, 'ਤੇ ਐਕਸ਼ਨ ਹੋਣ ਜਾ ਰਿਹਾ ਹੈ ਅਤੇ ਉਨ੍ਹਾਂ ਦੇ ਚਹੇਤੇ ਚੇਅਰਮੈਨ ਅਤੇ ਹੋਰ ਸਹਿਯੋਗੀ ਵੀ ਸਰਕਾਰ ਦੇ ਰੇਡਾਰ 'ਤੇ ਹਨ। ਆਉਣ ਵਾਲੇ ਦਿਨਾਂ 'ਚ ਪੰਜਾਬ ਦੀਆਂ ਜੇਲ੍ਹਾਂ 'ਚ ਨਵਜੋਤ ਸਿੱਧੂ, ਬਿਕਰਮ ਮਜੀਠੀਆ, ਵਿਜੇ ਸਿੰਗਲਾ, ਸਾਧੂ ਸਿੰਘ ਧਰਮਸੋਤ ਦੇ ਨਾਲ ਨਵੇਂ ਸਾਬਕਾ ਮੰਤਰੀ ਮਹਿਮਾਨ ਬਣਨ ਜਾ ਰਹੇ ਹਨ। ਇਸ ਦੇ ਨਾਲ ਹੀ ਪਹਿਲੀ ਸਰਕਾਰ 'ਚ ਸੁੱਖ ਭੋਗਣ ਵਾਲੇ ਅਤੇ ਹੁਣ ਦੀ ਸਰਕਾਰ 'ਚ ਪਹਿਲੀ ਵਾਰ ਵਿਧਾਇਕ ਬਣਨ ਵਾਲੇ ਵੀ ਸਰਕਾਰ ਦੇ ਰੇਡਾਰ 'ਤੇ ਹਨ। ਵਿਰੋਧੀਆਂ ਦੇ ਨਾਲ-ਨਾਲ ਆਪਣੇ ਵਿਧਾਇਕਾਂ ਨੂੰ ਵੀ ਸਖ਼ਤ ਸੰਦੇਸ਼ ਦੇਣ ਦੇ ਮੂਡ 'ਚ ਹਨ ਅਤੇ ਅਗਲੇ ਹਫ਼ਤੇ ਜਨਤਾ 'ਤੇ ਨਵੇਂ ਐਕਸ਼ਨ ਨੂੰ ਦੇਖੇਗੀ ਅਤੇ ਉਸ ਨੂੰ ਲੈ ਕੇ ਹੁਣ ਤੋਂ ਸੁਗਬੁਗਾਹਟ ਸ਼ੁਰੂ ਹੋ ਗਈ ਹੈ।







# ਯੂਕਰੇਨ ਜੰਗ ਦੇ ਭਿਆਨਕ ਪ੍ਰਭਾਵ ਸਾਰੇ ਸੰਸਾਰ ‘ਤੇ ਪੈ ਰਹੇ ਹਨ



ਬਲਰਾਜ ਸਿੰਘ ਸਿੱਧੂ ਕਮਾਂਡੈਂਟ
ਮੋ. 9501100062

ਕੋਈ ਜ਼ਮਾਨਾ ਸੀ ਜਦੋਂ ਦੋ ਦੇਸ਼ ਲੜ ਕੇ ਹਟ ਵੀ ਜਾਂਦੇ ਸਨ ਪਰ ਦੁਨੀਆਂ ਦੇ ਬਾਕੀ ਦੇਸ਼ਾਂ ਨੂੰ ਨਾ ਤਾਂ ਕੋਈ ਫਰਕ ਪੈਂਦਾ ਸੀ ਤੇ ਨਾ ਹੀ ਕਿਸੇ ‘ਤੇ ਕੋਈ ਅਸਰ ਹੁੰਦਾ ਸੀ। ਬੱਸ ਦੋ ਚਾਰ ਦਿਨ ਅਖਬਾਰਾਂ ਦੀਆਂ ਖਬਰਾਂ ਪੜ੍ਹ ਸੁਣ ਕੇ ਸਭ ਸ਼ਾਂਤ ਹੋ ਜਾਂਦੇ ਸਨ। ਜੰਗ ਦਾ ਸੰਸਾਰ ਪੱਧਰ ‘ਤੇ ਪ੍ਰਭਾਵ ਪੈਣਾ ਪਹਿਲੀ ਤੇ ਖਾਸ ਤੌਰ ‘ਤੇ ਦੂਸਰੀ ਸੰਸਾਰ ਜੰਗ ਤੋਂ ਬਾਅਦ ਸ਼ੁਰੂ ਹੋਇਆ ਸੀ। ਦੂਸਰੀ ਸੰਸਾਰ ਜੰਗ ਤੋਂ ਪਹਿਲਾਂ ਇੰਗਲੈਂਡ ਅਤੇ ਫਰਾਂਸ ਸੁਪਰ ਪਾਵਰ ਸਨ ਤੇ ਅਮਰੀਕਾ ਅਤੇ ਰੂਸ ਦਾ ਕਿਤੇ ਨਾਮੋ ਨਿਸ਼ਾਨ ਵੀ ਨਹੀਂ ਸੀ। ਉਸ ਸਮੇਂ ਅੱਧੇ ਤੋਂ ਵੱਧ ਦੁਨੀਆਂ ‘ਤੇ ਇਨ੍ਹਾਂ ਦੋਵਾਂ ਦੇਸ਼ਾਂ (ਇੰਗਲੈਂਡ ਅਤੇ ਫਰਾਂਸ) ਦਾ ਹੀ ਕਬਜ਼ਾ ਸੀ। ਅਮਰੀਕਾ ਭਾਰੀ ਮੰਦੀ ਅਤੇ ਰੂਸ ਕਮਿਊਨਿਸਟ ਰਾਜ ਕਾਰਨ (ਪੱਛਮੀ ਦੇਸ਼ਾਂ ਨੇ ਉਸ ਦਾ ਬਾਈਕਾਟ ਕੀਤਾ ਹੋਇਆ ਸੀ) ਭੁੱਖਮਰੀ ਦੀ ਕਗਾਰ ‘ਤੇ ਪਹੁੰਚੇ ਹੋਏ ਸਨ। ਪਰ ਸੰਸਾਰ ਜੰਗ ਵਿੱਚ ਸ਼ਾਮਲ ਹੁੰਦੇ ਸਾਰ ਇਨ੍ਹਾਂ ਦੋਵਾਂ ਦੇਸ਼ਾਂ ਦੀ ਕਿਸਮਤ ਪਲਟ ਗਈ। ਫੌਜੀ ਸਾਜੋ ਸਮਾਨ ਅਤੇ ਹੋਰ ਉਤਪਾਦਾਂ ਦੀ ਮੰਗ ਇੱਕ ਦਮ ਸਿਖਰ ‘ਤੇ ਪਹੁੰਚ ਜਾਣ ਕਾਰਨ ਦੀਵਾਲੀਆ ਹੋਣ ਕਿਨਾਰੇ ਪਹੁੰਚੀਆਂ ਅਮਰੀਕਾ ਦੀਆਂ ਫੈਕਟਰੀਆਂ ਤਿੰਨ ਤਿੰਨ ਸ਼ਿਫਟਾਂ ਵਿੱਚ ਚੱਲਣ ਲੱਗੀਆਂ ਤੇ ਰੂਸ, ਜਿਸ ਨੂੰ ਕਦੇ ਯੂਰਪ ਦਾ ਬਿਮਾਰ ਦੇਸ਼ ਕਿਹਾ ਜਾਂਦਾ ਸੀ, ਨੇ ਅੱਧੇ ਦੇ ਕਰੀਬ ਯੂਰਪ ‘ਤੇ ਕਬਜ਼ਾ ਕਰ ਲਿਆ। ਦੂਸਰੇ ਪਾਸੇ ਜੰਗ ਤੋਂ ਬਾਅਦ ਆਰਥਿਕ ਅਤੇ ਸੈਨਿਕ ਪੱਖੋਂ ਬਰਬਾਦ ਹੋਏ ਇੰਗਲੈਂਡ ਅਤੇ ਫਰਾਂਸ ਨੂੰ ਆਪਣੀਆਂ ਅੱਧੇ ਤੋਂ ਵੱਧ ਬਸਤੀਆਂ ਖਾਲੀ ਕਰਨੀਆਂ ਪਈਆਂ ਸਨ।

ਦੂਸਰੀ ਸੰਸਾਰ ਜੰਗ ਤੋਂ ਬਾਅਦ ਜਿਸ ਜੰਗ ਨੇ ਸੰਸਾਰ ‘ਤੇ ਸਭ ਤੋਂ ਵੱਧ ਬੁਰਾ ਪ੍ਰਭਾਵ ਪਾਇਆ ਹੈ, ਉਹ ਹੈ ਰੂਸ ਅਤੇ ਯੂਕਰੇਨ ਦੀ ਜੰਗ। ਜੰਗ ਦੀ ਸ਼ੁਰੂਆਤ ਵਿੱਚ ਤਾਂ ਇਸ ਤਰਾਂ ਲੱਗਦਾ ਸੀ ਕਿ ਇਹ ਕਰੀਮੀਆ ਵਾਂਗ ਇੱਕ ਸਥਾਨਿਕ ਝਗੜਾ ਹੈ, ਜੋ ਜਲਦੀ ਹੀ ਨਿੱਬੜ ਜਾਵੇਗਾ। ਪਰ ਜਿਵੇਂ ਜਿਵੇਂ ਇਹ ਜੰਗ ਲੰਬੀ ਖਿੱਚਦੀ ਗਈ ਤੇ ਯੂਰਪੀਨ ਦੇਸ਼ ਅਤੇ ਅਮਰੀਕਾ ਇਸ ਵਿੱਚ ਸ਼ਾਮਲ ਹੋ ਗਏ, ਇਸ ਦੇ ਤਬਾਹਕੁੰਨ ਨਤੀਜੇ ਸੰਸਾਰ ਦੇ ਸਾਹਮਣੇ ਆਉਣ ਲੱਗ ਪਏ ਹਨ। ਸਭ ਤੋਂ ਬੁਰਾ ਪ੍ਰਭਾਵ ਸੰਸਾਰ ਦੀ ਅਨਾਜ਼ ਅਤੇ ਊਰਜ਼ਾ ਦੀ ਆਪੂਰਤੀ ‘ਤੇ ਪਿਆ ਹੈ। ਵਰਲਡ ਟਰੇਡ ਆਰਗੇਨਾਈਜ਼ੇਸ਼ਨ (ਡਬਲਿਊ. ਟੀ.ਉ.) ਅਨੁਸਾਰ ਰੂਸ ਯੂਕਰੇਨ ਜੰਗ ਕਾਰਨ ਮਨੁੱਖਤਾ ਨੂੰ ਦੂਸਰੀ ਸੰਸਾਰ ਜੰਗ ਤੋਂ ਬਾਅਦ ਸਭ ਤੋਂ ਵੱਡੀ ਮੁਸੀਬਤ ਸਹਿਣੀ ਪੈ ਰਹੀ ਹੈ ਕਿਉਂਕਿ ਇਸ ਨੇ ਅੰਤਰਰਾਸ਼ਟਰੀ ਵਪਾਰ ਨੂੰ ਤਬਾਹ ਕਰ ਕੇ ਰੱਖ ਦਿੱਤਾ ਹੈ। ਰੂਸ ਸੰਸਾਰ ਦਾ ਅਮਰੀਕਾ ਅਤੇ ਸਾਊਦੀ ਅਰਬ ਤੋਂ ਬਾਅਦ ਤੀਸਰਾ ਸਭ ਤੋਂ ਵੱਡਾ ਤੇਲ ਅਤੇ ਕੁਦਰਤੀ ਗੈਸ ਉਤਪਾਦਕ ਦੇਸ਼ ਹੈ। ਜਿਆਦਾਤਰ ਯੂਰਪੀਨ ਦੇਸ਼ ਊਰਜਾ ਦੀ ਪੂਰਤੀ ਲਈ ਰੂਸ ‘ਤੇ ਨਿਰਭਰ ਹਨ। ਪਰ ਅਮਰੀਕਾ ਦੇ ਦਬਾਅ ਹੇਠ ਉਨ੍ਹਾਂ ਨੂੰ ਰੂਸ ਤੋਂ ਤੇਲ ਅਤੇ ਗੈਸ ਦੀ ਦਰਾਮਦ ‘ਤੇ ਪਾਬੰਦੀਆਂ ਲਗਾਉਣੀਆਂ ਪੈ ਰਹੀਆਂ ਹਨ ਜਿਸ ਕਾਰਨ ਉਥੇ ਅਤੇ ਸੰਸਾਰ ਦੇ ਬਾਕੀ ਦੇਸ਼ਾਂ ਵਿੱਚ ਡੀਜ਼ਲ, ਪੈਟਰੌਲ ਅਤੇ ਕੁਦਰਤੀ ਗੈਸ ਦੇ ਰੇਟ ਛੜੱਪੇ ਮਾਰ ਕੇ ਵਧ ਰਹੇ ਹਨ। ਤੇਲ ਦੀ ਕੀਮਤ ਵਧਣ ਕਾਰਨ ਰੋਜ਼ਮਰ੍ਹਾ ਦੀਆਂ ਵਸਤਾਂ ਦੇ ਰੇਟ ਵੀ ਵਧ ਗਏ ਹਨ। ਵਿਬੰਡਨਾ ਵੇਖੋ ਕਿ ਕੁਝ ਮਹੀਨੇ ਪਹਿਲਾਂ ਤੱਕ ਵੈਨਜ਼ੁਐਲਾ ਅਤੇ ਈਰਾਨ ਯੂਰਪੀਨ ਦੇਸ਼ਾਂ ਅਤੇ ਅਮਰੀਕਾ ਵਾਸਤੇ ਸ਼ੈਤਾਨ ਦੇਸ਼ ਸਨ ਜਿਨ੍ਹਾਂ ‘ਤੇ ਮਨੁੱਖੀ ਅਧਿਕਾਰਾਂ ਦਾ ਘਾਣ ਕਰਨ ਦੇ ਦੋਸ਼ ਹੇਠ ਸਖਤ ਵਪਾਰਿਕ ਪਾਬੰਦੀਆਂ ਲਗਾਈਆਂ ਗਈਆਂ ਸਨ। ਪਰ ਹੁਣ ਯੂਕਰੇਨ ਸੰਕਟ ਕਾਰਨ ਉਹ ਇਨ੍ਹਾਂ ਦੇਸ਼ਾਂ ਤੋਂ ਹੀ ਤੇਲ ਹਾਸਲ ਕਰਨ ਬਾਰੇ ਗੰਭੀਰਤਾ ਨਾਲ ਸੋਚ ਰਹੇ ਹਨ।



ਸੰਸਾਰ ਵਿੱਚ ਦੂਸਰਾ ਜਿਹੜਾ ਸਭ ਤੋਂ ਵੱਡਾ ਸੰਕਟ ਪੈਦਾ ਹੋ ਰਿਹਾ ਹੈ ਉਹ ਹੈ ਅਨਾਜ਼ ਸੰਕਟ। ਰੂਸ ਸੰਸਾਰ ਦਾ ਸਭ ਤੋਂ ਵੱਡਾ ਕਣਕ ਉਤਪਾਦਕ ਅਤੇ ਬਰਾਮਦਕਾਰ ਦੇਸ਼ ਹੈ। ਉਹ ਸੰਸਾਰ ਦੇ ਕੁੱਲ ਅਨਾਜ਼ ਦਾ 24% ਵਿਦੇਸ਼ਾਂ ਨੂੰ ਬਰਾਮਦ ਕਰਦਾ ਹੈ। ਯੂਕਰੇਨ ਵੀ ਸੰਸਾਰ ਦਾ ਪੰਜਵਾਂ ਸਭ ਤੋਂ ਵੱਡਾ ਬਰਾਮਦਕਾਰ ਦੇਸ਼ ਹੈ। ਉਸ ਨੇ 2021 ਵਿੱਚ 47 ਕਰੋੜ ਟਨ ਦੇ ਲਗਭਗ ਕਣਕ ਵਿਦੇਸ਼ਾਂ ਨੂੰ ਬਰਾਮਦ ਕੀਤੀ ਸੀ। ਇਸ ਜੰਗ ਕਾਰਨ ਅਮਰੀਕਾ ਦੇ ਦਬਾਅ ਕਾਰਨ ਬਹੁਤ ਘੱਟ ਦੇਸ਼ ਰੂਸ ਤੋਂ ਕਣਕ ਲੈ ਰਹੇ ਹਨ ਤੇ ਦੂਸਰੇ ਪਾਸੇ ਯੂਕਰੇਨ ਦੀਆਂ ਬੰਦਰਗਾਹਾਂ ਨੂੰ ਰੂਸ ਨੇ ਆਪਣੇ ਕਬਜ਼ੇ ਹੇਠ ਲੈ ਕੇ ਉਸ ਦੀ ਆਰਥਿਕ ਨਾਕਾਬੰਦੀ ਕੀਤੀ ਹੋਈ ਹੈ ਜਿਸ ਕਾਰਨ ਉਥੋਂ ਵਪਾਰਿਕ ਜ਼ਹਾਜਾਂ ਦਾ ਆਵਾਗਮਨ ਅਸੰਭਵ ਹੈ। ਰੂਸ ਪੱਛਮੀ ਦੇਸ਼ਾਂ ਅਤੇ ਯੂਕਰੇਨ ਨੂੰ ਬਰਬਾਦ ਕਰਨ ਲਈ ਅਨਾਜ਼ ਨੂੰ ਇੱਕ ਹਥਿਆਰ ਦੇ ਤੌਰ ‘ਤੇ ਵਰਤ ਰਿਹਾ ਹੈ। ਦੁਨੀਆਂ ਨੂੰ ਭਾਰਤ ਤੋਂ ਉਮੀਦਾਂ ਸਨ ਪਰ ਉਸ ਨੇ ਵੀ ਆਪਣੀ ਘਰੇਲੂ ਮੰਡੀ ਵਿੱਚ ਖਾਧ ਪਦਾਰਥਾਂ ਦੇ ਰੇਟ ਵਧਣ ਦੇ ਡਰੋਂ ਕਣਕ ਦੀ ਬਰਾਮਦ ‘ਤੇ ਪਾਬੰਦੀ ਲਗਾ ਦਿੱਤੀ ਹੈ। ਇਸ ਕਾਰਨ ਸੰਸਾਰ ਦੀਆਂ ਮੰਡੀਆਂ ਵਿੱਚ ਹਾਹਾਕਾਰ ਮੱਚੀ ਹੋਈ ਹੈ। ਯੂਰਪ ਵਿੱਚ ਕਣਕ ਤੋਂ ਬਣਨ ਵਾਲੀ ਡਬਲਰੋਟੀ ਅਤੇ ਹੋਰ ਉਤਪਾਦ ਡੇਢ ਗੁਣਾ ਮਹਿੰਗੇ ਹੋ ਗਏ ਹਨ ਜਿਸ ਕਾਰਨ ਜਨ ਸਧਾਰਨ ਦਾ ਘਰੇਲੂ ਬਜ਼ਟ ਗੜਬੜਾ ਗਿਆ ਹੈ।

ਅਸਲ ਵਿੱਚ ਇਹ ਜੰਗ ਅਮਰੀਕਾ, ਉਸ ਦੇ ਯੂਰਪੀਨ ਸਹਿਯੋਗੀਆਂ ਅਤੇ ਰੂਸ ਦੇ ਦਰਮਿਆਨ ਚੱਲ ਰਹੀ ਹੈ। ਪਰ ਉਨ੍ਹਾਂ ‘ਤੇ ਅਨਾਜ਼ ਸੰਕਟ ਦਾ ਜਿਆਦਾ ਅਸਰ ਇਸ ਲਈ ਨਹੀਂ ਹੋ ਰਿਹਾ ਕਿਉਂਕਿ ਅਮਰੀਕਾ ਖੁਦ ਵੱਡੇ ਪੱਧਰ ‘ਤੇ ਕਣਕ ਪੈਦਾ ਕਰਦਾ ਹੈ ਤੇ ਯੂਰਪੀਨ ਦੇਸ਼ ਅਮੀਰ ਹੋਣ ਕਾਰਨ ਅਨਾਜ਼ ਦਰਾਮਦ ਕਰ ਸਕਦੇ ਹਨ। ਪਰ ਇਸ ਸੰਕਟ ਕਾਰਨ ਕਈ ਅਜਿਹੇ ਦੇਸ਼ ਬੁਰੀ ਤਰਾਂ ਨਾਲ ਪਿਸ ਗਏ ਹਨ, ਜਿਨ੍ਹਾਂ ਦਾ ਇਸ ਜੰਗ ਨਾਲ ਕੋਈ ਦੂਰ ਦਾ ਵੀ ਵਾਹ ਵਾਸਤਾ ਨਹੀਂ ਹੈ। ਕੁਝ ਦਿਨ ਪਹਿਲਾਂ ਅਫਰੀਕਨ ਯੂਨੀਅਨ ਦੇ ਪ੍ਰਧਾਨ ਅਤੇ ਸੈਨੇਗਾਲ ਦੇ ਰਾਸ਼ਟਰਪਤੀ ਮੈਕੀ ਸਾਲ ਨੇ ਰੂਸ ਦੇ ਰਾਸ਼ਟਰਪਤੀ ਵਾਲਾਦੀਮੀਰ ਪੂਤਿਨ ਨਾਲ ਰੂਸ ਦੇ ਸੋਚੀ ਸ਼ਹਿਰ ਵਿੱਚ ਮੀਟਿੰਗ ਕਰ ਕੇ ਰੂਸ ਅਤੇ ਯੂਕਰੇਨ ਦੀ ਕਣਕ ਦੀ ਸਪਲਾਈ ਬਹਾਲ ਕਰਨ ਦੀ ਭਾਵਪੂਰਤ ਅਪੀਲ ਕੀਤੀ ਹੈ। ਪੂਤਿਨ ਨੇ ਹਮਦਰਦੀ ਨਾਲ ਵਿਚਾਰ ਕਰਨ ਲਈ ਤਾਂ ਕਿਹਾ ਪਰ ਕੋਈ ਪੱਕਾ ਵਾਇਦਾ ਨਹੀਂ ਕੀਤਾ। ਇਸ ਜੰਗ ਕਾਰਨ ਅਫਰੀਕਾ ਦੇ ਜਿਆਦਾਤਰ ਦੇਸ਼ ਭੁੱਖਮਰੀ ਦੀ ਕਗਾਰ ‘ਤੇ ਪਹੁੰਚ ਗਏ ਹਨ ਕਿਉਂਕਿ ਉਥੇ ਵਰਤੀ ਜਾਣ ਵਾਲੀ 40% ਕਣਕ ਰੂਸ ਅਤੇ ਯੂਕਰੇਨ ਤੋਂ ਹੀ ਦਰਾਮਦ ਕੀਤੀ ਜਾਂਦੀ ਹੈ।

ਯੂ.ਐਨ.ਉ. ਦੇ ਬੁਲਾਰੇ ਅਮੀਨ ਅੱਵਦ ਨੇ ਜਨੇਵਾ ਵਿਖੇ ਬਿਆਨ ਦਿੱਤਾ ਹੈ ਕਿ ਯੂਕਰੇਨ ਦੀ ਨਾਕਾਬੰਦੀ ਕਾਰਨ ਅਫਰੀਕਾ ਸਮੇਤ ਅਨੇਕਾਂ ਦੇਸ਼ਾਂ ਵਿੱਚ ਭੁੱਖਮਰੀ ਫੈਲ ਰਹੀ ਹੈ ਜਿਸ ਕਾਰਨ 14 ਕਰੋੜ ਅਫਰੀਕਨ ਨਾਗਰਿਕ ਪ੍ਰਭਾਵਿਤ ਹੋਣਗੇ ਤੇ ਜਿਸ ਦੇ ਫਲਸਵਰੂਪ ਦੁਨੀਆਂ ਦੀ ਹੁਣ ਤੱਕ ਦੀ ਸਭ ਤੋਂ ਵੱਡੀ ਹਿਜ਼ਰਤ ਸ਼ੁਰੂ ਹੋ ਸਕਦੀ ਹੈ। ਅਫਰੀਕਾ ਦਾ ਅੱਧੇ ਦੇ ਕਰੀਬ ਇਲਾਕਾ ਖੁਸ਼ਕ ਸਹਾਰਾ ਅਤੇ ਕਾਲਾਹਾਰੀ ਰੇਗਿਸਤਾਨਾਂ ਨੇ ਮੱਲਿਆ ਹੋਇਆ ਹੈ ਤੇ ਬਾਕੀ ਦੇ ਦੇਸ਼ਾਂ ਵਿੱਚ ਵੀ ਜਰੂਰਤ ਅਨੁਸਾਰ ਬਰਸਾਤ ਨਹੀਂ ਹੋ ਰਹੀ। ਅਫਰੀਕਾ ਦੇ ਦੋ ਚਾਰ ਦੇਸ਼ਾਂ ਨੂੰ ਛੱਡ ਕੇ ਬਾਕੀ ਕੋਈ ਵੀ ਆਪਣੇ ਖਾਣ ਯੋਗਾ ਅਨਾਜ਼ ਪੈਦਾ ਨਹੀਂ ਕਰਦਾ। ਯੂਕਰੇਨ ਯੁੱਧ ਤੋਂ ਬਾਅਦ ਅਫਰੀਕਾ ਦੇ ਜਿਆਦਾਤਰ ਦੇਸ਼ਾਂ ਵਿੱਚ ਅਨਾਜ਼ ਦੇ ਰੇਟ ਦੂਣੇ ਤੋਂ ਵੀ ਵਧ ਗਏ ਹਨ। ਸਹਾਰਾ ਰੇਗਿਸਤਾਨ ਵਿੱਚ ਸਥਿੱਤ ਦੇਸ਼ਾਂ ਚਾਡ, ਮਾਲੀ, ਨਾਈਜ਼ਰ, ਮਾਰੀਟਾਨੀਆਂ ਅਤੇ ਸੁਡਾਨ ਆਦਿ ਨੇ ਤਾਂ ਫੂਡ ਐਮਰਜੈਂਸੀ ਲਗਾ ਕੇ ਖਾਧ ਪਦਾਰਥਾਂ ਦੀ ਰਾਸ਼ਨਿੰਗ ਸ਼ੁਰੂ ਕਰ ਦਿੱਤੀ ਹੈ। ਮੈਕੀ ਸਾਲ ਨੇ ਪੂਤਿਨ ਨੂੰ ਦੱਸਿਆ ਕਿ ਸਾਡੇ ਦੇਸ਼, ਜਿਨ੍ਹਾਂ ਦਾ ਇਸ ਜੰਗ ਨਾਲ ਕੋਈ ਲੈਣਾ ਦੇਣਾ ਨਹੀਂ ਹੈ, ਸਭ ਤੋਂ ਵੱਧ ਪ੍ਰਭਾਵਿਤ ਹੋ ਰਹੇ ਹਨ। ਪਰ ਉਸ ਦੀ ਅਪੀਲ ਦੇ ਬਾਵਜੂਦ ਅਜੇ ਤੱਕ ਪੂਤਿਨ ਦਾ ਦਿਲ ਨਹੀਂ ਪਸੀਜਿਆ। ਉਸ ਨੇ ਅੱਗੋਂ ਸ਼ਰਤ ਰੱਖ ਦਿੱਤੀ ਹੈ ਕਿ ਜੇ ਅਮਰੀਕਾ ਅਤੇ ਯੂਰਪੀਨ ਦੇਸ਼ ਉਸ ਦੇ ਸਹਿਯੋਗੀ ਦੇਸ਼ ਬੈਲਾਰੂਸ ਤੋਂ ਪਾਬੰਦੀਆਂ ਹਟਾ ਲੈਣ ਤਾਂ ਉਸ ਰਸਤੇ ਅਨਾਜ਼ ਭੇਜਿਆ ਜਾ ਸਕਦਾ ਹੈ। ਰੂਸ ਅਫਰੀਕਾ ਦੀ ਭੁੱਖਮਰੀ ਤੋਂ ਰਾਜਨੀਤਕ ਫਾਇਦਾ ਉਠਾਉਣ ਦੀ ਤਾਕ ਵਿੱਚ ਹੈ। ਉਹ ਜਾਣਦਾ ਹੈ ਕਿ ਜੇ ਅਫਰੀਕਾ ਨੂੰ ਅਨਾਜ਼ ਨਹੀਂ ਮਿਲੇਗਾ ਤਾਂ ਭੁੱਖਮਰੀ ਤੋਂ ਪਰੇਸ਼ਾਨ ਲੱਖਾਂ ਅਫਰੀਕਨ ਰਫਿਊਜ਼ੀ ਲੀਬੀਆ ਅਤੇ ਮਰਾਕੋ ਦੇ ਤੱਟਾਂ ਤੋਂ ਕਿਸ਼ਤੀਆਂ ਰਾਹੀਂ ਸਮੁੰਦਰ ਪਾਰ ਕਰ ਕੇ ਯੂਰਪ ਵਿੱਚ ਘੁਸ ਜਾਣਗੇ ਅਤੇ ਯੂਰਪ ਦੀ ਪਹਿਲਾਂ ਤੋਂ ਹੀ ਚੱਲ ਰਹੀ ਰਫਿਊਜ਼ੀ ਸਮੱਸਿਆ ਵਿਕਰਾਲ ਰੂਪ ਧਾਰਨ ਕਰ ਜਾਵੇਗੀ। ਇਨ੍ਹਾਂ ਦੇਸ਼ਾਂ ਤੋਂ ਸਪੇਨ ਦਾ ਸਮੁੰਦਰੀ ਤੱਟ ਕੁਝ ਹੀ ਦੂਰੀ ‘ਤੇ ਹੈ। ਤੀਸਰੀ ਵੱਡੀ ਸਮੱਸਿਆ ਰਸਾਇਣਕ ਖਾਦਾਂ ਦੀ ਸਖਤ ਘਾਟ ਦੀ ਆ ਰਹੀ ਹੈ। ਰੂਸ ਸੰਸਾਰ ਦਾ ਚੀਨ, ਭਾਰਤ ਅਤੇ ਅਮਰੀਕਾ ਤੋਂ ਬਾਅਦ ਤੀਸਰਾ ਸਭ ਤੋਂ ਵੱਡਾ ਖਾਦ ਉਤਪਾਦਕ ਅਤੇ ਨੰਬਰ ਇੱਕ ਬਰਾਮਦਕਾਰ ਹੈ। 2020 ਵਿੱਚ ਉਸ ਨੇ 760 ਕਰੋੜ ਡਾਲਰ ਮਾਲੀਅਤ ਦੀ 12 ਕਰੋੜ ਮੀਟਰਕ ਟਨ ਖਾਦ ਨਿਰਯਾਤ ਕੀਤੀ ਸੀ। ਉਸ ਦੀ ਸਭ ਤੋਂ ਵੱਡੀ ਮੰਡੀ ਯੂਰਪ, ਏਸ਼ੀਆ ਅਤੇ ਅਫਰੀਕਾ ਹੈ। ਯੂਕਰੇਨ ਨੇ ਵੀ 2021 ਵਿੱਚ 630 ਕਰੋੜ ਡਾਲਰ ਮਾਲੀਅਤ ਦੀ ਖਾਦ ਨਿਰਯਾਤ ਕੀਤੀ ਸੀ। ਨਾਕਾਬੰਦੀ ਅਤੇ ਬਾਈਕਾਟ ਕਾਰਨ ਹੁਣ ਇਨ੍ਹਾਂ ਦੇਸ਼ਾਂ ਦੀ ਖਾਦ ਗੁਦਾਮਾਂ ਵਿੱਚ ਪਈ ਸੜ ਰਹੀ ਹੈ। ਇਸ ਤੋਂ ਇਲਾਵਾ ਦੂਸਰੇ ਸੰਸਾਰ ਯੁੱਧ ਤੋਂ ਬਾਅਦ ਸ਼ਾਂਤੀ ਨਾਲ ਤਰੱਕੀ ਕਰ ਰਹੇ ਯੂਰਪੀਨ ਦੇਸ਼ਾਂ ਨੂੰ ਵੀ ਆਪਣਾ ਸੁਰੱਖਿਆ ਖਰਚਾ ਵਧਾਉਣਾ ਪੈ ਰਿਹਾ ਹੈ। ਕਲ੍ਹ ਤੱਕ ਭਾਰਤ ਅਤੇ ਪਾਕਿਸਤਾਨ ਵਰਗੇ ਦੇਸ਼ਾਂ ਨੂੰ ਜੰਗੀ ਸਾਜ਼ੋ ਸਮਾਨ ਵੇਚ ਕੇ ਮੋਟਾ ਮੁਨਾਫਾ ਕਮਾ ਰਹੇ ਪੱਛਮੀ ਦੇਸ਼ ਹੁਣ ਰੂਸ ਤੋਂ ਆਪਣੀ ਸੁਰੱਖਿਆ ਲਈ ਖਤਰਾ ਮਹਿਸੂਸ ਕਰਨ ਲੱਗ ਪਏ ਹਨ। ਖਾਸ ਤੌਰ ‘ਤੇ ਜਰਮਨੀ, ਪੋਲੈਂਡ, ਫਰਾਂਸ ਅਤੇ ਇੰਗਲੈਂਡ ਨੂੰ ਆਪਣਾ ਸੈਨਿਕ ਖਰਚਾ 20 ਤੋਂ 30% ਤੱਕ ਵਧਾਉਣਾ ਪੈ ਰਿਹਾ ਹੈ। ਇਸ ਤੋਂ ਪਹਿਲਾਂ ਕਿ ਵਿਸ਼ਵ ‘ਤੇ ਕੋਈ ਹੋਰ ਸੰਕਟ ਆਵੇ ਜਾਂ ਇਹ ਜੰਗ ਹੋਰ ਦੇਸ਼ਾਂ ਨੂੰ ਆਪਣੀ ਚਪੇਟ ਵਿੱਚ ਲੈ ਲਵੇ, ਇਸ ਦਾ ਕੋਈ ਸਰਵ ਪ੍ਰਵਾਨਿਤ ਹੱਲ ਨਿਕਲਣਾ ਚਾਹੀਦਾ ਹੈ।

# ਅਫ਼ਗਾਨਸਤਾਨ: ਕਿੰਨਾ ਔਖਾ ਹੈ ਚਿਹਰਾ ਢੱਕ ਕੇ ਟੀ.ਵੀ. ’ਤੇ ਖ਼ਬਰਾਂ ਪੜ੍ਹਨਾ



ਪ੍ਰੋ. ਕੁਲਬੀਰ ਸਿੰਘ
9417153513

ਅਫ਼ਗਾਨਸਤਾਨ ਵਿਚ ਟੈਲੀਵਿਜ਼ਨ ’ਤੇ ਖ਼ਬਰਾਂ ਪੜ੍ਹਨ ਵਾਲੀਆਂ ਲੜਕੀਆਂ ਲਈ ਸਮੇਂ-ਸਮੇਂ ਸਖ਼ਤ ਹਦਾਇਤਾਂ ਜਾਰੀ ਹੁੰਦੀਆਂ ਰਹਿੰਦੀਆਂ ਹਨ ਪਰੰਤੂ ਬੀਤੇ ਦਿਨੀਂ ਇਹ ਸਖਤੀ ਹੋਰ ਵਧਾ ਦਿੱਤੀ ਗਈ ਹੈ। ਉਨ੍ਹਾਂ ਨੂੰ ਕਿਹਾ ਗਿਆ ਹੈ ਕਿ ਖ਼ਬਰਾਂ ਪੜ੍ਹਦੇ ਵੇਲੇ ਚਿਹਰਾ ਢੱਕਿਆ ਹੋਣਾ ਚਾਹੀਦਾ ਹੈ। ਇਸਦਾ ਸਿੱਧਾ ਅਸਰ ਸ਼ੋਸ਼ਲ ਮੀਡੀਆ ’ਤੇ ਵੀ ਵੇਖਣ ਨੂੰ ਮਿਲਿਆ ਹੈ।

ਅਫ਼ਗਾਨਸਤਾਨ ਦੁਨੀਆਂ ਦੇ ਬੇਹੱਦ ਗ਼ਰੀਬ ਦੇਸ਼ਾਂ ਵਿਚੋਂ ਇਕ ਹੈ। ਮਨੁੱਖਾ ਜੀਵਨ ਲਈ ਮੁੱਢਲੀਆਂ ਸਹੂਲਤਾਂ ਤੋਂ ਵੀ ਸੱਖਣੇ ਇਸ ਮੁਲਕ ਵਿਚ ਔਰਤ ’ਤੇ ਕੀਤੀ ਜਾ ਰਹੀ ਸਖਤੀ ਨੇ ਸਾਰੇ ਰਿਕਾਰਡ ਤੋੜ ਦਿੱਤਾ ਹਨ। ਘਰੋਂ ਬਾਹਰ ਨਿਕਲਣ ਦੀ ਹੀ ਮਨਾਹੀ ਹੈ। ਬਹੁਤ ਜ਼ਰੂਰੀ ਹੋਣ ’ਤੇ ਹੀ ਘਰੋਂ ਬਾਹਰ ਜਾਣਾ ਹੈ ਅਤੇ ਪੈਰਾਂ ਤੋਂ ਸਿਰ ਤੱਕ ਢੱਕ ਕੇ ਜਾਣਾ ਹੈ। ਇਨਬਿਨ ਇਹੀ ਹਦਾਇਤਾਂ ਟੈਲੀਵਿਜ਼ਨ ’ਤੇ ਬਤੌਰ ਨਿਊਜ਼ ਰੀਡਰ ਕੰਮ ਕਰਨ ਵਾਲੀਆਂ ਲੜਕੀਆਂ ਲਈ ਜਾਰੀ ਕੀਤੀਆਂ ਗਈਆਂ ਹਨ। ਬੀਤੇ ਦਿਨੀਂ ਮੂੰਹ ਸਿਰ ਢੱਕ ਕੇ ਟੈਲੀਵਿਜ਼ਨ ’ਤੇ ਖ਼ਬਰਾਂ ਪੜ੍ਹ ਰਹੀਆਂ ਲੜਕੀਆਂ ਦੀਆਂ ਤਸਵੀਰਾਂ ਅਖਬਾਰਾਂ ਵਿਚ ਪ੍ਰਕਾਸ਼ਿਤ ਹੋਈਆਂ ਦੁਨੀਆਂ ਨੇ ਦੇਖੀਆਂ ਹਨ। ਇਕ ਪਾਸੇ ਇਹ ਔਰਤ ਦੀ ਆਜ਼ਾਦੀ ਅਤੇ ਅਧਿਕਾਰਾਂ ਦਾ ਮਾਮਲਾ ਹੈ ਦੂਸਰੇ ਪਾਸੇ ਟੈਲੀਵਿਜ਼ਨ ’ਤੇ ਇਸ ਢੰਗ ਨਾਲ ਕਿੰਨੀ ਕੁ ਦੇਰ ਸੇਵਾਵਾਂ ਜਾਰੀ ਰੱਖੀਆਂ ਜਾ ਸਕਦੀਆਂ ਹਨ। ਭਾਵੇਂ ਅਜਿਹੀਆਂ ਹਦਾਇਤਾਂ ਸਬੰਧਤ ਮਹਿਕਮੇ ਵੱਲੋਂ ਜਾਰੀ ਨਹੀਂ ਹੋਈਆਂ ਹਨ। ਫਿਰ ਵੀ ਬਹੁਤੀਆਂ ਨਿਊਜ਼ ਰੀਡਰ ਮੂੰਹ ਸਿਰ ਢੱਕ ਕੇ ਹੀ ਖ਼ਬਰਾਂ ਪੜ੍ਹ ਰਹੀਆਂ ਹਨ। ਮਰਦ ਨਿਊਜ਼ ਰੀਡਰ ਮਾਸਕ ਪਹਿਨ ਕੇ ਖ਼ਬਰਾਂ ਪੜ੍ਹ ਰਹੇ ਹਨ। ਪੈਦਾ ਹੋਏ ਇਸ ਮਾਹੌਲ ਵਿਰੁੱਧ ਸ਼ੋਸ਼ਲ ਮੀਡੀਆ ’ਤੇ ਆਵਾਜ਼ ਉਠਾਈ ਜਾ ਰਹੀ ਹੈ। ਇਕ ਮੀਡੀਆ ਅਦਾਰੇ ਦੇ ਕਰਮਚਾਰੀਆਂ ਦੀ ਬੀਤੇ ਦਿਨੀਂ ਇਕ ਗਰੁੱਪ ਫੋਟੋ ਸਾਹਮਣੇ ਆਈ ਹੈ ਜਿਸ ਵਿਚ ਮਰਦ ਨਿਊਜ਼ ਰੀਡਰ, ਔਰਤ ਨਿਊਜ਼ ਰੀਡਰਾਂ ਦੀ ਹਮਾਇਤ ਵਿਚ ਸਾਹਮਣੇ ਆਏ ਹਨ। ਤਸਵੀਰ ਵਿਚ ਸਾਰੇ ਮਰਦ ਨਿਊਜ਼ ਰੀਡਰਾਂ ਨੇ ਮਾਸਕ ਪਹਿਨੇ ਹੋਏ ਹਨ ਜਦਕਿ ਔਰਤ ਨਿਊਜ਼ ਰੀਡਰ ਨੰਗੇ ਮੂੰਹ ਨਜ਼ਰ ਆ ਰਹੀਆਂ ਹਨ। ਨਾ ਉਨ੍ਹਾਂ ਨੇ ਚਿਹਰਾ ਢੱਕਿਆ ਹੈ ਅਤੇ ਨਾ ਮਾਸਕ ਪਹਿਨਿਆ ਹੈ। ਟੈਲੀਵਿਜ਼ਨ ਅਜਿਹਾ ਮਾਧਿਅਮ ਹੈ ਜਿੱਥੇ ਚਿਹਰਾ ਢੱਕ ਕੇ ਖ਼ਬਰਾਂ ਪੜ੍ਹਨ ਦੀ ਕੋਈ ਤੁਕ ਨਹੀਂ ਹੈ। ਇਹ ਸਮਝ ਤੋਂ ਬਾਹਰ ਹੈ।



ਔਰਤ ਪੱਤਰਕਾਰਾਂ ਦਾ ਸਵਾਲ ਹੈ ਕਿ ਕੀ ਉਹ ਇਸਤ੍ਰੀ ਅਧਿਕਾਰਾਂ ਦੇ, ਦੁਨੀਆਂ ਦੇ ਸੱਭ ਤੋਂ ਗੰਭੀਰ ਤੇ ਗਹਿਰੇ ਸੰਕਟ ਦਾ ਸਾਹਮਣਾ ਕਰ ਰਹੀਆਂ ਹਨ ? ਪਰੰਤੂ ਤਾਲਿਬਾਨ ਟੱਸ ਤੋਂ ਮੱਸ ਹੋਣ ਲਈ ਤਿਆਰ ਨਹੀਂ ਹੈ। ਬਹੁਤ ਸਾਰੀਆਂ ਇਸਤ੍ਰੀ ਨਿਊਜ਼ ਰੀਡਰਾਂ ਨੇ ਇਥੋਂ ਤੱਕ ਕਹਿ ਦਿੱਤਾ ਹੈ ਕਿ ਉਹ ਚਿਹਰਾ ਢੱਕ ਕੇ ਖ਼ਬਰਾਂ ਨਹੀਂ ਪੜ੍ਹ ਸਕਦੀਆਂ। ਚਿਹਰੇ ’ਤੇ ਕੱਪੜਾ ਲਪੇਟ ਕੇ ਉਹ ਘੰਟਿਆਂ ਤੱਕ ਡਿਊਟੀ ਨਹੀਂ ਨਿਭਾ ਸਕਦੀਆਂ। ਮਾਸਕ ਜਾਂ ਕੱਪੜਾ ਬੋਲਣ ਅਤੇ ਸਾਹ ਲੈਣ ਦੀ ਪ੍ਰਕਿਰਿਆ ਨੂੰ ਬੁਰੀ ਤਰ੍ਹਾਂ ਪ੍ਰਭਾਵਤ ਕਰਦਾ ਹੈ। ਇਕ ਨੇ ਤਾਂ ਇਥੋਂ ਤੱਕ ਕਹਿ ਦਿੱਤਾ ਕਿ ਅਸੀਂ ਇਸ ਸਭ ਲਈ ਮਾਨਸਿਕ ਤੌਰ ’ਤੇ ਤਿਆਰ ਨਹੀਂ ਹਾਂ ਕਿ ਕੋਈ ਸਾਨੂੰ ਮੂੰਹ ਢੱਕਣ ਲਈ ਮਜ਼ਬੂਰ ਕਰੇ। ਉਹ ਪ੍ਰੈਸ ਨੋਟ ਜਾਰੀ ਕਰਕੇ ਆਪਣੀਆਂ ਨੌਕਰੀਆਂ ਦੀ ਸੁਰੱਖਿਆ ਪ੍ਰਤੀ ਸ਼ੰਕੇ ਪ੍ਰਗਟ ਕਰ ਰਹੀਆਂ ਹਨ। ਬਹੁਤ ਸਾਰੀਆਂ ਲੜਕੀਆਂ ਪਹਿਲਾਂ ਹੀ ਆਪਣੀ ਨੌਕਰੀ ਗਵਾ ਚੁੱਕੀਆਂ ਹਨ। ਅੱਧੇ ਤੋਂ ਵੱਧ ਔਰਤ ਪੱਤਰਕਾਰਾਂ ਦਾ ਕਰੀਅਰ ਬਰਬਾਦ ਹੋ ਚੁੱਕਾ ਹੈ।

ਬਹੁਤ ਸਾਰੇ ਟੈਲੀਵਿਜ਼ਨ ਪ੍ਰੋਗਰਾਮ, ਐਂਕਰ ਜਾਂ ਮਾਹਿਰ ਦੀ ਵਜ੍ਹਾ ਕਾਰਨ ਰੱਦ ਕਰਨੇ ਪੈਂਦੇ ਹਨ। ਚਿਹਰਾ ਢੱਕਣ ਵਾਲਾ ਮੁੱਦਾ ਰੁਕਾਵਟ ਬਣ ਜਾਂਦਾ ਹੈ। ਵਿਰੋਧ ਕਰਦੇ ਸਮੇਂ ਬਹੁਤੇ ਐਂਕਰ ਆਪਣੀ ਪਛਾਣ ਉਜਾਗਰ ਨਹੀਂ ਕਰਨੀ ਚਾਹੁੰਦੇ। ਬਹੁਤਿਆਂ ਦਾ ਕਹਿਣਾ ਹੈ ਕਿ ਟੈਲੀਵਿਜ਼ਨ ’ਤੇ ਚਿਹਰਾ ਢੱਕ ਕੇ ਖ਼ਬਰਾਂ ਪੜ੍ਹਨਾ ਬੇਹੱਦ ਮੁਸ਼ਕਲ ਅਤੇ ਤਕਲੀਫ਼ਦਾਇਕ ਹੈ। ਇਕ ਨਿਊਜ਼ ਰੀਡਰ ਨੇ ਕਿਹਾ ਕਿ ਇਹ ਇਵੇਂ ਹੈ ਜਿਵੇਂ ਮੇਰਾ ਗਲਾ ਕਿਸੇ ਨੇ ਦਬਾਇਆ ਹੋਵੇ ਅਤੇ ਮੈਂ ਬੋਲ ਨਾ ਸਕਦਾ ਹੋਵਾਂ। ਫਿਰ ਵੀ ਉਨ੍ਹਾਂ ਕਿਹਾ ਅਸੀਂ ਓਨੀ ਦੇਰ ਇਸੇ ਤਰ੍ਹਾਂ ਕੰਮ ਕਰਦੇ ਰਹਾਂਗੇ ਜਦ ਤੱਕ ਤਾਲਿਬਾਨ ਇਸ ’ਤੇ ਪੁਨਰ-ਵਿਚਾਰ ਨਹੀਂ ਕਰਦੇ। ਸਾਰੇ ਮਰਦ ਨਿਊਜ਼ ਰੀਡਰ ਔਰਤਾਂ ਦੀ ਹਮਾਇਤ ਵਿਚ ਮਾਸਕ ਲਾ ਕੇ ਖ਼ਬਰਾਂ ਪੜ੍ਹ ਰਹੇ ਹਨ। ਇਹ ਆਪਸੀ ਏਕੇ ਤੇ ਹਮਦਰਦੀ ਦੀ ਇਕ ਅਨੂਠੀ ਉਦਾਹਰਨ ਹੈ ਕਿਉਂਕਿ ਵਧੇਰੇ ਕਰਕੇ ਵਿਰੋਧ ਜਾਂ ਰੋਸ ਔਰਤਾਂ ਵੱਲੋਂ ਹੀ ਪ੍ਰਗਟਾਇਆ ਜਾ ਰਿਹਾ ਹੈ।

ਇਕ ਨਿਊਜ਼ ਰੀਡਰ ਨੇ ਆਪਣੀਆਂ ਭਾਵਨਾਵਾਂ ਪ੍ਰਗਟ ਕਰਦੇ ਹੋਏ ਕਿਹਾ- ਇਹ ਸੱਭ ਸਾਨੂੰ ਕਿਧਰ ਲੈ ਜਾਵੇਗਾ ? ਸਾਰਾ ਮੁਲਕ ਬੁਰਕੇ ਅੰਦਰ ਬੰਦ ਹੈ। ਅਸੀਂ ਆਪਣੇ ਗੁੱਸੇ ਤੇ ਜਜ਼ਬਾਤਾਂ ਨੂੰ ਕਿੱਥੇ ਛੁਪਾ ਲਈਏ ? ਇਕ ਹੋਰ ਨਿਊਜ਼ ਰੀਡਰ ਨੇ ਕਿਹਾ ਅਸੀਂ ਨੌਕਰੀ ਛੱਡ ਕੇ ਨਹੀਂ ਭੱਜਾਂਗੇ ਕਿਉਂਕਿ ਅਸੀਂ ਉਨ੍ਹਾਂ ਬੇਅਵਾਜ਼ਿਆਂ ਦੀ ਆਵਾਜ਼ ਹਾਂ ਜਿਨ੍ਹਾਂ ਨੂੰ ਸਕੂਲ, ਕਾਲਜ ਜਾਣ ਦੀ ਆਗਿਆ ਨਹੀਂ ਹੈ। ਜਿਹੜੇ ਆਪਣੇ ਕੰਮ ’ਤੇ ਨਹੀਂ ਜਾ ਸਕਦੇ। ਅਜੀਬ ਸਥਿਤੀ ਬਣ ਗਈ ਹੈ। ਟੈਲੀਵਿਜ਼ਨ ’ਤੇ ਖ਼ਬਰਾਂ ਪੜ੍ਹਨੀਆਂ ਹਨ ਅਤੇ ਪੜ੍ਹਨੀਆਂ ਚਿਹਰਾ ਢੱਕ ਕੇ ਹਨ। ਅਜਿਹਾ ਇਸ ਧਰਤੀ ’ਤੇ ਕੇਵਲ ਅਫ਼ਗਾਨਸਤਾਨ ਵਿਚ ਵੇਖਿਆ ਜਾ ਸਕਦਾ ਹੈ। ਨਿਊਜ਼ ਐਂਕਰ ਪ੍ਰੇਸ਼ਾਨ ਹਨ। ਸਿਰ ਫੜ੍ਹ ਕੇ ਬੈਠ ਜਾਂਦੀਆਂ ਹਨ।

ਬੀਤੇ ਸ਼ਨਿਚਰਵਾਰ ਇਹ ਫਰਮਾਨ ਜਾਰੀ ਹੋਇਆ ਸੀ। ਪਹਿਲੇ ਦਿਨ ਇਸਦਾ ਵਿਰੋਧ ਹੋਇਆ ਪਰੰਤੂ ਐਤਵਾਰ ਤੋ ਫ਼ਰਮਾਨ ਇਨਬਿਨ ਲਾਗੂ ਹੋ ਗਿਆ ਕਿਉਂਕਿ ਚੈਨਲਾਂ ’ਤੇ ਦਬਾਅ ਵਧ ਰਿਹਾ ਸੀ ਕਿ ਜਿਹੜੀ ਨਿਊਜ਼ ਰੀਡਰ ਚਿਹਰਾ ਢੱਕਣ ਲਈ ਸਹਿਮਤ ਨਹੀਂ ਉਸਨੂੰ ਕੋਈ ਹੋਰ ਕੰਮ ਦੇ ਦਿੱਤਾ ਜਾਵੇ। 1996 ਤੋਂ 2001 ਤੱਕ ਵੀ ਤਾਲਿਬਾਨ ਦੀ ਸਰਕਾਰ ਸੀ। ਉਦੋਂ ਵੀ ਅਜਿਹੀਆਂ ਸਖ਼ਤੀਆਂ ਸਨ ਪਰੰਤੂ ਹੁਣ ਜਦ ਅਮਰੀਕਾ ਦੀਆਂ ਫੌਜਾਂ ਅਫ਼ਗਾਨਸਤਾਨ ’ਚੋਂ ਗਈਆਂ ਤਾਂ ਤਾਲਿਬਾਨ ਕਹਿ ਰਹੇ ਸਨ ਕਿ ਉਹ ਆਪਣੀ ਪਿਛਾਂਹ- ਖਿਚੂ ਸੋਚ ਤਿਆਗ ਦੇਣਗੇ। ਇਕ ਸਾਲ ਬੀਤ ਗਿਆ ਹੈ। ਸਖਤੀਆਂ ਵਧਦੀਆਂ ਹੀ ਜਾ ਰਹੀਆਂ ਹਨ। ਚਿਹਰਾ ਢੱਕ ਕੇ ਟੀ.ਵੀ. ’ਤੇ ਖ਼ਬਰਾਂ ਪੜ੍ਹਨੀਆਂ, ਮੀਡੀਆ ’ਤੇ ਸਖ਼ਤੀਆਂ ਦਾ ਸਿਖ਼ਰ ਹੈ।

## ਮਹਿੰਗਾਈ ਦੇ ਮੁੱਦੇ 'ਤੇ ਹਾਊਸ ਆਫ਼ ਕਾਮਨਜ਼ ਵਿੱਚ ਤਿੱਖੀ ਬਹਿਸ ਇਸ ਤਰਾਂ ਹੁੰਦੀ ਹੈ।

ਕੈਲਗਰੀ (ਪੰਜਾਬੀ ਅਖ਼ਬਾਰ ਬਿਊਰੋ) ਤੇਜ਼ੀ ਨਾਲ ਵਧ ਰਹੀ ਮਹਿੰਗਾਈ ਦਾ ਮੁੱਦਾ ਹਾਊਸ ਆਫ ਕਾਮਨਜ਼ ਵਿੱਚ ਵੀ ਰੋਜ਼ਾਨਾ ਹੀ ਚਰਚਾ ਦਾ ਵਿਸ਼ਾ ਬਣ ਜਾਂਦਾ ਹੈ ਅਤੇ ਵਿਰੋਧੀ ਧਿਰਾਂ ਵੱਲੋਂ ਜਸਟਿਨ ਟਰੂਡੋ ਦੀ ਅਗਵਾਈ ਵਾਲੀ ਲਿਬਰਲ ਸਰਕਾਰ ਨੂੰ ਘੇਰਨ ਦਾ ਯਤਨ ਕੀਤਾ ਜਾਂਦਾ ਹੈ। ਪ੍ਰਸ਼ਨ ਕਾਲ ਦੇ ਦੌਰਾਨ ਕੰਜ਼ਰਵੇਟਿਵ ਪਾਰਟੀ ਦੀ ਅੰਤਰਿਮ ਆਗੂ ਕੈਂਡਿਸ ਬਰਗਨ ਨੇ ਮਹਿੰਗਾਈ ਦੀ ਸਥਿਤੀ ਦੀ ਚਰਚਾ ਕਰਦਿਆਂ ਆਖਿਆ ਕਿ ਕੈਨੇਡਾ ਦੇ 38 ਫ਼ੀਸਦੀ ਲੋਕ ਅੱਜ ਆਪਣੀ ਸਿਹਤ ਬੱਚਿਆਂ ਜਾਂ ਰਿਸ਼ਤਿਆਂ ਤੋਂ ਜ਼ਿਆਦਾ ਪੈਸੇ ਨੂੰ ਲੈ ਕੇ ਚਿੰਤਤ ਹਨ। ਵੀਹ ਫ਼ੀਸਦੀ ਲੋਕ ਆਪਣਾ ਖਾਣਾ ਸਕਿੱਪ ਕਰ ਰਹੇ ਹਨ । ਕੈਂਡਿਸ ਨੇ ਆਖਿਆ ਕਿ ਇਹ ਲੋਕ ਲਿਬਰਲ ਸਰਕਾਰ ਕੋਲੋਂ ਕੋਈ ਵਾਧੂ ਚੈਂਕ ਨਹੀਂ ਭਾਲ ਰਹੇ ਸਗੋਂ ਉਹ ਗੈਸ ਫੂਡ ਅਤੇ ਹਾਊਸਿੰਗ ਦੀਆਂ ਕੀਮਤਾਂ ਹੇਠਾਂ ਆਈਆਂ ਵੇਖਣੀਆਂ ਚਾਹੁੰਦੇ ਹਨ। ਇਸ ਦੇ ਜਵਾਬ ਵਿੱਚ ਉਪ ਪ੍ਰਧਾਨ ਮੰਤਰੀ ਕ੍ਰਿਸਟੀਆ ਫਰੀਲੈਂਡ ਨੇ ਆਖਿਆ ਕਿ ਅਫੋਰਡੇਬਲਟੀ ਲਈ ਕੈਨੇਡਾ ਦੇ ਜ਼ਿਆਦਾਤਰ ਲੋਕ ਨੌਕਰੀਆਂ ਨੂੰ ਮਹੱਤਤਾ ਦਿੰਦੇ ਹਨ ਅਤੇ ਕੈਨੇਡਾ ਨੇ ਕੋਰੋਨਾ ਮਹਾਂਮਾਰੀ ਤੋਂ ਬਾਅਦ 115 ਫ਼ੀਸਦੀ ਨੌਕਰੀਆਂ ਰਿਕਵਰ ਕੀਤੀਆਂ ਹਨ ਜਦੋਂ ਕਿ ਅਮਰੀਕਾ ਵਿੱਚ ਇਹ ਦਰ 96 ਫ਼ੀਸਦੀ ਹੈ । ਇਸਦੇ ਨਾਲ ਹੀ ਉਨ੍ਹਾਂ ਆਖਿਆ ਕਿ ਇਸ ਵਕਤ ਕੈਨੇਡਾ ਵਿੱਚ ਬੇਰੁਜ਼ਗਾਰੀ ਦੀ ਦਰ 5.12 ਫ਼ੀਸਦੀ ਹੈ ਜੋ ਕਿ ਸਭ ਤੋਂ ਹੇਠਲੇ ਪੱਧਰ ਤੇ ਹੈ ।

ਟਰੱਕ ਡਰਾਈਵਰਾਂ ਲਈ ਖੁਸ਼ਖ਼ਬਰੀ
ਕੰਮ ਤੋਂ ਬਾਦ ਆਪਣੇ ਟਰੱਕ ਨੂੰ ਰਾਤ ਸਮੇਂ ਕਿਸੇ ਸੁਰੱਖਿਅਤ ਯਾਰਡ ਵਿੱਚ ਹੀ ਪਾਰਕ ਕਰਨਾ ਚਾਹੁੰਦੇ ਹੋ।
ਰੇਟ ਵੀ ਸਸਤਾ ਹੋਵੇ
ਤੁਹਾਡੇ ਕੰਮ ਸੁਰੂ ਕਰਨ ਵਾਲੇ ਏਰੀਆ ਦੇ ਨੇੜੇ ਹੋਵੇ
ਗਰੈਵਲ ਟਰੱਕ 125 ਡਾਲਰ
ਟਰੈਕਟਰ 100 ਡਾਲਰ
ਫਲੀਟ ਲਈ ਚੰਗੇ ਰੇਟ
ਮਿਲ ਸਕਦੇ ਹਨ ਅਸੀਂ ਵਾਅਦਾ ਕਰਦੇ
ਹਾਂ ਜਦੋਂ ਤੁਸੀਂ ਸਾਨੂੰ ਕਾਲ ਕਰੋਂਗੇ ਤਾਂ **ਕੈਲਗਰੀ** ਵਿੱਚ
ਤੁਹਾਡੇ ਟਰੱਕ ਨੂੰ ਸੁਰੱਖਿਅਤ ਪਾਰਕਿੰਗ ਮਿਲ ਜਾਵੇਗੀ
ਈਸਟਹਿੱਲ ਸਟੋਰੇਜ ਹੁਣ ਖੁੱਲ ਗਿਆ ਹੈ
ਕਾਲ ਕਰੋ: ਜੌਹਨ 403 618 3076
EAST HILLS STORAGE

ਜੇ ਕੌਸਕੋ ਸਟੋਰ ਵਿੱਚੋਂ ਦੁੱਧ ਵਾਲੀਆਂ ਕੈਨੀਆਂ, ਪੈਪਸੀ, ਕੋਕ, ਜੂਸ, ਲਿਕਰ ਲੈਣ ਚੱਲੇ ਹੋ ਤਾਂ
ਪਹਿਲਾਂ ਘਰ ਪਈਆਂ ਖਾਲੀ ਕੈਨੀਆਂ ਅਤੇ ਜੂਸ ਵਾਲੇ ਡੱਬੇ ਵੀ ਗੱਡੀ ਵਿੱਚ ਰੱਖ ਲਓ
ਕਿਉਂਕਿ ਬੋਤਲ ਡਿਪੂ ਹੁਣ ਕੈਲਗਰੀ ਵਿੱਚ ਸਟੋਨੀ ਟਰੇਲ ਤੋਂ
17 ਐਵਨਿਊ ਚੈਸਟਰਮੀਅਰ ਵੱਲ ਨਿਕਲਦਿਆਂ ਹੀ
ਕੌਸਕੋ ਸਟੋਰ ਦੇ ਬਿਲਕੁੱਲ ਸਾਹਮਣੇ ਹੀ ਖੁੱਲ ਗਿਆ।
ਇਹਨਾਂ ਨੂੰ ਸੁਪਰਵਾਈਜ਼ਰ/ਬੋਤਲ ਸੌਰਟਰ
ਵਰਕਰਾਂ ਦੀ ਵੀ ਲੋੜ ਹੈ
ਪੰਜਾਬੀ ਬੋਲਣ ਵਾਲਾ ਸਟਾਫ
East Hill Bottle Depot Ltd.
Call: 403 975 0128
55 East Hill Blvd (Front of new Costco at 17 ave SE.) Calgary(AB)

NEW WAVE OPTICAL
#7-200-52nd Street NE Calgary, AB T2A-4K8
PH: 403-290-0307 FAX: 403-290-0306
Email: newwaveoptical@yahoo.com
Unbeatable Price!
All Type of Frames!
"Online" prices in store!
Complete Eyewear, Contact lenses and Sunglasses!
For more info call:
Sandeep Pandher
MANAGER
at 403-999-2500

# ਕਾਗਜ਼ੀ ਵਿਚੋਲਪੁਣਾ

### ਲੜਕੀ ਦੀ ਲੋੜ

ਪੰਜਾਬ ਰਹਿੰਦੇ ਜੱਟ ਸਿੱਖ ਸਿੱਧੂ ਪਰਿਵਾਰ ਦੇ ਸੋਹਣੇ ਸੁਨੱਖੇ ਲੜਕੇ ਉਮਰ 25 ਸਾਲ, ਕੱਦ 6 ਫੁੱਟ, ਲਈ ਕਨੇਡੀਅਨ ਪੀ ਆਰ ਜਾਂ ਸਿਟੀਜਨ ਲੜਕੀ ਦੇ ਰਿਸ਼ਤੇ ਦੀ ਲੋੜ ਹੈ। ਲੜਕਾ ਪੂਰਾ ਵੈਸ਼ਨੂੰ ਹੈ ਅਤੇ ਉਸ ਨੇ ਸਿਵਲ ਇੰਜੀਨੀਅਰ ਦਾ ਡਿਪਲੋਮਾ ਕੀਤਾ ਹੋਇਆ ਹੈ। ਸਟੂਡੈਂਟ ਵੀਜਾ ਜਾਂ ਵਰਕ ਪਰਮਿਟ ਵਾਲੀ ਲੜਕੀ ਵੀ ਸੰਪਰਕ ਕਰ ਸਕਦੀ ਹੈ। ਕਾਲ: 403 680 6801 ***203***

### ਲੜਕੇ ਦੀ ਲੋੜ

ਇੰਡੀਆ ਤੋਂ ਇੰਗਲੈਂਡ (ਲੰਡਨ) ਵਿੱਚ ਪੜ੍ਹਨ ਲਈ ਆਈ ਹਿੰਦੂ ਅਰੋੜਾ ਪਰਿਵਾਰ ਦੀ ਲੜਕੀ ਲਈ ਕਨੇਡੀਅਨ ਸਿਟੀਜਨ ਜਾਂ ਪੀ ਆਰ ਲੜਕੇ ਦੇ ਰਿਸ਼ਤੇ ਦੀ ਲੋੜ ਹੈ। ਲੜਕੀ ਮੰਗਲੀਕ ਨਹੀ ਅਤੇ ਉਸਦੀ ਉਮਰ 31 ਸਾਲ ਹੈ। ਲੜਕੀ ਦੀ ਪੜ੍ਹਾਈ ਪੂਰੀ ਹੋ ਚੁੱਕੀ ਹੈ ਅਤੇ ਹੁਣ ਵਾਪਿਸ ਜਾਕੇ ਵਿਆਹ ਇੰਡੀਆ ਵਿੱਚ ਕਰਨਾ ਹੈ। ਪਰਿਵਾਰ ਵਿੱਚ ਲੜਕੀ ਦੀ ਮਾਂ ਹੈ ਅਤੇ ਲੜਕੀ ਦਾ ਨਾਨਕਾ ਪਰਿਵਾਰ ਕਨੇਡਾ ਸੈਟਲ ਹੈ। ਜਾਤਪਾਤ ਦਾ ਕੋਈ ਬੰਧਨ ਨਹੀਂ । ਵਰਕ ਪਰਮਿਟ ਉੱਪਰ ਆਏ ਲੜਕੇ ਬਾਰੇ ਵੀ ਵਿਚਾਰ ਕੀਤਾ ਜਾ ਸਕਦਾ ਹੈ। ਸੰਪਰਕ: 780 257 2020 ***203***

### ਲੜਕੀ ਦੀ ਲੋੜ

Looking for a suitable girl for Canadian citizen Ramgharia boy, age 29 years, height - 5'9. Education - Diploma in business - finance 2 years, Red seal autobody technician 4 years. Work - autobody refinisher in an autobody Shop. Living in Canada for 10 years. Contact: 403-880-4806, 403-607-0413 ***203***

### ਜੀਵਨ ਸਾਥੀ ਦੀ ਲੋੜ

ਜੱਟ ਸਿੱਖ ਪਰਿਵਾਰ ਨਾਲ ਸਬੰਧਿਤ ਕਨੇਡਾ ਵਿਜਟਿਰ ਵੀਜੇ ਉੱਪਰ ਆਈ ਵਿਧਵਾ ਉਮਰ 41 ਸਾਲ ,ਕੱਦ 5 ਫੁੱਟ 4 ਇੰਚ,ਵਿਦਿਅਕ ਯੋਗਤਾ ਪਲੱਸ 2 ਲਈ ਹਾਣ ਪਰਵਾਣ ਦੀ ਉਮਰ ਦੇ ਕਨੇਡੀਅਨ ਪੀ ਆਰ ਜਾਂ ਸਿਟੀਜਨ ਜੀਵਨ ਸਾਥੀ ਦੀ ਲੋੜ ਹੈ। ਪਹਿਲੇ ਪਰਿਵਾਰ ਵਿੱਚੋਂ ਉਹ 18 ਸਾਲ ਦੀ ਬੇਟੀ ਦੀ ਮਾਂ ਹੈ । ਬੇਟੀ ਵੀ ਕਨੇਡਾ ਸਟੂਡੈਂਟ ਵੀਜੇ ਉੱਪਰ ਪੜ੍ਹਾਈ ਕਰ ਰਹੀ ਹੈ। ਸੰਪਰਕ: 403 605 5484 ਜਾਂ 403 604 0254 ***200***

### ਲੜਕੀ ਦੀ ਲੋੜ

ਕਨੇਡੀਅਨ ਸਿਟੀਜਨ ਵਿੱਲੋਂ ਪਰਿਵਾਰ Well known Dhillon family in Bathinda city, Upper Middle Class ਦੇ ਸੋਹਣੇ ਸੁਨੱਖੇ ਸਰਕਾਰੀ ਜੌਬ ਕਰਦੇ ਲੜਕੇ ਉਮਰ 29 ਸਾਲ, ਕੱਦ 5 ਫੁੱਟ 11 ਇੰਚ, ਲਈ ਹਾਣ ਪ੍ਰਵਾਣ ਦੀ ਲੜਕੀ ਦੇ ਰਿਸ਼ਤੇ ਦੀ ਲੋੜ ਹੈ। ਸੰਪਰਕ: 1 204 298 5591***198***

### ਲੜਕੀ ਦੀ ਲੋੜ

ਕਨੇਡਾ ਵਰਕ ਪਰਮਿਟ ਉੱਪਰ ਆਏ ਜੱਟ ਸਿੱਖ ਦਿਉਲ ਪਰਿਵਾਰ ਦੇ ਲੜਕੇ ਉਮਰ 35 ਸਾਲ ,ਕੱਦ 5 ਫੁੱਟ 7 ਇੰਚ, ਲਈ ਕਨੇਡੀਅਨ ਪੀਆਰ ਜਾਂ ਸਿਟੀਜਨ ਲੜਕੀ ਦੇ ਰਿਸ਼ਤੇ ਦੀ ਲੋੜ ਹੈ । ਡਿਵੋਰਸ ਵਾਲੀ ਲੜਕੀ ਵੀ ਸੰਪਰਕ ਕਰ ਸਕਦੀ ਹੈ। ਕਾਲ: 1 778 682 4844 ਜਾਂ 1 431 998 0513 ***201***

### ਲੜਕੀ ਦੀ ਲੋੜ

